ADVERTISE YOUR BUSINESS HERE
+91-9878-55-2070

ਨਾ ਰੁਕੇ, ਨਾ ਝੁਕੇ

# ਸਭ ਤੋਂ ਫਾਸਟ ਆਹਮੋ-ਸਾਹਮਣੇ

SABSE FAST AAMNE SAAMNE

Rni No Punpun 2015/60599
1-7 February 2026
ਕੀਮਤ : 5 ਰੁਪਏ

ਸਾਲ 2026 / ਸੰਪਾਦਕ : ਐੱਸ. ਕੇ. ਸਕਸੈਨਾ / ਈ-ਮੇਲ : editoraamnesaamne@gmail.com/ ਮੋਬਾਈਲ : 9878552070, 9780802013

ADVERTISE YOUR BUSINESS HERE
+91-9878-55-2070

## ਸੋਸ਼ਲ ਮੀਡੀਆ 'ਤੇ ਗਲਤ ਜਾਣਕਾਰੀ ਰੋਕਣ ਲਈ ਨੀਤੀ ਬਣਾਈ ਜਾਵੇ : ਸ਼ੁਕਲਾ

ਨਵੀਂ ਦਿੱਲੀ, ਏਜੰਸੀ

ਕਾਂਗਰਸ ਦੇ ਸੰਸਦ ਮੈਂਬਰ ਰਾਜੀਵ ਸ਼ੁਕਲਾ ਨੇ ਅੱਜ ਸਰਕਾਰ ਨੂੰ ਅਪੀਲ ਕੀਤੀ ਕਿ ਗਲਤ ਜਾਣਕਾਰੀ ਦੇ ਪਸਾਰ ਨੂੰ ਰੋਕਣ ਲਈ ਉਹ ਆਨਲਾਈਨ ਸੋਸ਼ਲ ਮੀਡੀਆ ਪਲੈਟਫਾਰਮਾਂ ਲਈ ਠੋਸ ਨੀਤੀ ਲੈ ਕੇ ਆਵੇ। ਰਾਜ ਸਭਾ ਵਿੱਚ ਸਿਫ਼ਰ ਕਾਲ ਦੌਰਾਨ ਇਹ ਮੁੱਦਾ ਚੁੱਕਦੇ ਹੋਏ ਸ਼ੁਕਲਾ ਨੇ ਕਿਹਾ



ਕਿ ਸਰਕਾਰ ਵੱਲੋਂ ਸੋਸ਼ਲ ਮੀਡੀਆ 'ਤੇ ਗਲਤ ਜਾਣਕਾਰੀ ਫੈਲਾਉਣ ਅਤੇ ਵਿਅਕਤੀਆਂ ਦੇ ਅਕਸ ਨੂੰ ਖਰਾਬ ਕਰਨ ਲਈ ਕੋਈ ਜ਼ਿੰਮੇਵਾਰੀ ਤੈਅ ਨਹੀਂ ਕੀਤੀ ਗਈ ਹੈ। ਉਨ੍ਹਾਂ ਹਾਲੀਆ ਘਟਨਾ ਦਾ ਹਵਾਲਾ ਦਿੱਤਾ, ਜਿਸ ਵਿੱਚ ਇੱਕ ਕੋਰੀਅਨ ਆਨਲਾਈਨ ਗੇਮ ਦੇ ਪ੍ਰਭਾਵ ਹੇਠ ਤਿੰਨ ਨਾਬਾਲਗ ਲੜਕੀਆਂ ਨੇ ਖ਼ੁਦਕੁਸ਼ੀ ਕਰ ਲਈ। ਉਨ੍ਹਾਂ ਮੰਗ ਕੀਤੀ ਕਿ ਝੂਠ ਅਤੇ ਗਲਤ ਤੱਥ ਫੈਲਾਉਣ ਲਈ ਆਨਲਾਈਨ ਪਲੈਟਫਾਰਮਾਂ ਦੀ ਜਵਾਬਦੇਹੀ ਤੈਅ ਕਰਨ ਸਬੰਧੀ ਨੀਤੀ ਬਣਾਈ ਜਾਵੇ। ਉਨ੍ਹਾਂ ਸਵਾਲ ਕੀਤਾ, "ਡਿਜੀਟਲ ਭਰਮ, ਗੈਰ-ਯਥਾਰਥਵਾਦੀ ਉਮੀਦਾਂ ਅਤੇ ਆਨਲਾਈਨ ਦਬਾਅ ਹੇਠ ਟੁੱਟ ਚੁੱਕੇ ਨਾਬਾਲਗ ਦੀ ਮਾਨਸਿਕ ਸਿਹਤ ਦੀ ਰੱਖਿਆ ਕਰਨਾ ਕਿਸ ਦੀ ਜ਼ਿੰਮੇਵਾਰੀ ਹੈ?"

## ਮੁੱਖ ਮੰਤਰੀ ਨੇ ਸੂਬੇ ਦੀ ਸ਼ਾਨਦਾਰ ਸੱਭਿਆਚਾਰਕ ਵਿਰਾਸਤ ਨੂੰ ਬਰਕਰਾਰ ਰੱਖਣ ਦੀ ਵਚਨਬੱਧਤਾ ਦੁਹਰਾਈ

### ਮਹਿੰਦਰ ਸਿੰਘ ਰੰਧਾਵਾ ਸਾਹਿਤ ਅਤੇ ਕਲਾ ਉਤਸਵ ਵਿੱਚ ਹੋਏ ਸ਼ਾਮਲ

ਐਸ.ਕੇ. ਸਕਸੈਨਾ

ਚੰਡੀਗੜ੍ਹ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਬਰਕਰਾਰ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਮੁੱਖ ਮੰਤਰੀ ਨੇ ਪੰਜਾਬ ਕਲਾ ਪ੍ਰੀਸ਼ਦ, ਚੰਡੀਗੜ੍ਹ ਵੱਲੋਂ ਕਰਵਾਏ 'ਮਹਿੰਦਰ ਸਿੰਘ ਰੰਧਾਵਾ ਸਾਹਿਤ ਅਤੇ ਕਲਾ ਉਤਸਵ' ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸ਼ੁਰੂ ਤੋਂ ਹੀ ਸੱਭਿਅਤਾ ਦਾ ਕੇਂਦਰ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਸਾਨੂੰ ਸਖ਼ਤ ਮਿਹਨਤ ਅਤੇ ਹਿੰਮਤ ਦੇ ਨਾਲ-ਨਾਲ ਇੱਕ ਅਮੀਰ ਸੱਭਿਆਚਾਰਕ ਵਿਰਾਸਤ ਮਿਲੀ ਹੈ। ਪੰਜਾਬ ਕਲਾ ਪ੍ਰੀਸ਼ਦ ਦੇ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਜਿਹੀਆਂ ਕੋਸ਼ਿਸ਼ਾਂ ਸਮੇਂ ਦੀ ਲੋੜ ਹਨ ਤਾਂ ਜੋ ਸਾਡੀਆਂ ਨੌਜਵਾਨ ਪੀੜ੍ਹੀਆਂ ਨੂੰ ਸਾਡੇ ਅਮੀਰ ਸੱਭਿਆਚਾਰ ਤੋਂ ਜਾਣੂ ਕਰਵਾਇਆ ਜਾ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਇਹ ਸਮਾਗਮ ਇੱਕ ਅਜਿਹੀ ਸ਼ਖ਼ਸੀਅਤ ਨੂੰ ਸਮਰਪਿਤ ਹੈ ਜਿਹਨਾਂ ਨੇ ਪੰਜਾਬ ਦੇ ਲੋਕਾਂ ਅੰਦਰ ਉਮੀਦ ਦੀ ਕਿਰਨ ਜਗਾਈ ਸੀ। ਡਾ. ਮਹਿੰਦਰ ਸਿੰਘ ਰੰਧਾਵਾ ਨੂੰ ਆਪਣੇ ਦਿਲ ਦੀਆਂ ਗਹਿਰਾਈਆਂ ਤੋਂ ਯਾਦ ਕਰਦਿਆਂ, ਭਗਵੰਤ ਸਿੰਘ ਮਾਨ ਨੇ ਉਨ੍ਹਾਂ ਨੂੰ 1947 ਦੀ ਦੇਸ਼ ਦੀ ਵੰਡ ਤੋਂ ਬਾਅਦ ਆਧੁਨਿਕ ਪੰਜਾਬ ਦਾ ਨਿਰਮਾਤਾ ਦੱਸਿਆ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਜ਼ਿਲ੍ਹੇ ਨਾਲ ਸਬੰਧਿਤ ਡਾ. ਰੰਧਾਵਾ ਇੱਕ ਯੋਗ ਪ੍ਰਸ਼ਾਸਕ ਹੋਣ ਦੇ ਨਾਲ ਇੱਕ ਦਾਰਸ਼ਨਿਕ ਵੀ ਸਨ। ਮੁੱਖ ਮੰਤਰੀ ਨੇ ਕਿਹਾ ਕਿ ਡਾ. ਰੰਧਾਵਾ ਸੂਝ ਅਤੇ ਸਹਿਣਸ਼ੀਲਤਾ ਵਰਗੇ ਗੁਣਾਂ ਨਾਲ ਭਰਪੂਰ ਸਨ ਅਤੇ ਉਨ੍ਹਾਂ ਨੂੰ ਪਤਾ ਸੀ ਕਿ ਜੇਕਰ ਕਿਸੇ ਕੌਮ ਦਾ ਪੇਟ ਖਾਲੀ ਹੈ ਤਾਂ ਉਹ ਲੜ ਨਹੀਂ ਸਕਦੀ ਪਰ ਜੇਕਰ ਉਸਦੀ ਰੂਹ ਖਾਲੀ ਹੈ ਤਾਂ ਉਹ ਖਤਮ ਹੋ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਇਸ ਲਈ ਇੱਕ ਪਾਸੇ, ਡਾ. ਰੰਧਾਵਾ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀ ਸਥਾਪਨਾ ਕੀਤੀ ਅਤੇ ਦੂਜੇ ਪਾਸੇ, ਉਨ੍ਹਾਂ ਨੇ ਪੰਜਾਬ ਭਰ ਵਿੱਚ ਚੰਡੀਗੜ੍ਹ ਆਰਟ ਗੈਲਰੀ ਅਤੇ ਸੱਭਿਆਚਾਰਕ ਕੇਂਦਰ ਸਥਾਪਤ ਕੀਤੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਦੋਂ ਵੀ ਅਸੀਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਕਿਸਾਨਾਂ, ਸਾਹਿਤਕਾਰਾਂ ਅਤੇ 1947 ਦੀ ਵੰਡ ਦੌਰਾਨ ਉਜਾੜੇ ਗਏ ਲੋਕਾਂ ਦਾ ਸਾਥ ਦੇਣ ਵਾਲੀਆਂ ਸ਼ਖ਼ਸੀਅਤਾਂ ਦੀ ਗੱਲ ਕਰਦੇ ਹਾਂ ਤਾਂ ਸਾਡੇ ਮਨ ਵਿੱਚ ਸਿਰਫ਼ ਡਾ. ਰੰਧਾਵਾ ਦਾ ਨਾਮ ਆਉਂਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਹਰੀ ਕ੍ਰਾਂਤੀ ਦਾ ਸਿਹਰਾ ਡਾ. ਰੰਧਾਵਾ ਨੂੰ ਜਾਂਦਾ ਹੈ ਅਤੇ ਉਨ੍ਹਾਂ ਕਿਹਾ ਕਿ ਉਸ ਸਮੇਂ ਦੌਰਾਨ ਉਨ੍ਹਾਂ ਦੀ ਦੂਰਦਰਸ਼ੀ ਸੋਚ ਕਾਰਨ ਪੰਜਾਬ ਨੇ ਭਾਰਤ ਨੂੰ ਅਕਾਲ ਤੋਂ ਬਚਾਇਆ। ਡਾ. ਰੰਧਾਵਾ ਦਾ ਧੰਨਵਾਦ ਕਰਦਿਆਂ ਉਨ੍ਹਾਂ ਕਿਹਾ ਕਿ ਹਰੀ ਕ੍ਰਾਂਤੀ 'ਅਨਾਜ' ਅਤੇ 'ਕਿਸਾਨ' ਉੱਤੇ ਨਿਰਭਰ ਕਰਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੱਜ ਦਾ ਸਮਾਗਮ ਕੋਈ ਰਾਜਨੀਤਿਕ ਇਕੱਠ ਨਹੀਂ, ਸਗੋਂ ਇਹ ਪੰਜਾਬੀ ਮਾਂ ਬੋਲੀ ਅਤੇ ਭਾਸ਼ਾ ਦੇ ਵਿਕਾਸ ਦਾ ਉਤਸਵ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹਰ ਵਿਅਕਤੀ ਨੂੰ ਆਪਣੀ ਮਾਂ ਬੋਲੀ ਨੂੰ ਹਰ ਮਾਧਿਅਮ ਰਾਹੀਂ ਉਤਸ਼ਾਹਿਤ ਕਰਨਾ ਚਾਹੀਦਾ ਹੈ, ਉਨ੍ਹਾਂ ਕਿਹਾ ਕਿ ਇਸ ਨੇਕ ਕਾਰਜ ਲਈ ਸੂਬਾ ਸਰਕਾਰ ਵਚਨਬੱਧ ਹੈ। ਉਨ੍ਹਾਂ ਨੇ ਉਨ੍ਹਾਂ ਦੇ ਜੀਵਨ ਅਤੇ ਕਰੀਅਰ 'ਤੇ ਕਵਿਤਾ, ਸਾਹਿਤ, ਕਲਾ ਅਤੇ ਸੱਭਿਆਚਾਰ ਦੇ ਡੂੰਘੇ ਪ੍ਰਭਾਵ ਨੂੰ ਵੀ ਯਾਦ ਕੀਤਾ। ਭਗਵੰਤ ਸਿੰਘ ਮਾਨ ਨੇ ਸੰਤ ਰਾਮ ਉਦਾਸੀ, ਦਵਿੰਦਰ ਸਤਿਆਰਥੀ, ਰਸੂਲ ਹਮਜ਼ਾਤੋਵ, ਨਰਿੰਦਰ ਕਪੂਰ, ਕੀਟਸ, ਸ਼ਿਵ ਬਟਾਲਵੀ ਅਤੇ ਕਈ ਹੋਰਨਾਂ ਮਹਾਨ ਹਸਤੀਆਂ ਨੂੰ ਸਾਹਿਤ, ਕਲਾ ਅਤੇ ਸੱਭਿਆਚਾਰ ਦੇ ਖੇਤਰਾਂ ਵਿੱਚ ਉਨ੍ਹਾਂ ਦੇ ਅਥਾਹ ਯੋਗਦਾਨ ਲਈ ਯਾਦ ਕੀਤਾ।




## ਵਪਾਰ ਸਮਝੌਤਾ 'ਮੇਕ ਇਨ ਇੰਡੀਆ' ਨੂੰ ਮਜ਼ਬੂਤ ਕਰੇਗਾ: ਪ੍ਰਧਾਨ ਮੰਤਰੀ ਮੋਦੀ

### ਕਿਹਾ ਉੱਦਮੀਆਂ ਲਈ ਨਵੇਂ ਮੌਕੇ ਪੈਦਾ ਹੋਣਗੇ

ਨਵੀਂ ਦਿੱਲੀ, ਏਜੰਸੀ



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ਨਿਚਰਵਾਰ ਨੂੰ ਕਿਹਾ ਕਿ ਅਮਰੀਕਾ ਨਾਲ ਅੰਤਰਿਮ ਵਪਾਰ ਸਮਝੌਤਾ ਕਿਸਾਨਾਂ ਅਤੇ ਉੱਦਮੀਆਂ ਲਈ ਨਵੇਂ ਮੌਕੇ ਖੋਲ੍ਹਦਿਆਂ 'ਮੇਕ ਇਨ ਇੰਡੀਆ' ਨੂੰ ਮਜ਼ਬੂਤ ਕਰੇਗਾ ਅਤੇ ਔਰਤਾਂ ਤੇ ਨੌਜਵਾਨਾਂ ਲਈ ਰੋਜ਼ਗਾਰ ਪੈਦਾ ਕਰੇਗਾ। ਪ੍ਰਧਾਨ ਮੰਤਰੀ ਨੇ ਭਾਰਤ ਅਤੇ ਅਮਰੀਕਾ ਵਿਚਾਲੇ ਮਜ਼ਬੂਤ ਸਬੰਧਾਂ ਲਈ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੀ ਨਿੱਜੀ ਵਚਨਬੱਧਤਾ ਲਈ ਉਨ੍ਹਾਂ ਦਾ ਧੰਨਵਾਦ ਵੀ ਕੀਤਾ। ਮੋਦੀ ਨੇ ਐਕਸ (X) 'ਤੇ ਇੱਕ ਪੋਸਟ ਵਿੱਚ ਕਿਹਾ,÷ਭਾਰਤ ਅਤੇ ਅਮਰੀਕਾ ਲਈ ਬਹੁਤ ਵਧੀਆ ਖ਼ਬਰ !ਅਸੀਂ ਆਪਣੇ ਦੋਵਾਂ ਮਹਾਨ ਦੇਸ਼ਾਂ ਵਿਚਕਾਰ ਇੱਕ ਅੰਤਰਿਮ ਵਪਾਰ ਸਮਝੌਤੇ ਲਈ ਫਰੇਮਵਰਕ 'ਤੇ ਸਹਿਮਤ ਹੋ ਗਏ ਹਾਂ।÷ ਉਨ੍ਹਾਂ ਕਿਹਾ ਕਿ ਇਹ ਫਰੇਮਵਰਕ ਭਾਰਤ-ਅਮਰੀਕਾ ਭਾਈਵਾਲੀ ਦੀ ਵਧਦੀ ਡੂੰਘਾਈ, ਵਿਸ਼ਵਾਸ ਅਤੇ ਗਤੀਸ਼ੀਲਤਾ ਨੂੰ ਦਰਸਾਉਂਦਾ ਹੈ। ਪ੍ਰਧਾਨ ਮੰਤਰੀ ਨੇ ਕਿਹਾ,÷ਇਹ ਭਾਰਤ ਦੇ ਮਿਹਨਤੀ ਕਿਸਾਨਾਂ,ਉੱਦਮੀਆਂ, MSMEs, ਸਟਾਰਟਅੱਪ ਇਨੋਵੇਟਰਾਂ, ਮਛੇਰਿਆਂ ਅਤੇ ਹੋਰਾਂ ਲਈ ਨਵੇਂ ਮੌਕੇ ਖੋਲ੍ਹ ਕੇ 'ਮੇਕ ਇਨ ਇੰਡੀਆ' ਨੂੰ ਮਜ਼ਬੂਤ ਕਰਦਾ ਹੈ। ਇਹ ਔਰਤਾਂ ਅਤੇ ਨੌਜਵਾਨਾਂ ਲਈ ਵੱਡੇ ਪੱਧਰ 'ਤੇ ਰੋਜ਼ਗਾਰ ਪੈਦਾ ਕਰੇਗਾ।÷ ਮੋਦੀ ਨੇ ਕਿਹਾ ਕਿ ਭਾਰਤ ਅਤੇ ਸੰਯੁਕਤ ਰਾਜ ਅਮਰੀਕਾ ਨਵੀਨਤਾ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧਤਾ ਸਾਂਝੀ ਕਰਦੇ ਹਨ ਅਤੇ ਇਹ ਫਰੇਮਵਰਕ ਦੋਵਾਂ ਦੇਸ਼ਾਂ ਵਿਚਕਾਰ ਨਿਵੇਸ਼ ਅਤੇ ਤਕਨਾਲੋਜੀ ਦੀ ਭਾਈਵਾਲੀ ਨੂੰ ਹੋਰ ਡੂੰਘਾ ਕਰੇਗਾ। ਉਨ੍ਹਾਂ ਕਿਹਾ ਕਿ ਇਹ ਫਰੇਮਵਰਕ ਲਚਕੀਲੇ ਅਤੇ ਭਰੋਸੇਮੰਦ ਸਪਲਾਈ ਚੇਨਾਂ ਨੂੰ ਵੀ ਮਜ਼ਬੂਤ ਕਰੇਗਾ ਅਤੇ ਵਿਸ਼ਵਵਿਆਪੀ ਵਿਕਾਸ ਵਿੱਚ ਯੋਗਦਾਨ ਪਾਵੇਗਾ। ਪ੍ਰਧਾਨ ਮੰਤਰੀ ਨੇ ਕਿਹਾ,÷ਜਿਵੇਂ ਕਿ ਭਾਰਤ 'ਵਿਕਸਿਤ ਭਾਰਤ' ਦੇ ਨਿਰਮਾਣ ਵੱਲ ਵਧ ਰਿਹਾ ਹੈ,ਅਸੀਂ ਵਿਸ਼ਵਵਿਆਪੀ ਭਾਈਵਾਲੀ ਬਣਾਉਣ ਲਈ ਵਚਨਬੱਧ ਹਾਂ ਜੋ ਭਵਿੱਖ-ਮੁਖੀ ਹੋਣ, ਸਾਡੇ ਲੋਕਾਂ ਨੂੰ ਸਸ਼ਕਤ ਬਣਾਉਣ ਅਤੇ ਸਾਂਝੀ ਖੁਸ਼ਹਾਲੀ ਵਿੱਚ ਯੋਗਦਾਨ ਪਾਉਣ।

## ਲੱਕੀ ਓਬਰਾਏ ਕਤਲ ਕੇਸ: ਡੀਜੀਪੀ ਗੌਰਵ ਯਾਦਵ ਨੇ ਵਾਰਦਾਤ ਵਾਲੀ ਥਾਂ ਦਾ ਲਿਆ ਜਾਇਜ਼ਾ; ਦੋਸ਼ੀਆਂ ਨੂੰ ਸਖ਼ਤ ਸਜ਼ਾ ਦਿਵਾਉਣ ਦਾ ਦਿੱਤਾ ਭਰੋਸਾ

### ਮੁੱਖ ਮੰਤਰੀ ਭਗਵੰਤ ਸਿੰਘ ਮਾਨ ਮਾਮਲੇ ਦੀ ਨਿੱਜੀ ਤੌਰ 'ਤੇ ਕਰ ਰਹੇ ਹਨ ਨਿਗਰਾਨੀ: ਡੀਜੀਪੀ ਗੌਰਵ ਯਾਦਵ

ਮਨਦੀਪ ਕੌਰ

ਚੰਡੀਗੜ੍ਹ/ਜਲੰਧਰ, ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਆਮ ਆਦਮੀ ਪਾਰਟੀ (ਆਪ) ਦੇ ਕਾਰਜਕਾਰੀ ਸਤਵਿੰਦਰਪਾਲ ਸਿੰਘ ਉਰਫ਼ ਲੱਕੀ ਓਬਰਾਏ ਦੇ ਕਤਲ ਸਬੰਧੀ ਚੱਲ ਰਹੀ ਜਾਂਚ ਦਾ ਜਾਇਜ਼ਾ ਲੈਣ ਲਈ ਨੇ ਅੱਜ ਜਲੰਧਰ ਵਿਖੇ ਸੀਨੀਅਰ ਪੁਲਿਸ ਅਧਿਕਾਰੀਆਂ ਨਾਲ ਉੱਚ-ਪੱਧਰੀ ਮੀਟਿੰਗ ਕੀਤੀ। ਉਨ੍ਹਾਂ ਨੇ ਖੁਦ ਵਾਰਦਾਤ ਵਾਲੀ ਥਾਂ 'ਤੇ ਜਾ ਕੇ ਮੌਕੇ ਦਾ ਜਾਇਜ਼ਾ ਵੀ ਲਿਆ। ਵਾਰਦਾਤ ਵਾਲੀ ਥਾਂ 'ਤੇ ਮੀਡੀਆ ਨਾਲ ਗੱਲਬਾਤ ਕਰਦਿਆਂ ਡੀਜੀਪੀ ਨੇ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਕਾਨੂੰਨ ਵਿਵਸਥਾ ਬਣਾਈ ਰੱਖਣ ਦੇ ਦ੍ਰਿੜ ਇਰਾਦੇ ਨੂੰ ਦੁਹਰਾਉਂਦਿਆਂ ਕਿਹਾ ਕਿ ਇਸ ਅਪਰਾਧ ਦੇ ਦੋਸ਼ੀਆਂ ਨੂੰ ਜਲਦ ਕਾਬੂ ਕਰਕੇ ਕਾਨੂੰਨ ਅਨੁਸਾਰ ਮਿਸਾਲੀ ਸਜ਼ਾ ਦਿਵਾਈ ਜਾਵੇਗੀ। ਇਸ ਦੌਰਾਨ ਉਨ੍ਹਾਂ ਦੇ ਨਾਲ ਜਲੰਧਰ ਦੇ ਪੁਲਿਸ ਕਮਿਸ਼ਨਰ (ਸੀਪੀ) ਧਨਪ੍ਰੀਤ ਕੌਰ ਵੀ ਮੌਜੂਦ ਸਨ। ਉਨ੍ਹਾਂ ਕਿਹਾ "ਮੁੱਖ ਮੰਤਰੀ ਸਾਹਿਬ ਨਿੱਜੀ ਤੌਰ 'ਤੇ ਮਾਮਲੇ ਦੀ ਨਿਗਰਾਨੀ ਕਰ ਰਹੇ ਹਨ ਅਤੇ ਉਨ੍ਹਾਂ ਨੂੰ ਲਗਾਤਾਰ ਘਟਨਾਕ੍ਰਮ ਬਾਰੇ ਅਪਡੇਟ ਦਿੱਤੇ ਜਾ ਰਹੇ ਹਨ"। ਜਾਣਕਾਰੀ ਅਨੁਸਾਰ, ਸਤਵਿੰਦਰਪਾਲ ਸਿੰਘ ਉਰਫ ਲੱਕੀ ਓਬਰਾਏ ਨੂੰ ਸ਼ੁੱਕਰਵਾਰ ਸਵੇਰੇ ਮਾਡਲ ਟਾਊਨ, ਜਲੰਧਰ ਦੇ ਗੁਰਦੁਆਰਾ ਸਿੰਘ ਸਭਾ ਪਾਰਕਿੰਗ ਵਿੱਚ ਇੱਕ ਚਿੱਟੀ ਐਕਟਿਵਾ 'ਤੇ ਆਏ ਅਣਪਛਾਤੇ ਹਮਲਾਵਰਾਂ ਨੇ ਗੋਲੀ ਮਾਰ ਦਿੱਤੀ ਸੀ, ਜਦੋਂ ਉਹ (ਲੱਕੀ) ਮੱਥਾ ਟੇਕ ਕੇ ਵਾਪਸ ਜਾ ਰਹੇ ਸਨ। ਪੀੜਤ ਨੇ ਬਾਅਦ ਵਿੱਚ ਦਮ ਤੋੜ ਦਿੱਤਾ । ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਪੇਸ਼ੇਵਰ ਅਤੇ ਵਿਗਿਆਨਕ ਢੰਗ ਨਾਲ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ, "ਅਸੀਂ ਹੁਣ ਤੱਕ ਹੋਈ ਤਫ਼ਤੀਸ਼ ਦੀ ਸਮੀਖਿਆ ਕੀਤੀ ਹੈ ਅਤੇ ਸ਼ੱਕੀਆਂ ਦੀਆ ਸਾਰੀਆਂ ਅਲਗਲੀਆਂ-ਪਿਛਲੀਆਂ ਗਤੀਵਿਧੀਆਂ 'ਤੇ ਨਜ਼ਰ ਰੱਖੀ ਜਾ ਰਹੀ ਹੈ।"



## ਪ੍ਰਧਾਨ ਮੰਤਰੀ ਨੇ ਦੇਵਨੀਮੋਰੀ ਦੇ ਪਵਿੱਤਰ ਅਵਸ਼ੇਸ਼ਾਂ ਦੀ ਪ੍ਰਦਰਸ਼ਨੀ ਦਾ ਉਦਘਾਟਨ ਕਰਨ ਲਈ ਸ੍ਰੀਲੰਕਾ ਦੇ ਰਾਸ਼ਟਰਪਤੀ ਦਾ ਧੰਨਵਾਦ ਕੀਤਾ

ਨਵੀਂ ਦਿੱਲੀ, ਏਜੰਸੀ

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਕੋਲੰਬੋ ਦੇ ਪਵਿੱਤਰ ਗੰਗਾਰਾਮਾਇਆ ਮੰਦਿਰ ਵਿੱਚ ਪਵਿੱਤਰ ਦੇਵਨੀਮੋਰੀ ਅਵਸ਼ੇਸ਼ਾਂ ਦੀ ਪ੍ਰਦਰਸ਼ਨੀ ਦਾ ਉਦਘਾਟਨ ਕਰਨ ਲਈ ਸ੍ਰੀਲੰਕਾ ਦੇ ਰਾਸ਼ਟਰਪਤੀ ਮਹਾਮਹਿਮ ਸ਼੍ਰੀ ਅਨੁਰਾ ਕੁਮਾਰਾ ਦੀਸਾਨਾਇਕੇ ਦਾ ਧੰਨਵਾਦ ਕੀਤਾ। ਪ੍ਰਧਾਨ ਮੰਤਰੀ ਨੇ ਯਾਦ ਕਰਵਾਇਆ ਕਿ ਅਪ੍ਰੈਲ 2025 ਵਿੱਚ ਉਨ੍ਹਾਂ ਦੀ ਸ੍ਰੀਲੰਕਾ ਯਾਤਰਾ ਦੇ ਦੌਰਾਨ ਇਹ ਫ਼ੈਸਲਾ ਲਿਆ ਗਿਆ ਸੀ ਕਿ ਇਨ੍ਹਾਂ ਪਵਿੱਤਰ ਅਵਸ਼ੇਸ਼ਾਂ ਨੂੰ ਸ੍ਰੀਲੰਕਾ ਲਿਆਂਦਾ ਜਾਵੇਗਾ, ਜਿਸ ਨਾਲ ਲੋਕਾਂ ਨੂੰ ਸ਼ਰਧਾਂਜਲੀ ਭੇਟ ਕਰਨ ਦਾ ਮੌਕਾ ਮਿਲੇਗਾ। ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਅਤੇ ਸ੍ਰੀਲੰਕਾ ਸਦੀਆਂ ਤੋਂ ਚੱਲੀ ਆ ਰਹੀ ਸਾਂਝੀ ਵਿਰਾਸਤ ਅਤੇ ਸਭਿਆਚਾਰਕ ਆਦਾਨ-ਪ੍ਰਦਾਨ ਨਾਲ ਮਜ਼ਬੂਤ ਹੁੰਦੇ ਡੂੰਘੇ ਸਭਿਅਤਾ ਅਤੇ ਅਧਿਆਤਮਿਕ ਸਬੰਧਾਂ ਨਾਲ ਬੱਝੇ ਹੋਏ ਹਨ। ਉਨ੍ਹਾਂ ਇਹ ਵੀ ਕਿਹਾ ਕਿ ਭਾਰਤ ਤੋਂ ਪਵਿੱਤਰ ਦੇਵਨੀਮੋਰੀ ਅਵਸ਼ੇਸ਼ ਸ੍ਰੀਲੰਕਾ ਵਿੱਚ ਪਹੁੰਚਾਉਣਾ ਦੋਵਾਂ ਦੇਸ਼ਾਂ ਦਰਮਿਆਨ ਅਟੁੱਟ ਅਧਿਆਤਮਿਕ ਰਿਸ਼ਤੇ ਦਾ ਪ੍ਰਮਾਣ ਹੈ। ਪ੍ਰਧਾਨ ਮੰਤਰੀ ਨੇ ਆਸ ਪ੍ਰਗਟ ਕੀਤੀ ਕਿ ਭਗਵਾਨ ਬੁੱਧ ਦਾ ਦਇਆ, ਸ਼ਾਂਤੀ ਅਤੇ ਸਦਭਾਵਨਾ ਦਾ ਸਦੀਵੀ ਸੰਦੇਸ਼ ਮਨੁੱਖਤਾ ਦਾ ਮਾਰਗ-ਦਰਸ਼ਨ ਕਰਦਾ ਰਹੇਗਾ ਅਤੇ ਸਰਹੱਦਾਂ ਤੋਂ ਪਾਰ ਏਕਤਾ ਅਤੇ ਸਮਝ ਨੂੰ ਉਤਸ਼ਾਹਿਤ ਕਰਦਾ ਰਹੇਗਾ। ਸ਼੍ਰੀ ਮੋਦੀ ਨੇ ਐਕਸ 'ਤੇ ਵੱਖ-ਵੱਖ ਪੋਸਟ ਵਿੱਚ ਲਿਖਿਆ ਕਿ "ਕੋਲੰਬੋ ਦੇ ਪਵਿੱਤਰ ਗੰਗਾਰਾਮਾਇਆ ਮੰਦਰ ਵਿੱਚ ਪਵਿੱਤਰ ਦੇਵਨੀਮੋਰੀ ਅਵਸ਼ੇਸ਼ਾਂ ਦੀ ਪ੍ਰਦਰਸ਼ਨੀ ਦਾ ਉਦਘਾਟਨ ਕਰਨ ਲਈ ਰਾਸ਼ਟਰਪਤੀ ਅਨੁਰਾ ਕੁਮਾਰਾ ਦੀਸਾਨਾਇਕੇ ਦਾ ਧੰਨਵਾਦ। ਅਪ੍ਰੈਲ, 2025 ਵਿੱਚ ਮੇਰੀ ਯਾਤਰਾ ਦੇ ਦੌਰਾਨ ਇਹ ਫ਼ੈਸਲਾ ਕੀਤਾ ਗਿਆ ਕਿ ਇਹ ਅਵਸ਼ੇਸ਼ ਸ੍ਰੀਲੰਕਾ ਲਿਆਂਦੇ ਜਾਣਗੇ, ਜਿਸ ਨਾਲ ਲੋਕਾਂ ਨੂੰ ਸ਼ਰਧਾਂਜਲੀ ਭੇਟ ਕਰਨ ਦਾ ਮੌਕਾ ਮਿਲੇਗਾ। ਸਾਡੇ ਦੇਸ਼ ਡੂੰਘੇ ਸਭਿਅਤਾ ਅਤੇ ਅਧਿਆਤਮਿਕ ਰਿਸ਼ਤੇ ਨਾਲ ਜੁੜੇ ਹੋਏ ਹਨ। ਭਗਵਾਨ ਬੁੱਧ ਦਾ ਦਇਆ, ਸ਼ਾਂਤੀ ਅਤੇ ਸਦਭਾਵਨਾ ਦਾ ਸਦੀਵੀ ਸੰਦੇਸ਼ ਮਨੁੱਖਤਾ ਦਾ ਮਾਰਗ-ਦਰਸ਼ਨ ਕਰਦਾ ਰਹੇਗਾ।




## ਦਿੱਲੀ ਵਿੱਚ 15 ਦਿਨਾਂ 'ਚ 509 ਮਹਿਲਾਵਾਂ ਲਾਪਤਾ

ਨਵੀਂ ਦਿੱਲੀ, ਏਜੰਸੀ

ਕੌਮੀ ਰਾਜਧਾਨੀ ਵਿੱਚ ਲਾਪਤਾ ਵਿਅਕਤੀਆਂ ਦੀਆਂ ਸ਼ਿਕਾਇਤਾਂ ਨੂੰ ਲੈ ਕੇ ਇੱਕ ਵੱਡੀ ਬਹਿਸ ਛਿੜ ਗਈ ਹੈ। ਆਮ ਆਦਮੀ ਪਾਰਟੀ ਨੇ ਸਿਰਫ਼ 15 ਦਿਨਾਂ ਵਿੱਚ 800 ਤੋਂ ਵੱਧ ਲੋਕਾਂ ਦੇ ਲਾਪਤਾ ਹੋਣ ਦੀ ਰਿਪੋਰਟ ਦਾ ਹਵਾਲਾ ਦਿੰਦੇ ਹੋਏ ਕਾਨੂੰਨ ਵਿਵਸਥਾ 'ਤੇ ਸਵਾਲ ਚੁੱਕੇ ਹਨ, ਜਦਕਿ ਪੁਲੀਸ ਨੇ ਇਨ੍ਹਾਂ ਦਾਅਵਿਆਂ ਨੂੰ ਖਾਰਜ ਕਰ ਦਿੱਤਾ ਹੈ। ਪੁਲੀਸ ਦਾ ਕਹਿਣਾ ਹੈ ਕਿ ਲਾਪਤਾ ਵਿਅਕਤੀਆਂ ਦੀਆਂ ਰਿਪੋਰਟਾਂ ਵਿੱਚ ਕੋਈ ਵਾਧਾ ਨਹੀਂ ਹੋਇਆ ਹੈ, ਸਗੋਂ ਪਿਛਲੇ ਸਾਲਾਂ ਦੀ ਇਸੇ ਮਿਆਦ ਦੇ ਮੁਕਾਬਲੇ ਜਨਵਰੀ ਵਿੱਚ ਇਹ ਅੰਕੜਾ ਘਟਿਆ ਹੈ। ਦਿੱਲੀ ਪੁਲੀਸ ਦੇ ਜਨਸੰਪਰਕ ਵਿਭਾਗ ਦੇ ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਨਿਰਧਾਰਤ ਸਟੈਂਡਰਡ ਓਪਰੇਟਿੰਗ ਪ੍ਰੋਸੀਜ਼ਰ ਦੇ ਅਨੁਸਾਰ, ਅਜਿਹੇ ਸਾਰੇ ਮਾਮਲਿਆਂ ਵਿੱਚ ਲਾਪਤਾ ਵਿਅਕਤੀਆਂ ਦਾ ਪਤਾ ਲਗਾਉਣ ਲਈ ਤੁਰੰਤ ਯਤਨ ਕੀਤੇ ਜਾਂਦੇ ਹਨ, ਜਿਸ ਵਿੱਚ ਲਾਪਤਾ ਬੱਚਿਆਂ ਦੇ ਮਾਮਲਿਆਂ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾਂਦੀ ਹੈ।

## ਸਰਕਾਰੀ ਸਕੂਲਾਂ ਨੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਮੈਡੀਟੇਸ਼ਨ ਨੂੰ ਅਪਣਾਇਆ : ਹਰਜੋਤ ਬੈਂਸ

### ਪਾਇਲਟ ਪ੍ਰੋਜੈਕਟ ਵਜੋਂ ਮੋਹਾਲੀ ਦੇ ਸਕੂਲਾਂ ਵਿੱਚ ਸ਼ੁਰੂ ਕੀਤੇ 'ਰੋਜ਼ਾਨਾ ਮੈਡੀਟੇਸ਼ਨ ਪ੍ਰੋਗਰਾਮ' ਦੇ ਸਕਾਰਾਤਮਕ ਨਤੀਜੇ ਸਾਹਮਣੇ ਆਉਣ ਲੱਗੇ: ਹਰਜੋਤ ਬੈਂਸ

ਪੰਕਜ

ਚੰਡੀਗੜ੍ਹ, ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਮੋਹਾਲੀ ਜ਼ਿਲ੍ਹੇ ਦੇ ਸਰਕਾਰੀ ਅੱਪਰ-ਪ੍ਰਾਇਮਰੀ ਸਕੂਲਾਂ ਨੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਵੱਡੀ ਤੇ ਨਵੇਕਲੀ ਪੁਲਾਂਘ ਪੁੱਟਦਿਆਂ 'ਰੋਜ਼ਾਨਾ ਮੈਡੀਟੇਸ਼ਨ ਪ੍ਰੋਗਰਾਮ' ਦੀ ਸ਼ੁਰੂਆਤ ਕੀਤੀ ਹੈ। ਸ. ਹਰਜੋਤ ਸਿੰਘ ਬੈਂਸ ਅਤੇ ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਇੰਚਾਰਜ ਸ਼ ?ਰੀ ਮਨੀਸ਼ ਸਿਸੋਦੀਆ, ਨੇ ਅੱਜ ਮੋਹਾਲੀ ਵਿੱਚ ਇੱਕ ਵਰਕਸ਼ਾਪ ਦੌਰਾਨ ਸਕੂਲ ਮੁਖੀਆਂ ਅਤੇ ਪ੍ਰਿੰਸੀਪਲਾਂ ਨਾਲ ਵਿਚਾਰ ਵਟਾਦਰਾ ਕੀਤਾ। ਸਿੱਖਿਆ ਮੰਤਰੀ ਨੇ ਵਿਦਿਆਰਥੀਆਂ ਦੀ ਤੰਦਰੁਸਤੀ ਵਧਾਉਣ ਦੇ ਉਦੇਸ਼ ਵਾਲੇ ' ਰੋਜ਼ਾਨਾ ਮੈਡੀਟੇਸ਼ਨ ਪ੍ਰੋਗਰਾਮ' ਦੇ ਲਾਗੂਕਰਨ ਅਤੇ ਪ੍ਰਭਾਵਾਂ ਬਾਰੇ ਵਰਕਸ਼ਾਪ 'ਚ ਮੌਜੂਦ ਲੋਕਾਂ ਨੂੰ ਜਾਣੂ ਕਰਵਾਇਆ। ਸ. ਬੈਂਸ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲਾਗੂ ਕੀਤੀ ਗਈ ਇਸ ਪਹਿਲਕਦਮੀ ਦੇ ਸਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਸਕੂਲ ਮੁੱਖੀਆਂ ਵੱਲੋਂ ਦਿੱਤੀ ਜਾਣਕਾਰੀ ਮੁਤਾਬਿਕ ਵਿਦਿਆਰਥੀਆਂ ਹੁਣ ਸ਼ਾਂਤ, ਇਕਾਗਰ ਅਤੇ ਭਾਵਾਨਾਤਮਕ ਤੌਰ 'ਤੇ ਮਜ਼ਬੂਤ ਹੋ ਰਹੇ ਹਨ। ਸ. ਬੈਂਸ ਨੇ ਦੁਹਰਾਇਆ ਕਿ ਸੂਬਾ ਸਰਕਾਰ ਦੀ ਯੋਜਨਾ ਹੈ ਕਿ ਅਜਿਹੀਆਂ ਸਾਕਾਰਤਮਕ ਪਹਿਲਕਦਮੀਆਂ ਸੂਬੇ ਭਰ ਵਿੱਚ ਲਾਗੂ ਕੀਤੀਆਂ ਜਾਣ । ਨਿਊ ਇੰਡੀਆ ਲਿਟਰੇਸੀ ਪ੍ਰੋਗਰਾਮ (ਐਨ.ਆਈ.ਐਲ.ਪੀ.) ਵਰਗੇ ਵਿਦਿਅਕ ਸੁਧਾਰਾਂ 'ਤੇ ਧਿਆਨ ਕੇਂਦਰਿਤ ਕਰਦਿਆਂ ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਪਾਇਲਟ ਪ੍ਰੋਜੈਕਟ 19 ਜਨਵਰੀ, 2026 ਨੂੰ ਸ਼ੁਰੂ ਕੀਤਾ ਗਿਆ ਸੀ। ਜਿਸ ਤਹਿਤ ਰੋਜ਼ਾਨਾ ਅਭਿਆਸ ਵਿੱਚ ਸਵੇਰ ਦੀ ਸਭਾ ਤੋਂ ਬਾਅਦ 30-ਮਿੰਟ ਦਾ ਮੈਡੀਟੇਸ਼ਨ ਸੈਸ਼ਨ ਕਰਵਾਇਆ ਜਾਂਦਾ ਹੈ। ਇਕਸਾਰਤਾ ਅਤੇ ਨਿਰੰਤਰਤਾ ਯਕੀਨੀ ਬਣਾਉਣ ਲਈ ਜ਼ਿਲ੍ਹੇ ਦੇ ਸਕੂਲਾਂ ਵਿੱਚ ਸਾਢੇ ਇੱਕੀ (21) ਮਿੰਟ ਦਾ ਧਿਆਨ ਮਾਡਿਊਲ ਪ੍ਰਸਾਰਿਤ ਅਤੇ ਲਾਗੂ ਕੀਤਾ ਗਿਆ ਹੈ। ਸਿੱਖਿਅਕਾਂ ਨਾਲ ਗੱਲਬਾਤ ਕਰਦਿਆਂ ਸਿੱਖਿਆ ਮੰਤਰੀ ਨੇ ਕਿਹਾ, "ਸੱਚੀ ਸਿੱਖਿਆ ਸਿਰਫ਼ ਅਕਾਦਮਿਕ ਗਿਆਨ ਬਾਰੇ ਨਹੀਂ ਹੈ ਸਗੋਂ ਲਚਕੀਲੇ, ਭਾਵਨਾਤਮਕ ਤੌਰ 'ਤੇ ਦ੍ਰਿੜ ਅਤੇ ਇਕਾਗਰ ਵਿਅਕਤੀਆਂ 'ਤੇ ਕੇਂਦਰਿਤ ਹੁੰਦੀ ਹੈ। ਇਹ ਨਵੇਕਲੀ ਪਹਿਲ ਸਾਡੇ ਵਿਦਿਆਰਥੀਆਂ ਦੀ ਮਾਨਸਿਕ ਸਿਹਤ ਵਿੱਚ ਇੱਕ ਸੁਚੇਤ ਨਿਵੇਸ਼ ਹੈ। ਸ਼ੁਰੂਆਤੀ ਫੀਡਬੈਕ, ਮਾਨਸਿਕ ਸਥਿਰਤਾ ਵਿੱਚ ਵਾਧਾ ਅਤੇ ਇਕਾਗਰਤਾ ਨੂੰ ਦਰਸਾਉਂਦਾ ਹੈ, ਇਹ ਪੰਜਾਬ ਭਰ ਵਿੱਚ ਇੱਕ ਵਧੇਰੇ ਸਹਾਇਕ ਅਤੇ ਸਕਾਰਾਤਮਕ ਸਿੱਖਣ ਵਾਤਾਵਰਣ ਬਣਾਉਣ ਵਿੱਚ ਸਾਡੇ ਵਿਸ਼ਵਾਸ ਦਾ ਪ੍ਰਤੱਖ ਪ੍ਰਮਾਣ ਹੈ। ਸ਼੍ਰੀ ਮਨੀਸ਼ ਸਿਸੋਦੀਆ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਧਿਆਨ ਕਰਨ ਨਾਲ ਸਾਡੀ ਮਾਨਸਿਕ ਅਤੇ ਭਾਵਨਾਤਮਕ ਸਿਹਤ ਵਿਚ ਸੁਧਾਰ ਹੁੰਦਾ ਹੈ। ਉਨ੍ਹਾਂ ਸਕੂਲ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਰੋਜ਼ਾਨਾ ਧਿਆਨ ਪ੍ਰੋਗਰਾਮ ਨੂੰ ਸੁਹਿਰਦਤਾ ਨਾਲ ਲਾਗੂ ਕਰਨ ਅਤੇ ਇਹ ਯਕੀਨੀ ਬਣਾਉਣ ਕਿ ਇਹ ਹਰੇਕ ਵਿਦਿਆਰਥੀ ਤੱਕ ਇਸਦਾ ਲਾਭ ਪਹੁੰਚੇ ਤਾਂ ਜੋ ਉਨ੍ਹਾਂ ਦੇ ਸਮੁੱਚੇ ਵਿਕਾਸ ਅਤੇ ਤੰਦਰੁਸਤੀ ਵਿੱਚ ਵਾਧਾ ਹੋ ਸਕੇ। ਡੀਈਓ (ਸੈਕੰਡਰੀ) ਮੋਹਾਲੀ ਡਾ. ਗਿੰਨੀ ਦੁੱਗਲ ਨੇ ਹਿੱਸਾ ਲੈਣ ਵਾਲਿਆਂ ਦਾ ਸਵਾਗਤ ਕੀਤਾ ਅਤੇ ਪ੍ਰੋਗਰਾਮ ਦੇ ਲਾਭਾਂ 'ਤੇ ਚਾਨਣਾ ਪਾਇਆ।



## ਪੰਜਾਬ ਦੀ ਮੁੱਖ ਚੋਣ ਅਧਿਕਾਰੀ ਵੱਲੋਂ ਵੋਟਰ ਸੂਚੀ ਪ੍ਰਬੰਧਨ ਦੇ ਵੱਖ-ਵੱਖ ਪਹਿਲੂਆਂ ਦੀ ਸਮੀਖਿਆ

### ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ ਨਾਲ ਕੀਤੀ ਵੀਡੀਓ ਕਾਨਫਰੰਸ

ਐਸ. ਕੇ. ਸਕਸੈਨਾ

ਚੰਡੀਗੜ੍ਹ, ਪੰਜਾਬ ਦੀ ਮੁੱਖ ਚੋਣ ਅਧਿਕਾਰੀ ਅਨਿੰਦਿਤਾ ਮਿਤਰਾ ਨੇ ਕੱਲ੍ਹ ਸ਼ਾਮ ਸੂਬੇ ਦੇ ਸਾਰੇ ਜ਼ਿਲ੍ਹਾ ਚੋਣ ਅਧਿਕਾਰੀਆਂ-ਕਮ-ਡਿਪਟੀ ਕਮਿਸ਼ਨਰਾਂ ਨਾਲ ਮੀਟਿੰਗ ਕਰਕੇ ਵੋਟਰ ਸੂਚੀਆਂ ਦੇ ਪ੍ਰਬੰਧਨ ਸਬੰਧੀ ਵੱਖ-ਵੱਖ ਗਤੀਵਿਧੀਆਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਮੀਟਿੰਗ ਦੌਰਾਨ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਨੇ ਵੋਟਰ ਮੈਪਿੰਗ ਗਤੀਵਿਧੀਆਂ ਦਾ ਜਾਇਜ਼ਾ ਲੈਂਦਿਆਂ ਚੋਣ ਜਾਣਕਾਰੀ ਦੀ ਯੋਜਨਾਬੱਧ ਕਵਰੇਜ, ਸ਼ੁੱਧਤਾ ਅਤੇ ਸਮੇਂ ਸਿਰ ਅਪਡੇਸ਼ਨ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ-ਵਾਰ ਪ੍ਰਗਤੀ ਦੀ ਸਮੀਖਿਆ ਕੀਤੀ। ਮੀਟਿੰਗ ਮੌਕੇ ਉਨ੍ਹਾਂ ਨੇ ਚੰਗੀ ਤਰ੍ਹਾਂ ਪਛਾਣ 'ਚ ਨਾ ਆਉਣ ਵਾਲੀਆਂ ਫੋਟੋਆਂ ਅਤੇ ਗਲਤ ਐਂਟਰੀਆਂ ਨਾਲ ਸਬੰਧਤ ਮਾਮਲਿਆਂ ਨੂੰ ਹੱਲ ਕਰਨ 'ਤੇ ਵਿਸ਼ੇਸ਼ ਜ਼ੋਰ ਦਿੰਦਿਆਂ ਚੋਣ ਫਾਰਮਾਂ ਦੇ ਸੰਗ੍ਰਹਿ ਅਤੇ ਨਿਪਟਾਰੇ ਦੀ ਸਥਿਤੀ ਦੀ ਵੀ ਸਮੀਖਿਆ ਕੀਤੀ। ਇਸ ਦੌਰਾਨ ਜ਼ਿਲ੍ਹਾ ਅਧਿਕਾਰੀਆਂ ਨੂੰ ਨਿਰਧਾਰਤ ਪ੍ਰਕਿਰਿਆਵਾਂ ਦੇ ਅਨੁਸਾਰ ਸਖ਼ਤੀ ਨਾਲ ਅਜਿਹੇ ਮਾਮਲਿਆਂ ਦਾ ਤੁਰੰਤ ਨਿਪਟਾਰਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ। ਇਸਦੇ ਨਾਲ ਹੀ ਈ.ਆਰ.ਓ. ਨੈੱਟ 'ਤੇ ਅਰਜ਼ੀਆਂ ਦੀ ਪੈਂਡੈਂਸੀ 'ਤੇ ਵੀ ਵਿਸਤ੍ਰਿਤ ਚਰਚਾ ਕੀਤੀ ਗਈ ਅਤੇ ਮੁੱਖ ਚੋਣ ਅਧਿਕਾਰੀ ਨੇ ਵੋਟਰ ਸੂਚੀਆਂ ਦੀ ਇਕਸਾਰਤਾ ਅਤੇ ਦਰੁਸਤਤਾ ਨੂੰ ਬਣਾਈ ਰੱਖਣ ਲਈ ਨਿਰੰਤਰ ਨਿਗਰਾਨੀ ਅਤੇ ਇਸਦੇ ਤੇਜ਼ੀ ਨਾਲ ਨਿਪਟਾਰੇ ਦੀ ਲੋੜ 'ਤੇ ਜ਼ੋਰ ਦਿੱਤਾ। ਇਸ ਦੌਰਾਨ ਮੁੱਖ ਚੋਣ ਅਧਿਕਾਰੀ ਨੇ ਈਸੀਆਈ ਨੈੱਟ 'ਤੇ ÷ਬੁੱਕ ਏ ਕਾਲ÷ ਵਿਸ਼ੇਸ਼ਤਾ ਬਾਰੇ ਜਾਗਰੂਕਤਾ ਫੈਲਾਉਣ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ, ਜਿਸ ਤਹਿਤ ਬੂਥ ਲੈਵਲ ਅਫ਼ਸਰ (ਬੀਐਲਓ) ਪਾਰਦਰਸ਼ੀ ਅਤੇ ਸਮਾਂਬੱਧ ਸ਼ਿਕਾਇਤ ਨਿਵਾਰਣ ਲਈ ਵੋਟਰਾਂ ਨੂੰ ਕਾਲ-ਬੈਕ ਸਹਾਇਤਾ ਪ੍ਰਦਾਨ ਕਰਦੇ ਹਨ।



## ਸੰਪਾਦਕੀ

# ਨਕਲੀ ਚੀਜ਼ਾਂ ਦੀ ਭਰਮਾਰ



ਮੌਜੂਦਾ ਡਿਜੀਟਲ ਮੁਕਾਬਲੇ ਵਾਲੇ ਯੁੱਗ ਵਿੱਚ, ਵਿਸ਼ਵਵਿਆਪੀ ਅਰਥਵਿਵਸਥਾ ਦੇ ਵਿਸਥਾਰ ਦੇ ਨਾਲ, ਨਕਲੀ ਅਤੇ ਘਟੀਆ ਉਤਪਾਦਾਂ ਦਾ ਪ੍ਰਸਾਰ ਵੀ ਇੱਕ ਗੰਭੀਰ ਅੰਤਰਰਾਸ਼ਟਰੀ ਚੁਣੌਤੀ ਬਣ ਗਿਆ ਹੈ। ਭਾਵੇਂ ਇਹ ਦਵਾਈਆਂ, ਭੋਜਨ ਵਸਤੂਆਂ, ਖੇਤੀਬਾੜੀ ਇਨਪੁਟ, ਜਾਂ ਤਕਨੀਕੀ ਉਪਕਰਣ ਹੋਣ, ਨਕਲੀ ਵਸਤੂਆਂ ਦੀ ਵਰਤੋਂ ਨਾ ਸਿਰਫ਼ ਖਪਤਕਾਰਾਂ ਨੂੰ ਆਰਥਿਕ ਨੁਕਸਾਨ ਪਹੁੰਚਾਉਂਦੀ ਹੈ, ਸਗੋਂ ਉਨ੍ਹਾਂ ਦੀ ਸਿਹਤ, ਮਾਨਸਿਕ ਸੰਤੁਲਨ ਅਤੇ ਜੀਵਨ ਦੀ ਸਮੁੱਚੀ ਗੁਣਵੱਤਾ 'ਤੇ ਵੀ ਡੂੰਘਾ ਮਾੜਾ ਪ੍ਰਭਾਵ ਪਾਉਂਦੀ ਹੈ। ਵਿਅੰਗਾਤਮਕ ਤੌਰ 'ਤੇ, ਜਦੋਂ ਕਿ ਖਪਤਕਾਰਾਂ ਨੂੰ ਇਹ ਬਹੁਪੱਖੀ ਨੁਕਸਾਨ ਹੁੰਦਾ ਹੈ, ਇਸ ਗੈਰ-ਕਾਨੂੰਨੀ ਗਤੀਵਿਧੀ ਵਿੱਚ ਸ਼ਾਮਲ ਲੋਕਾਂ ਨੂੰ ਕਾਫ਼ੀ ਵਿੱਤੀ ਲਾਭ ਮਿਲਦਾ ਹੈ। ਇਸੇ ਲਈ ਇਹ ਵਿਸ਼ਵ ਪੱਧਰ 'ਤੇ ਮੰਨਿਆ ਜਾ ਰਿਹਾ ਹੈ ਕਿ ਨਕਲੀ ਉਤਪਾਦਾਂ ਦਾ ਮੁਕਾਬਲਾ ਕਰਨ ਲਈ ਸਿਰਫ਼ ਆਮ ਅਪਰਾਧਿਕ ਕਾਨੂੰਨ ਹੀ ਕਾਫ਼ੀ ਨਹੀਂ ਹਨ, ਸਗੋਂ ਖਾਸ ਖੇਤਰਾਂ ਲਈ ਖਾਸ ਅਤੇ ਸਖ਼ਤ ਕਾਨੂੰਨਾਂ ਦੀ ਲੋੜ ਹੈ। ਮੇਰਾ ਮੰਨਣਾ ਹੈ ਕਿ ਇਸ ਸਮੱਸਿਆ ਦਾ ਪ੍ਰਭਾਵ ਖੇਤੀਬਾੜੀ ਖੇਤਰ ਵਿੱਚ ਹੋਰ ਵੀ ਡੂੰਘਾ ਹੈ, ਕਿਉਂਕਿ ਇੱਥੇ ਨੁਕਸਾਨ ਖਪਤਕਾਰਾਂ ਤੋਂ ਪਰੇ ਹੈ ਪਰ ਭੋਜਨ ਸੁਰੱਖਿਆ, ਪੇਂਡੂ ਅਰਥਵਿਵਸਥਾ ਅਤੇ ਰਾਸ਼ਟਰੀ ਖੇਤੀਬਾੜੀ ਪ੍ਰਣਾਲੀ ਤੱਕ ਫੈਲਦਾ ਹੈ। ਨਕਲੀ ਜਾਂ ਘਟੀਆ ਬੀਜਾਂ ਦੀ ਵਰਤੋਂ ਕਿਸਾਨ ਦੀ ਪੂਰੀ ਫਸਲ, ਉਸਦੀ ਆਮਦਨ, ਕਰਜ਼ਿਆਂ ਦੀ ਅਦਾਇਗੀ ਕਰਨ ਦੀ ਉਸਦੀ ਯੋਗਤਾ ਅਤੇ ਅੰਤ ਵਿੱਚ ਉਸਦੀ ਮਾਨਸਿਕ ਸਿਹਤ ਨੂੰ ਪ੍ਰਭਾਵਤ ਕਰਦੀ ਹੈ। ਇਸ ਪਿਛੋਕੜ ਦੇ ਵਿਰੁੱਧ ਹੈ ਕਿ ਭਾਰਤ ਸਰਕਾਰ ਪ੍ਰਸਤਾਵਿਤ ਬੀਜ ਬਿੱਲ, 2025 ਪੇਸ਼ ਕਰ ਰਹੀ ਹੈ। ਇਸ ਵਿਧਾਨਕ ਯਤਨ ਦਾ ਉਦੇਸ਼ ਨਾ ਸਿਰਫ਼ ਨਕਲੀ ਬੀਜਾਂ ਨੂੰ ਰੋਕਣਾ ਹੈ, ਸਗੋਂ ਕਿਸਾਨਾਂ ਦੇ ਅਧਿਕਾਰਾਂ ਦੀ ਰੱਖਿਆ ਕਰਦੇ ਹੋਏ ਖੇਤੀਬਾੜੀ ਬਾਜ਼ਾਰ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਉਣਾ ਵੀ ਹੈ। ਬੀਜ ਬਿੱਲ, 2025, ਅਸਲ ਵਿੱਚ, 1966 ਦੇ ਪੁਰਾਣੇ ਬੀਜ ਐਕਟ ਨੂੰ ਬਦਲਣ ਦੀ ਕੋਸ਼ਿਸ਼ ਕਰਦਾ ਹੈ, ਜੋ ਮੌਜੂਦਾ ਸਮੇਂ ਦੀਆਂ ਜਟਿਲਤਾਵਾਂ ਅਤੇ ਬਾਜ਼ਾਰ ਹਕੀਕਤਾਂ ਨੂੰ ਪੂਰਾ ਕਰਨ ਲਈ ਅਯੋਗ ਸਾਬਤ ਹੋ ਰਿਹਾ ਸੀ। ਪਿਛਲੇ ਕੁਝ ਦਹਾਕਿਆਂ ਦੌਰਾਨ, ਬੀਜ ਉਦਯੋਗ ਦਾ ਤੇਜ਼ੀ ਨਾਲ ਵਿਸਥਾਰ ਹੋਇਆ ਹੈ, ਜਿਸ ਵਿੱਚ ਨਿੱਜੀ ਕੰਪਨੀਆਂ, ਹਾਈਬ੍ਰਿਡ ਅਤੇ ਸੁਧਰੀਆਂ ਕਿਸਮਾਂ, ਅੰਤਰਰਾਸ਼ਟਰੀ ਵਪਾਰ ਅਤੇ ਡਿਜੀਟਲ ਸਪਲਾਈ ਚੇਨ ਸ਼ਾਮਲ ਹਨ, ਪਰ ਰੈਗੂਲੇਟਰੀ ਢਾਂਚਾ ਇਕੱਠੇ ਵਿਕਸਤ ਨਹੀਂ ਹੋਇਆ ਹੈ। ਇਸ ਪਾੜੇ ਦਾ ਫਾਇਦਾ ਉਠਾਉਂਦੇ ਹੋਏ, ਨਕਲੀ ਬੀਜਾਂ ਦਾ ਸੰਗਠਿਤ ਵਪਾਰ ਵਧਿਆ ਹੈ, ਜਿਸਦੇ ਨਤੀਜੇ ਵਜੋਂ ਕਿਸਾਨਾਂ ਨੂੰ ਕਾਫ਼ੀ ਨੁਕਸਾਨ ਹੋਇਆ ਹੈ। ਨਵੇਂ ਬਿੱਲ ਦਾ ਮੂਲ ਉਦੇਸ਼ ਇਸ ਅਸੰਤੁਲਨ ਨੂੰ ਦੂਰ ਕਰਨਾ ਹੈ। ਦੋਸਤੋ, ਜੇਕਰ ਅਸੀਂ ਬੀਜ ਬਿੱਲ, 2025 'ਤੇ ਵਿਚਾਰ ਕਰੀਏ, ਤਾਂ ਇਸਦਾ ਸਭ ਤੋਂ ਮਹੱਤਵਪੂਰਨ ਪਹਿਲੂ ਇਹ ਹੈ ਕਿ ਇਹ ਬੀਜ ਦੀ ਗੁਣਵੱਤਾ ਨੂੰ ਇੱਕ ਰਾਸ਼ਟਰੀ ਮਿਆਰ ਦੇ ਅਧੀਨ ਲਿਆਉਣ ਦੀ ਕੋਸ਼ਿਸ਼ ਕਰਦਾ ਹੈ। ਬਿੱਲ ਦੇ ਅਨੁਸਾਰ, ਬਾਜ਼ਾਰ ਵਿੱਚ ਵੇਚੀਆਂ ਜਾਣ ਵਾਲੀਆਂ ਸਾਰੀਆਂ ਬੀਜ ਕਿਸਮਾਂ ਦੀ ਲਾਜ਼ਮੀ ਰਜਿਸਟ ?ਰੇਸ਼ਨ ਦੀ ਲੋੜ ਹੋਵੇਗੀ। ਇਸਦਾ ਮਤਲਬ ਹੈ ਕਿ ਕੋਈ ਵੀ ਬੀਜ, ਭਾਵੇਂ ਜਨਤਕ ਖੇਤਰ ਜਾਂ ਨਿੱਜੀ ਕੰਪਨੀਆਂ ਦੁਆਰਾ ਵਿਕਸਤ ਕੀਤਾ ਗਿਆ ਹੋਵੇ, ਰੈਗੂਲੇਟਰੀ ਪ੍ਰਵਾਨਗੀ ਤੋਂ ਬਿਨਾਂ ਕਿਸਾਨਾਂ ਤੱਕ ਨਹੀਂ ਪਹੁੰਚੇਗਾ। ਇਹ ਵਿਵਸਥਾ ਨਕਲੀ ਅਤੇ ਗੈਰ-ਪ੍ਰਮਾਣਿਤ ਬੀਜਾਂ ਲਈ ਬਾਜ਼ਾਰ ਨੂੰ ਬੰਦ ਕਰਨ ਵੱਲ ਇੱਕ ਫੈਸਲਾਕੁੰਨ ਕਦਮ ਹੈ। ਇਸ ਤੋਂ ਇਲਾਵਾ, ਬਿੱਲ ਬੀਜ ਉਤਪਾਦਕਾਂ, ਬੀਜ ਪ੍ਰੋਸੈਸਿੰਗ ਯੂਨਿਟਾਂ, ਡੀਲਰਾਂ ਅਤੇ ਪੌਦਿਆਂ ਦੀਆਂ ਨਰਸਰੀਆਂ ਦੀ ਲਾਜ਼ਮੀ ਰਜਿਸਟ ?ਰੇਸ਼ਨ ਦੀ ਵਿਵਸਥਾ ਕਰਦਾ ਹੈ। ਇਹ ਪ੍ਰਣਾਲੀ ਪੂਰੀ ਸਪਲਾਈ ਚੇਨ ਨੂੰ ਨਿਗਰਾਨੀ ਹੇਠ ਲਿਆਉਂਦੀ ਹੈ, ਇਹ ਯਕੀਨੀ ਬਣਾਉਂਦੀ ਹੈ ਕਿ ਗੁਣਵੱਤਾ ਨਾਲ ਕਿਸੇ ਵੀ ਪੜਾਅ 'ਤੇ ਸਮਝੌਤਾ ਨਾ ਕੀਤਾ ਜਾਵੇ। ਅੰਤਰਰਾਸ਼ਟਰੀ ਤਜਰਬਾ ਦਰਸਾਉਂਦਾ ਹੈ ਕਿ ਖੇਤੀਬਾੜੀ ਇਨਪੁਟਸ ਲਈ ਇੱਕ ਪਾਰਦਰਸ਼ੀ ਟਰੈਕਿੰਗ ਅਤੇ ਰਜਿਸਟ ?ਰੇਸ਼ਨ ਪ੍ਰਣਾਲੀ ਨਕਲੀ ਉਤਪਾਦਾਂ ਨੂੰ ਰੋਕਣ ਦਾ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਹੈ, ਅਤੇ ਇਸ ਸਬੰਧ ਵਿੱਚ, ਬੀਜ ਬਿੱਲ, 2025, ਭਾਰਤ ਨੂੰ ਵਿਸ਼ਵਵਿਆਪੀ ਸਭ ਤੋਂ ਵਧੀਆ ਅਭਿਆਸਾਂ ਦੇ ਬਰਾਬਰ ਰੱਖਦਾ ਹੈ। ਦੋਸਤੋ, ਬਿੱਲ ਦੀ ਇੱਕ ਹੋਰ ਮਹੱਤਵਪੂਰਨ ਵਿਵਸਥਾ ਐਮਰਜੈਂਸੀ ਦੌਰਾਨ ਬੀਜ ਵੇਚਣ ਦੀਆਂ ਕੀਮਤਾਂ ਨੂੰ ਨਿਯਮਤ ਕਰਨਾ ਸ਼ਾਮਲ ਹੈ। ਕੁਦਰਤੀ ਆਫ਼ਤਾਂ, ਜਲਵਾਯੂ ਪਰਿਵਰਤਨ ਸੰਕਟ, ਜਾਂ ਮਹਾਂਮਾਰੀ ਵਰਗੀਆਂ ਸਥਿਤੀਆਂ ਵਿੱਚ, ਬੀਜਾਂ ਦੀ ਨਕਲੀ ਘਾਟ ਅਕਸਰ ਪੈਦਾ ਕੀਤੀ ਜਾਂਦੀ ਹੈ, ਜਿਸ ਨਾਲ ਕੀਮਤਾਂ ਵੱਧ ਜਾਂਦੀਆਂ ਹਨ। ਇਹ ਸਿੱਧੇ ਤੌਰ 'ਤੇ ਕਿਸਾਨਾਂ 'ਤੇ ਬੋਝ ਪਾਉਂਦਾ ਹੈ। ਬੀਜ ਬਿੱਲ ਸਰਕਾਰ ਨੂੰ ਅਜਿਹੇ ਅਸਾਧਾਰਨ ਹਾਲਾਤਾਂ ਵਿੱਚ ਬੀਜ ਦੀਆਂ ਕੀਮਤਾਂ ਨੂੰ ਨਿਯਮਤ ਕਰਨ ਦਾ ਅਧਿਕਾਰ ਦਿੰਦਾ ਹੈ, ਜਿਸ ਨਾਲ ਕਿਸਾਨਾਂ ਦੇ ਸ਼ੋਸ਼ਣ ਨੂੰ ਰੋਕਿਆ ਜਾ ਸਕੇ। ਇਹ ਵਿਵਸਥਾ ਖੇਤੀਬਾੜੀ ਨੂੰ ਸਮਾਜਿਕ ਨਿਆਂ ਦੇ ਸਿਧਾਂਤ ਨਾਲ ਜੋੜਦੀ ਹੈ, ਨਾ ਕਿ ਇਸਨੂੰ ਸਿਰਫ਼ ਮਾਰਕੀਟ ਤਾਕਤਾਂ 'ਤੇ ਛੱਡਣਾ। ਬੀਜ ਪ੍ਰਦਰਸ਼ਨ ਦੀ ਲਾਜ਼ਮੀ ਲੇਬਲਿੰਗ ਵੀ ਬਿੱਲ ਦਾ ਇੱਕ ਕੇਂਦਰੀ ਤੱਤ ਹੈ। ਲੇਬਲਿੰਗ ਸਪੱਸ਼ਟ ਤੌਰ 'ਤੇ ਬੀਜ ਦੀ ਕਿਸਮ, ਉਗਣ ਸਮਰੱਥਾ, ਸ਼ੁੱਧਤਾ, ਉਤਪਾਦਨ ਸਾਲ ਅਤੇ ਹੋਰ ਜ਼ਰੂਰੀ ਜਾਣਕਾਰੀ ਪ੍ਰਦਾਨ ਕਰੇਗੀ। ਇਹ ਕਿਸਾਨਾਂ ਨੂੰ ਸੂਚਿਤ ਫੈਸਲੇ ਲੈਣ ਅਤੇ ਧੋਖਾਧੜੀ ਦੀ ਸੰਭਾਵਨਾ ਨੂੰ ਘੱਟ ਕਰਨ ਵਿੱਚ ਮਦਦ ਕਰੇਗਾ। ਇਹ ਵਿਸ਼ਵ ਪੱਧਰ 'ਤੇ ਮਾਨਤਾ ਪ੍ਰਾਪਤ ਹੈ ਕਿ ਜਾਣਕਾਰੀ ਦੀ ਪਾਰਦਰਸ਼ਤਾ ਖਪਤਕਾਰ ਸੁਰੱਖਿਆ ਲਈ ਸਭ ਤੋਂ ਮਜ਼ਬੂਤ ? ?ਨੀਂਹ ਹੈ, ਅਤੇ ਬੀਜ ਬਿੱਲ ਇਸ ਸਿਧਾਂਤ ਨੂੰ ਖੇਤੀਬਾੜੀ ਖੇਤਰ 'ਤੇ ਲਾਗੂ ਕਰਦਾ ਹੈ। ਡਿਜੀਟਲ ਯੁੱਗ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਬਿੱਲ ÷ਸਾਥੀ ਪੋਰਟਲ÷ 'ਤੇ ਲਾਜ਼ਮੀ ਰਜਿਸਟ ?ਰੇਸ਼ਨ ਦੀ ਵੀ ਵਿਵਸਥਾ ਕਰਦਾ ਹੈ। ਇਹ ਪੋਰਟਲ ਸਾਰੇ ਬੀਜ ਹਿੱਸੇਦਾਰਾਂ - ਉਤਪਾਦਕਾਂ, ਡੀਲਰਾਂ ਅਤੇ ਰੈਗੂਲੇਟਰੀ ਏਜੰਸੀਆਂ ਲਈ ਇੱਕ ਸਾਂਝਾ ਡਿਜੀਟਲ ਪਲੇਟਫਾਰਮ ਪ੍ਰਦਾਨ ਕਰੇਗਾ। ਇਹ ਨਾ ਸਿਰਫ਼ ਨਿਗਰਾਨੀ ਅਤੇ ਸ਼ਿਕਾਇਤ ਨਿਵਾਰਣ ਨੂੰ ਤੇਜ਼ ਕਰੇਗਾ, ਸਗੋਂ ਨੀਤੀ ਨਿਰਮਾਣ ਲਈ ਭਰੋਸੇਯੋਗ ਡੇਟਾ ਵੀ ਪ੍ਰਦਾਨ ਕਰੇਗਾ। ਅੰਤਰਰਾਸ਼ਟਰੀ ਖੇਤੀਬਾੜੀ ਸ਼ਾਸਨ ਵਿੱਚ ਡੇਟਾ-ਅਧਾਰਿਤ ਨਿਯਮਨ ਨੂੰ ਮਹੱਤਵਪੂਰਨ ਮੰਨਿਆ ਜਾਂਦਾ ਹੈ, ਅਤੇ ਇਹ ਉਪਬੰਧ ਭਾਰਤ ਨੂੰ ਭਵਿੱਖ ਲਈ ਤਿਆਰ ਕਰਦਾ ਹੈ।

ਦੋਸਤੋ, ਜੇਕਰ ਅਸੀਂ ਬੀਜ ਬਿੱਲ, 2025 ਦੇ ਸੰਬੰਧ ਵਿੱਚ ਇੱਕ ਮੁੱਖ ਚਿੰਤਾ 'ਤੇ ਵਿਚਾਰ ਕਰੀਏ, ਤਾਂ ਇਹ ਡਰ ਹੈ ਕਿ ਇਹ ਕਿਸਾਨਾਂ ਦੇ ਰਵਾਇਤੀ ਅਭਿਆਸਾਂ ਅਤੇ ਅਧਿਕਾਰਾਂ ਨੂੰ ਸੀਮਤ ਕਰ ਸਕਦਾ ਹੈ। ਹਾਲਾਂਕਿ, ਬਿੱਲ ਇਸ ਸਬੰਧ ਵਿੱਚ ਬਹੁਤ ਸਪੱਸ਼ਟ ਹੈ। ਇਸ ਦੇ ਉਪਬੰਧ ਕਿਸਾਨਾਂ ਅਤੇ ਉਨ੍ਹਾਂ ਦੀਆਂ ਰਵਾਇਤੀ ਕਿਸਮਾਂ 'ਤੇ ਲਾਗੂ ਨਹੀਂ ਹੁੰਦੇ ਹਨ। ਇਹ ਬਿੱਲ, ਪੌਦਿਆਂ ਦੀਆਂ ਕਿਸਮਾਂ ਅਤੇ ਕਿਸਾਨ ਅਧਿਕਾਰਾਂ ਦੀ ਸੁਰੱਖਿਆ ਐਕਟ, 2001 ਦੇ ਅਨੁਸਾਰ, ਕਿਸਾਨਾਂ ਦੇ ਅਧਿਕਾਰਾਂ ਦੀ ਰੱਖਿਆ ਕਰਦਾ ਹੈ, ਉਹਨਾਂ ਨੂੰ ਬੀਜ ਉਗਾਉਣ, ਬੀਜਣ, ਸਟੋਰ ਕਰਨ, ਵਟਾਂਦਰਾ ਕਰਨ ਅਤੇ ਵੇਚਣ ਦੀ ਆਗਿਆ ਦਿੰਦਾ ਹੈ। ਇਹ ਸੰਤੁਲਨ ਬਿੱਲ ਦੀਆਂ ਸਭ ਤੋਂ ਵੱਡੀਆਂ ਤਾਕਤਾਂ ਵਿੱਚੋਂ ਇੱਕ ਹੈ। ਇਸ ਤੋਂ ਇਲਾਵਾ, ਇਹ ਜੈਵਿਕ ਵਿਭਿੰਨਤਾ ਐਕਟ, 2002, ਅਤੇ ਪੌਦਿਆਂ ਦੀਆਂ ਕਿਸਮਾਂ ਅਤੇ ਕਿਸਾਨਾਂ ਦੇ ਅਧਿਕਾਰ ਐਕਟ, 2001 ਦੇ ਅਧੀਨ ਕਿਸਾਨਾਂ, ਭਾਈਚਾਰਕ ਬੀਜ ਉਤਪਾਦਕਾਂ ਅਤੇ ਦੇਸੀ ਕਿਸਮਾਂ ਦੀ ਸੁਰੱਖਿਆ ਲਈ ਮੌਜੂਦਾ ਪ੍ਰਬੰਧਾਂ ਨੂੰ ਮੇਲ ਖਾਂਦਾ ਹੈ। ਇਸਦਾ ਮਤਲਬ ਹੈ ਕਿ ਬੀਜ ਬਿੱਲ, 2025, ਕਿਸੇ ਵੀ ਮੌਜੂਦਾ ਅਧਿਕਾਰ ਨੂੰ ਕਮਜ਼ੋਰ ਨਹੀਂ ਕਰਦਾ, ਸਗੋਂ ਨਿਯਮਨ ਅਤੇ ਸੁਰੱਖਿਆ ਵਿਚਕਾਰ ਇੱਕ ਵਿਹਾਰਕ ਸੰਤੁਲਨ ਬਣਾਉਂਦਾ ਹੈ।

ਦੋਸਤੋ ਸਾਥੀਓ, ਬਿੱਲ ਦੇ ਦੰਡਕਾਰੀ ਉਪਬੰਧਾਂ ਦੇ ਮਾਮਲੇ ਵਿੱਚ ਵੀ, ਇਹ ਪੁਰਾਣੇ ਕਾਨੂੰਨ ਨਾਲੋਂ ਵਧੇਰੇ ਪ੍ਰਭਾਵਸ਼ਾਲੀ ਹੈ। ਨਕਲੀ ਬੀਜਾਂ ਦੀ ਵਿਕਰੀ ਲਈ ?20 ਲੱਖ ਤੱਕ ਦੇ ਜੁਰਮਾਨੇ ਅਤੇ ਕੈਦ ਦੀ ਵਿਵਸਥਾ ਨਾ ਸਿਰਫ਼ ਇੱਕ ਰੋਕਥਾਮ ਪ੍ਰਭਾਵ ਪੈਦਾ ਕਰਦੀ ਹੈ ਬਲਕਿ ਇੱਕ ਸਪੱਸ਼ਟ ਸੰਦੇਸ਼ ਵੀ ਦਿੰਦੀ ਹੈ ਕਿ ਖੇਤੀਬਾੜੀ ਖੇਤਰ ਵਿੱਚ ਧੋਖਾਧੜੀ ਨੂੰ ਹੁਣ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਭਾਰਤ ਦਾ ਇਹ ਕਦਮ ਖੇਤੀਬਾੜੀ ਇਨਪੁਟਸ ਲਈ ਗੁਣਵੱਤਾ ਦੇ ਮਿਆਰਾਂ ਨੂੰ ਵਿਸ਼ਵ ਪੱਧਰ 'ਤੇ ਸਖ਼ਤ ਕਰਨ ਦੇ ਅਨੁਸਾਰ ਹੈ। ਦੋਸਤੋ, ਜੇਕਰ ਅਸੀਂ ਇਸ ਬਿੱਲ ਨੂੰ ਅੰਤਰਰਾਸ਼ਟਰੀ ਦ੍ਰਿਸ਼ਟੀਕੋਣ ਤੋਂ ਵਿਚਾਰਦੇ ਹਾਂ, ਤਾਂ ਬੀਜ ਬਿੱਲ, 2025, ਭਾਰਤ ਨੂੰ ਇੱਕ ਜ਼ਿੰਮੇਵਾਰ ਖੇਤੀਬਾੜੀ ਅਰਥਵਿਵਸਥਾ ਵਜੋਂ ਸਥਾਪਿਤ ਕਰਦਾ ਹੈ। ਅੱਜ, ਜਦੋਂ ਵਿਸ਼ਵਵਿਆਪੀ ਭੋਜਨ ਸੁਰੱਖਿਆ, ਜਲਵਾਯੂ ਪਰਿਵਰਤਨ ਅਤੇ ਟਿਕਾਊ ਵਿਕਾਸ ਵਰਗੇ ਮੁੱਦੇ ਸਭ ਤੋਂ ਅੱਗੇ ਹਨ, ਤਾਂ ਬੀਜਾਂ ਦੀ ਗੁਣਵੱਤਾ ਅਤੇ ਉਪਲਬਧਤਾ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।

**ਸਭ ਤੋਂ ਫਾਸਟ ਆਹਮੋ-ਸਾਹਮਣੇ**

**RNI NO -PUNHIN0/2013/54688**

Printed by Surinder Kumar , Published by Surinder Kumar, Owned by Surinder Kumar & Printed at Dashmash Printers 178-179 Ranjit Nagar, Jalnadhar City, Published 87 Ranjit Nagar Near Bus Stand, Jalandhar, Punjab

**Editor Surinder Kumar (SK Saxena)**

Responsible for selection of News under the PRB ACT.
All Rights Reserved Reproduction in whole or in Part without Permission in Prohibited, All disputes shall be settled at Jalandhar Jurisdiction only
Faxt No. : 0181-5024001, Conact No : 0181-5077100

**ਜ਼ਰੂਰੀ ਸੂਚਨਾ**

ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਪ੍ਰਦਰਸ਼ਿਤ/ਵਰਗੀਕ੍ਰਿਤ) ਦੇ ਤੱਥਾਂ ਲਈ ਸਭ ਤੋਂ ਫਾਸਟ ਆਹਮੋ ਸਾਹਮਣੇ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਸਾਡਾ ਅਖ਼ਬਾਰ ਇਨ੍ਹਾਂ ਦੀ ਪੁਸ਼ਟੀ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਇਨ੍ਹਾਂ ਇਸ਼ਤਿਹਾਰਾਂ 'ਤੇ ਕਾਰਵਾਈ ਕਰਨ ਤੋਂ ਪਹਿਲਾਂ ਸਾਰੇ ਤੱਥਾਂ ਦੀ ਖੁਦ ਪੁਸ਼ਟੀ ਕਰਨ। - ਮੁੱਖ ਸੰਪਾਦਕ

# ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਅਲਬਰਟਾ-ਪੰਜਾਬ ਆਰਥਿਕ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਕੈਨੇਡਾ ਦੇ ਉੱਚ ਪੱਧਰੀ ਵਫ਼ਦ ਦੀ ਮੇਜ਼ਬਾਨੀ

## ਕੈਨੇਡੀਅਨ ਵਫ਼ਦ ਨੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਕੀਤੀ ਮੁਲਾਕਾਤ; ਨਿਵੇਸ਼, ਤਕਨਾਲੋਜੀ ਅਤੇ ਨਵੀਨਤਾ 'ਤੇ ਹੋਈ ਚਰਚਾ

ਰਮਨ ਕੁਮਾਰ

ਚੰਡੀਗੜ੍ਹ, ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਬੀਤੀ ਸ਼ਾਮ ਪੰਜਾਬ ਭਵਨ ਵਿਖੇ ਕੈਨੇਡਾ ਦੇ ਇੱਕ ਉੱਚ ਪੱਧਰੀ ਵਫ਼ਦ ਦੀ ਮੇਜ਼ਬਾਨੀ ਕੀਤੀ। ਨਵੀਂ ਦਿੱਲੀ ਸਥਿਤ ਕੈਨੇਡਾ ਦੇ ਹਾਈ ਕਮਿਸ਼ਨ ਦੀ ਰਸਮੀ ਬੇਨਤੀ ਤਹਿਤ ਹੋਏ ਇਸ ਮੀਟਿੰਗ ਦੌਰਾਨ ਪੰਜਾਬ ਅਤੇ ਅਲਬਰਟਾ ਸੂਬਿਆਂ ਵਿਚਾਲੇ ਅੰਤਰਰਾਸ਼ਟਰੀ ਸਹਿਯੋਗ ਨੂੰ ਮਜ਼ਬੂਤ ਕਰਨ ਅਤੇ ਆਰਥਿਕ ਸਾਂਝ ਵਧਾਉਣ 'ਤੇ ਧਿਆਨ ਕੇਂਦਰਿਤ ਕੀਤਾ ਗਿਆ। ਕੈਨੇਡੀਅਨ ਵਫ਼ਦ ਦੀ ਅਗਵਾਈ ਅਲਬਰਟਾ ਸਰਕਾਰ ਦੀ ਸਵਦੇਸ਼ੀ ਸਬੰਧਾਂ ਬਾਰੇ ਮੰਤਰੀ ਰਾਜਨ ਸਾਹਨੀ ਨੇ ਕੀਤੀ। ਉਨ੍ਹਾਂ ਦੇ ਨਾਲ ਪ੍ਰੀਮੀਅਰ ਦਫ਼ਤਰ ਦੇ ਸਟੇਕਹੋਲਡਰਜ਼ ਐਡਮਿਨਿਸਟ ?ਰੇਟਰ ਜਤਿੰਦਰ ਸਿੰਘ ਤਤਲਾ, ਅਲਬਰਟਾ ਦੀ ਯੂਨਾਈਟਿਡ ਕੰਜ਼ਰਵੇਟਿਵ ਪਾਰਟੀ ਦੇ ਆਗੂ ਦੇ ਸੀਨੀਅਰ ਸਲਾਹਕਾਰ ਹੈਪੀ ਮਾਨ, ਸਵਦੇਸ਼ੀ ਸਬੰਧਾਂ ਦੇ ਵਿਭਾਗ ਵਿੱਚ ਕਾਰਜਕਾਰੀ ਸੰਚਾਲਨ ਦੀ ਕਾਰਜਕਾਰੀ ਨਿਰਦੇਸ਼ਕ ਜੇਨੇਵੀਵ ਟਰਕੋਟ, ਜਗਰੂਪ ਕਾਲੋਂ, ਜਸਵਿੰਦਰ ਗਰੇਵਾਲ ਅਤੇ ਪੁਨੀਤ ਕੁਮਾਰ ਗੋਇਲ ਵੀ ਸ਼ਾਮਲ ਸਨ। ਮੀਟਿੰਗ ਦੌਰਾਨ 'ਇਨਵੈਸਟ ਪੰਜਾਬ' ਦੇ ਅਧਿਕਾਰੀਆਂ ਨੇ ਸੂਬੇ ਵਿੱਚ ਮੌਜੂਦ ਨਿਵੇਸ਼ ਦੇ ਵੱਖ-ਵੱਖ ਮੌਕਿਆਂ ਬਾਰੇ ਵਿਸਤ੍ਰਿਤ ਪੇਸ਼ਕਾਰੀ ਦਿੱਤੀ। ਇੱਕ ਵੀਡੀਓ ਅਤੇ ਪਾਵਰਪੁਆਇੰਟ ਪ੍ਰੈਜ਼ੈਂਟੇਸ਼ਨ ਰਾਹੀਂ ਵਫ਼ਦ ਨੂੰ ਪੰਜਾਬ ਦੇ ਉਦਯੋਗਿਕ ਢਾਂਚੇ ਅਤੇ ਸੂਬਾ ਸਰਕਾਰ ਵੱਲੋਂ 'ਈਜ਼ ਆਫ ਡੂਇੰਗ ਬਿਜ਼ਨਸ' (ਕਾਰੋਬਾਰ ਕਰਨ ਦੀ ਸੌਖ) ਨੂੰ ਯਕੀਨੀ ਬਣਾਉਣ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਜਾਣਕਾਰੀ ਦਿੱਤੀ ਗਈ। ਅਲਬਰਟਾ ਸਰਕਾਰ ਦੀ ਮੰਤਰੀ ਰਾਜਨ ਸਾਹਨੀ ਨੇ ਕਿਹਾ, ÷ਵਫ਼ਦ ਇਨਵੈਸਟ ਪੰਜਾਬ ਦੀ ਕਾਰਜ ਪ੍ਰਣਾਲੀ ਨੂੰ ਸਮਝਣ ਦਾ ਇੱਛੁਕ ਹੈ ਅਤੇ ਅਸੀਂ ਉਦਯੋਗਿਕ ਵਿਕਾਸ ਨੂੰ ਹੁਲਾਰਾ ਦੇਣ ਲਈ ਪੰਜਾਬ ਸਰਕਾਰ ਦੁਆਰਾ ਅਪਣਾਈ ਗਈ ਸਰਗਰਮ ਪਹੁੰਚ ਦੀ ਸ਼ਲਾਘਾ ਕਰਦੇ ਹਾਂ।÷ ਉਨ੍ਹਾਂ ਅੱਗੇ ਕਿਹਾ, "ਪੰਜਾਬ ਦਾ



ਇਹ ਦੌਰਾ 'ਇੰਡੀਆ ਐਨਰਜੀ ਵੀਕ' ਨਾਲ ਜੁੜੇ ਵਫ਼ਦ ਦੇ ਵਿਆਪਕ ਭਾਰਤ ਮਿਸ਼ਨ ਦਾ ਇੱਕ ਅਹਿਮ ਹਿੱਸਾ ਹੈ। ਇਸ ਦੌਰਾਨ ਸਹਿਯੋਗ ਦੇ ਰਾਹ ਤਲਾਸ਼ਣ ਲਈ ਭਾਰਤ ਦੇ ਪ੍ਰਮੁੱਖ ਕੇਂਦਰਾਂ ਵਿੱਚ ਸੀਨੀਅਰ ਸਰਕਾਰੀ ਆਗੂਆਂ ਅਤੇ ਨਿੱਜੀ ਖੇਤਰ ਦੇ ਭਾਈਵਾਲਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।"ਉਨ੍ਹਾਂ ਇਹ ਵੀ ਕਿਹਾ ਕਿ ਤਕਨਾਲੋਜੀ ਅਤੇ ਨਵੀਨਤਾ ਅਜਿਹੇ ਪ੍ਰਮੁੱਖ ਖੇਤਰ ਹਨ ਜਿੱਥੇ ਅਲਬਰਟਾ ਅਤੇ ਪੰਜਾਬ ਦੁਵੱਲੇ ਵਿਕਾਸ ਲਈ ਸਹਿਯੋਗ ਕਰ ਸਕਦੇ ਹਨ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅਜਿਹੀਆਂ ਲੰਬੇ ਸਮੇਂ ਦੀਆਂ ਕੌਮਾਂਤਰੀ ਸਾਂਝੇਦਾਰੀਆਂ ਬਣਾਉਣ ਲਈ ਪੰਜਾਬ ਦੀ ਵਚਨਬੱਧਤਾ ਨੂੰ ਦੁਹਰਾਇਆ ਜੋ ਸਿਰਫ਼ ਵਪਾਰ ਤੱਕ ਸੀਮਤ ਨਾ ਹੋ ਕੇ ਟਿਕਾਊ ਵਿਕਾਸ ਅਤੇ ਸਾਂਝੀ ਖੁਸ਼ਹਾਲੀ 'ਤੇ ਕੇਂਦਰਿਤ ਹੋਣ। ਉਨ੍ਹਾਂ ਕਿਹਾ ਕਿ ਪੰਜਾਬ ਅਜਿਹੇ ਸਾਰਥਕ ਸਹਿਯੋਗ ਲਈ ਤਿਆਰ ਹੈ ਜੋ ਦੋਵਾਂ ਸੂਬਿਆਂ ਲਈ ਲਾਹੇਵੰਦ ਹੋਵੇ ਅਤੇ ਨਵੀਨਤਾ-ਸੰਚਾਲਿਤ ਵਿਕਾਸ ਰਾਹੀਂ ਆਰਥਿਕ ਸਬੰਧਾਂ ਨੂੰ ਮਜ਼ਬੂਤ ਕਰੇ। ਇਸ ਮੌਕੇ ਵਿੱਤ ਮੰਤਰੀ ਦੇ ਨਾਲ ਮਿਲਕਫੈੱਡ ਦੇ ਚੇਅਰਮੈਨ ਨਰਿੰਦਰ ਸਿੰਘ ਸ਼ੇਰਗਿੱਲ, ਵਿੱਤ ਵਿਭਾਗ ਦੇ ਵਧੀਕ ਮੁੱਖ ਸਕੱਤਰ ਆਲੋਕ ਸ਼ੇਖਰ, ਉਦਯੋਗ ਸਕੱਤਰ ਮਹਿੰਦਰ ਪਾਲ, ਇਨਵੈਸਟ ਪੰਜਾਬ ਦੇ ਵਧੀਕ ਸੀ.ਈ.ਓ ਰੁਬਿੰਦਰਜੀਤ ਸਿੰਘ ਬਰਾੜ ਅਤੇ ਬਿਜਲੀ ਵਿਭਾਗ ਦੀ ਵਿਸ਼ੇਸ਼ ਸਕੱਤਰ ਡਾ. ਸਈਦ ਸਹਿਰਿਸ਼ ਅਸਗਰ ਸਮੇਤ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ। ਇਹ ਮੀਟਿੰਗ ਸਹਿਯੋਗ, ਨਵੀਨਤਾ ਅਤੇ ਆਪਸੀ ਵਿਸ਼ਵਾਸ ਦੇ ਆਧਾਰ 'ਤੇ ਅਲਬਰਟਾ ਅਤੇ ਪੰਜਾਬ ਵਿਚਕਾਰ ਇੱਕ ਮਜ਼ਬੂਤ ਆਰਥਿਕ ਗਲਿਆਰਾ ਬਣਾਉਣ ਦੇ ਸਾਂਝੇ ਇਰਾਦੇ ਉੱਤੇ ਕੇਂਦਰਤ ਰਹੀ।

# ਵਾਰਡ ਨੰਬਰ 38 ਵਿੱਚ 13.80 ਲੱਖ ਰੁਪਏ ਦੀ ਲਾਗਤ ਨਾਲ ਸੜਕ ਨਿਰਮਾਣ ਕੰਮ ਦਾ ਉਦਘਾਟਨ

## ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਵਿਕਾਸ ਕੰਮ ਦੀ ਸ਼ੁਰੂਆਤ ਕਰਵਾਈ

ਕੈਪਟਨ ਸੁਭਾਸ਼ ਚੰਦਰ ਸ਼ਰਮਾ



ਹੁਸ਼ਿਆਰਪੁਰ, ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਹੁਸ਼ਿਆਰਪੁਰ ਦੇ ਵਾਰਡ ਨੰਬਰ 38 ਵਿੱਚ ਲਗਭਗ 13 ਲੱਖ 80 ਹਜ਼ਾਰ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਸੜਕ ਦੇ ਨਿਰਮਾਣ ਕੰਮ ਦਾ ਵਿਧੀਵਤ ਉਦਘਾਟਨ ਕੀਤਾ। ਇਸ ਮੌਕੇ ਨਗਰ ਨਿਗਮ ਦੇ ਮੇਅਰ ਸੁਰਿੰਦਰ ਕੁਮਾਰ, ਡਿਪਟੀ ਮੇਅਰ ਰੰਜੀਤਾ ਚੌਧਰੀ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ। ਸਮਾਗਮ ਨੂੰ ਸੰਬੋਧਨ ਕਰਦੇ ਹੋਏ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਸ਼ਹਿਰੀ ਵਿਕਾਸ ਨੂੰ ਪਹਿਲ ਦਿੰਦੇ ਹੋਏ ਮੁੱਢਲੀਆਂ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਨਿਰੰਤਰ ਯਤਨਸ਼ੀਲ ਹੈ। ਵਾਰਡ ਨੰਬਰ 38 ਵਿੱਚ ਸੜਕ ਨਿਰਮਾਣ ਨਾਲ ਖੇਤਰ ਵਾਸੀਆਂ ਨੂੰ ਆਵਾਜਾਈ ਵਿੱਚ ਸਹੂਲਤ ਮਿਲੇਗੀ ਅਤੇ ਲੰਬੇ ਸਮੇਂ ਤੋਂ ਚੱਲ ਰਹੀ ਸਮੱਸਿਆ ਦਾ ਸਥਾਈ ਹੱਲ ਹੋਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਦਾ ਟੀਚਾ ਹਰ ਵਾਰਡ ਵਿੱਚ ਬਰਾਬਰ ਵਿਕਾਸ ਕੰਮ ਕਰਵਾ ਕੇ ਲੋਕਾਂ ਨੂੰ ਵਧੀਆ ਨਾਗਰਿਕ ਸਹੂਲਤਾਂ ਉਪਲਬਧ ਕਰਵਾਉਣਾ ਹੈ। ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਨਗਰ ਨਿਗਮ ਵੱਲੋਂ ਸ਼ਹਿਰ ਦੇ ਸਾਰੇ ਵਾਰਡਾਂ ਵਿੱਚ ਚਰਨਬੱਧ ਤਰੀਕੇ ਨਾਲ ਵਿਕਾਸ ਕੰਮ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ ਅਤੇ ਸਟ ?ਰੀਟ ਲਾਈਟ ਵਰਗੀਆਂ ਮੁੱਢਲੀਆਂ ਸਹੂਲਤਾਂ ਨੂੰ ਮਜ਼ਬੂਤ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਾਰਦਰਸ਼ਤਾ ਅਤੇ ਗੁਣਵੱਤਾ ਨਾਲ ਵਿਕਾਸ ਕੰਮ ਪੂਰੇ ਕੀਤੇ ਜਾਣਗੇ ਤਾਂ ਜੋ ਜਨਤਾ ਨੂੰ ਲੰਬੇ ਸਮੇਂ ਤੱਕ ਲਾਭ ਮਿਲ ਸਕੇ। ਇਸ ਮੌਕੇ ਕੌਂਸਲਰ ਪ੍ਰਦੀਪ ਬਿੱਟੂ, ਅਜੈ ਵਰਮਾ, ਸਿਧਾਰਥ ਧੀਰ, ਰਚਨਾ ਅਤਰੀ, ਕੁਲਵਿੰਦਰ ਸਿੰਘ ਹੁੰਦਲ, ਵਰਿੰਦਰ ਵੈਦ ਅਤੇ ਮਨੂ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਰਹੇ।



# ਚੰਗੀ ਕੁਆਲਟੀ ਦੀ ਪੈਦਾਵਾਰ ਸਮੇਂ ਦੀ ਲੋੜ - ਮੁੱਖ ਖੇਤੀਬਾੜੀ ਅਫਸਰ

ਮਨਦੀਪ ਕੌਰ

ਫਿਰੋਜ਼ਪੁਰ, ਕਿਸਾਨਾਂ ਵੱਲੋਂ ਫਸਲਾਂ ਦੇ ਚੰਗੇ ਝਾੜ ਲਈ ਪੁਰਜ਼ੋਰ ਮਿਹਨਤ ਕੀਤੀ ਜਾ ਰਹੀ ਹੈ ਪਰ ਮੌਜੂਦਾ ਸਮੇਂ ਵਿੱਚ ਚੰਗੇ ਮਿਆਰ ਦੀਆਂ ਫ਼ਸਲਾਂ ਦੀ ਪੈਦਾਵਾਰ ਹੋਣਾ ਬਹੁਤ ਜ਼ਰੂਰੀ ਹੈ । ਇਸ ਮਕਸਦ ਲਈ ਡਾ. ਬਲਵਿੰਦਰ ਸਿੰਘ ਮੁੱਖ ਖੇਤੀਬਾੜੀ ਅਫਸਰ ਫ਼ ?ਰੋਜ਼ਪੁਰ ਵੱਲੋਂ ਬਲਾਕ ਫ਼ ?ਰੋਜ਼ਪੁਰ ਦੇ ਪਿੰਡ ਬੁੱਕਣ ਵਾਲਾ ਦੇ ਖੋਜੀ ਕਿਸਾਨ ਵਿਰਸਾ ਸਿੰਘ ਦੇ ਖੇਤਾਂ ਦਾ ਦੌਰਾ ਸ੍ਰੀ ਸਾਵਨਦੀਪ ਸ਼ਰਮਾ ਪਰੋਜੈਕਟ ਡਾਇਰੈਕਟਰ ਆਤਮਾ ਅਤੇ ਸ੍ਰੀ ਪ੍ਰਦੀਪ ਸਿੰਘ ਸਹਾਇਕ ਟੈਕਨਾਲੋਜੀ ਮੈਨੇਜਰ ਨਾਲ ਕੀਤਾ ਗਿਆ । ਕਿਸਾਨ ਵਿਰਸਾ ਸਿੰਘ ਵੱਲੋਂ ਦੱਸਿਆ ਗਿਆ ਕਿ ਉਹ ਸਾਲ 2018 ਤੋਂ ਹੀ ਆਪਣੇ ਸਾਰੇ ਖੇਤਾਂ ਵਿੱਚ ਝੋਨੇ ਦੀ ਸਿੱਧੀ ਬਿਜਾਈ ਕਰਦੇ ਹਨ ਅਤੇ ਹੁਣ ਵੀ ਕਣਕ ਦੀ ਬਿਜਾਈ ਆਪਣੇ ਖੇਤਾਂ ਵਿੱਚ ਪਰਾਲੀ ਨੂੰ ਖੇਤਾਂ ਵਿੱਚ ਵਾਹ ਕੇ ਕੀਤੀ ਹੈ । ਇਸੇ ਤਰ੍ਹਾਂ ਕਿਸਾਨ ਨੇ ਦੱਸਿਆ ਕਿ ਪਿਛਲੇ ਲੰਮੇ ਸਮੇ ਤੋਂ ਹੀ ਆਪਣੇ ਖੇਤਾਂ ਵਿੱਚ ਬਿਨਾਂ ਕੀੜੇਮਾਰ ਜ਼ਹਿਰਾਂ ਦੇ ਫਸਲਾਂ ਦੀ ਪੂਰੀ ਪੈਦਾਵਾਰ ਲੈ ਰਹੇ ਹਨ। ਮੁੱਖ ਖੇਤੀਬਾੜੀ ਅਫਸਰ ਫ਼ ?ਰੋਜ਼ਪੁਰ ਡਾ. ਬਲਵਿੰਦਰ ਸਿੰਘ ਨੇ ਜ਼ਿਲ੍ਹੇ ਭਰ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਇਸ ਖੋਜੀ ਕਿਸਾਨ ਵਿਰਸਾ ਸਿੰਘ ਦੀ ਤਰਾਂ ਆਪਣੇ ਖੇਤਾਂ ਵਿੱਚ ਕੀੜੇਮਾਰ ਜ਼ਹਿਰਾਂ ਵਰਤਣ ਤੋਂ ਗੁਰੇਜ਼ ਕਰਨ ਜਾਂ ਫਿਰ ਸਿਰਫ ਲੋੜ ਪੈਣ ਤੇ ਹੀ ਸਿਫਾਰਸ਼ ਸ਼ੁਦਾ ਜ਼ਹਿਰਾਂ ਸਪਰੇਅ ਕੀਤੀਆਂ ਜਾਣ।

# ਭਗਵੰਤ ਸਿੰਘ ਮਾਨ ਸਰਕਾਰ ਨੇ ਪੰਜਾਬ ਦੇ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਖੋਲ੍ਹਣ ਲਈ ਨਿਵੇਸ਼ ਮੁਹਿੰਮ ਕੀਤੀ ਤੇਜ਼

ਪੰਕਜ

ਮੁੰਬਈ, ਮੁੰਬਈ ਨਿਵੇਸ਼ ਰੋਡ ਸ਼ੋਅ ਦੇ ਦੂਜੇ ਦਿਨ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਦੇ ਹਿੱਸੇ ਵਜੋਂ ਸੂਬੇ ਦੇ ਨੌਜਵਾਨਾਂ ਲਈ ਪੂੰਜੀ ਨਿਵੇਸ਼ ਨੂੰ ਨੌਕਰੀਆਂ ਵਿੱਚ ਤਬਦੀਲ ਕਰਨ 'ਤੇ ਧਿਆਨ ਕੇਂਦਰਿਤ ਕਰਦਿਆਂ ਨਿਵੇਸ਼ ਮੁਹਿੰਮ ਹੋਰ ਤੇਜ਼ ਕੀਤੀ। ਉੱਚ-ਪੱਧਰੀ ਮੀਟਿੰਗਾਂ ਤੋਂ ਲੈ ਕੇ ਵਿੱਤੀ ਵਿਚਾਰ-ਵਟਾਂਦਰਾ ਕਰਦੇ ਹੋਏ ਪੰਜਾਬ ਸਰਕਾਰ ਨੇ ਲਘੂ ਅਤੇ ਛੋਟੇ ਉਦਯੋਗਾਂ (ਐਮ.ਐਸ.ਐਮ.ਈਜ਼.) ਨੂੰ ਹੋਰ ਮਜ਼ਬੂਤ ਕਰਨ ਅਤੇ ਇਨ੍ਹਾਂ ਨੂੰ ਵੱਡੇ ਉੱਦਮਾਂ ਵਿੱਚ ਤਬਦੀਲ ਕਰਨ ਯੋਗ ਬਣਾਉਣ ਤੋਂ ਲੈ ਕੇ ਨਿਰਮਾਣ, ਲੌਜਿਸਟਿਕਸ ਅਤੇ ਉੱਭਰ ਰਹੇ ਖੇਤਰਾਂ ਵਿੱਚ ਵਿਸ਼ਵਵਿਆਪੀ ਨਿਵੇਸ਼ਕਾਂ ਨੂੰ ਆਕਰਸ਼ਿਤ ਕਰਨ ਤੱਕ ਅਨੇਕਾਂ ਸੰਭਾਵਨਾਵਾਂ ਦੀ ਲੜੀ ਪੇਸ਼ ਕੀਤੀ। ਨਤੀਜਾ-ਮੁਖੀ ਮੀਟਿੰਗਾਂ ਦੀ ਇਹ ਲੜੀ ਕਾਰਪੋਰੇਟਾਂ ਅਤੇ ਵਿੱਤੀ ਸੰਸਥਾਵਾਂ ਨਾਲ ਸਾਂਝੇਦਾਰੀ ਨੂੰ ਹੋਰ ਡੂੰਘਾ ਕਰਨ, ਉਦਯੋਗਿਕ ਸਮਰੱਥਾਵਾਂ ਦਾ ਵਿਸਥਾਰ ਕਰਨ ਦੇ ਨਾਲ-ਨਾਲ ਟਿਕਾਊ, ਹੁਨਰਮੰਦ ਤੇ ਲੰਬੇ ਸਮੇਂ ਦੇ ਰੋਜ਼ਗਾਰ ਸਬੰਧੀ ਰਣਨੀਤੀ ਨੂੰ ਦਰਸਾਉਂਦੀ ਹੈ, ਜੋ ਪੰਜਾਬ ਨੂੰ ਨੌਜਵਾਨਾਂ ਦੀ ਅਗਵਾਈ ਵਾਲੇ ਉਦਯੋਗਿਕ ਵਿਕਾਸ ਅਤੇ ਉੱਦਮਤਾ-ਆਧਾਰਤ ਆਰਥਿਕ ਵਿਸਥਾਰ ਲਈ ਕੇਂਦਰ ਵਜੋਂ ਸਥਾਪਿਤ ਕਰਦੀ ਹੈ। ਵਫ਼ਦ ਨੇ ਦਿਨ ਦੀ ਸ਼ੁਰੂਆਤ ਸਨਾਤਨ ਟੈਕਸਟਾਈਲ ਅਤੇ ਮਹਿੰਦਰਾ ਗਰੁੱਪ ਸਮੇਤ ਪ੍ਰਮੁੱਖ ਉਦਯੋਗ ਸਮੂਹਾਂ ਨਾਲ ਉੱਚ-ਪੱਧਰੀ ਮੀਟਿੰਗਾਂ ਨਾਲ ਕੀਤੀ, ਜਿੱਥੇ ਟੈਕਸਟਾਈਲ, ਆਟੋਮੋਟਿਵ, ਖੇਤੀ ਉਪਕਰਣ, ਰੱਖਿਆ ਨਿਰਮਾਣ ਅਤੇ ਸਪਲਾਈ-ਚੇਨ ਏਕੀਕਰਨ ਵਿੱਚ ਸੰਭਾਵਿਤ ਮੌਕਿਆਂ 'ਤੇ ਕੇਂਦਰਿਤ ਚਰਚਾ ਕੀਤੀ ਗਈ। ਇਨ੍ਹਾਂ ਮੀਟਿੰਗਾਂ ਦੌਰਾਨ ਨਵੇਂ ਨਿਵੇਸ਼ਾਂ ਦੇ ਨਾਲ-ਨਾਲ ਪੰਜਾਬ ਵਿੱਚ ਮੌਜੂਦਾ ਕਾਰਜਾਂ ਦੇ ਵਿਸਥਾਰ, ਰਾਜ ਦੇ ਹੁਨਰਮੰਦ ਕਾਰਜਬਲ, ਉਦਯੋਗਿਕ ਬੁਨਿਆਦੀ ਢਾਂਚੇ ਅਤੇ ਨੀਤੀ ਸਥਿਰਤਾ ਦਾ ਲਾਭ ਉਠਾਉਣ ਦੀਆਂ ਸੰਭਾਵਨਾਵਾਂ ਦੀ ਪੜਚੋਲ ਵੀ ਕੀਤੀ ਗਈ। ਇਸ ਵਿਸ਼ੇਸ਼ ਦਿਨ ਦਾ ਮੁੱਖ ਆਕਰਸ਼ਣ ਸੀਐਕਸਓ ਰਾਊਂਡਟੇਬਲ ਮੀਟਿੰਗ ਸੀ, ਜਿਸ ਵਿੱਚ ਪ੍ਰਮੁੱਖ ਪ੍ਰਾਈਵੇਟ

**ਨਿਵੇਸ਼ ਤੋਂ ਰੋਜ਼ਗਾਰ ਤੱਕ, ਭਗਵੰਤ ਮਾਨ ਸਰਕਾਰ ਨੇ ਨਿਵੇਸ਼ਕ ਸੰਮੇਲਨ 2026 ਤੋਂ ਪਹਿਲਾਂ ਹਜ਼ਾਰਾਂ ਨੌਜਵਾਨਾਂ ਲਈ ਰੋਜ਼ਗਾਰ ਦਾ ਰਾਹ ਖੋਲ੍ਹਿਆ**

ਇਕੁਇਟੀ ਫਰਮਾਂ ਅਤੇ ਵਿੱਤੀ ਸੰਸਥਾਵਾਂ ਸ਼ਾਮਲ ਸਨ, ਜੋ ਪੰਜਾਬ ਦੇ ਐਮ.ਐਸ.ਐਮ.ਈਜ਼ ਨੂੰ ਵੱਡੇ ਅਤੇ ਵਿਸ਼ਵ ਪੱਧਰ 'ਤੇ ਮੁਕਾਬਲੇ ਵਾਲੇ ਉੱਦਮਾਂ ਵਿੱਚ ਤਬਦੀਲ ਕਰਨ ਲਈ ਵਿੱਤੀ ਸੰਭਾਵਨਾਵਾਂ, ਪੂੰਜੀ ਨਿਵੇਸ਼ ਅਤੇ ਢਾਂਚਾਗਤ ਸਹਾਇਤਾ 'ਤੇ ਵਿਚਾਰ-ਵਟਾਂਦਰਾ ਕਰਨ ਲਈ ਬੁਲਾਈ ਗਈ ਸੀ। ਇਸ ਰਾਊਂਡਟੇਬਲ ਮੀਟਿੰਗ ਵਿੱਚ ਬੇਰਿੰਗ ਪ੍ਰਾਈਵੇਟ ਇਕੁਇਟੀ ਇੰਡੀਆ ਇਨਵੈਸਟਮੈਂਟ ਮੈਨੇਜਰਜ਼ ਐਲਐਲਪੀ, ਜੇਐਮ ਫਾਈਨੈਂਸ਼ੀਅਲ ਲਿਮਟਿਡ, ਐਵੇਂਡਸ ਵੈਲਥ ਮੈਨੇਜਮੈਂਟ, ਨਿਓ ਵੈਲਥ ਐਂਡ ਐਸੇਟ ਮੈਨੇਜਮੈਂਟ, ਓਏਕੇਐਸ ਐਸੇਟ ਮੈਨੇਜਮੈਂਟ, ਅਲਵਾਰੇਜ਼ ਐਂਡ ਮਾਰਸਲ ਅਤੇ ਥਿੰਕ ਲਾਅ ਦੀ ਸੀਨੀਅਰ ਲੀਡਰਸ਼ਿਪ ਨੇ ਹਿੱਸਾ ਲਿਆ। ਮੀਟਿੰਗ ਦੌਰਾਨ ਲੰਬੇ ਸਮੇਂ ਲਈ ਨਿਵੇਸ਼, ਪ੍ਰਸ਼ਾਸਨਿਕ ਸਹਾਇਤਾ ਅਤੇ ਰਣਨੀਤਕ ਮਾਰਕੀਟ ਪਹੁੰਚ ਰਾਹੀਂ ਐਮ.ਐਸ.ਐਮ.ਈਜ਼ ਨੂੰ ਵੱਡੇ ਐਂਟਰਪ੍ਰਾਈਜ਼ ਵਿੱਚ ਤਬਦੀਲ ਕਰਨ 'ਤੇ ਚਰਚਾਵਾਂ ਕੀਤੀਆਂ ਗਈਆਂ ਤਾਂ ਜੋ ਪੰਜਾਬ ਨੂੰ ਐਮ.ਐਸ.ਐਮ.ਈਜ਼ ਅਗਵਾਈ ਵਾਲੇ ਉਦਯੋਗਿਕ ਵਿਕਾਸ ਲਈ ਪਸੰਦੀਦਾ ਸਥਾਨ ਵਜੋਂ ਸਥਾਪਤ ਕੀਤਾ ਜਾ ਸਕੇ। ਗੋਲਮੇਜ਼ ਮੀਟਿੰਗ ਦੌਰਾਨ ਇਨਵੈਸਟ ਪੰਜਾਬ ਦੇ ਸੀ.ਈ.ਓ. ਨੇ ਪੰਜਾਬ ਦੇ ਸੁਧਾਰ-ਸੰਚਾਲਿਤ ਸ਼ਾਸਨ ਢਾਂਚੇ, ਫਾਸਟਟ ?ਰੈਕ ਪੰਜਾਬ ਸਿੰਗਲ-ਵਿੰਡੋ ਸਿਸਟਮ ਅਤੇ ਸਮਾਂ-ਬੱਧ ਪ੍ਰਵਾਨਗੀਆਂ ਬਾਰੇ ਵਿਸਥਾਰ ਵਿੱਚ ਪੇਸ਼ਕਾਰੀ ਦਿੱਤੀ, ਜਦੋਂ ਕਿ ਨਿਵੇਸ਼ ਪ੍ਰੋਤਸਾਹਨ ਦੇ ਪ੍ਰਸ਼ਾਸਕੀ ਸਕੱਤਰ ਨੇ ਨੀਤੀਗਤ ਨਿਸ਼ਚਤਤਾ ਅਤੇ ਨਿਵੇਸ਼ਕ ਸਹੂਲਤ ਪ੍ਰਤੀ ਸੂਬੇ ਦੀ ਵਚਨਬੱਧਤਾ ਨੂੰ ਉਜਾਗਰ ਕੀਤਾ। ਇਹ ਸੈਸ਼ਨ ਇੰਟਰਐਕਟਿਵ ਓਪਨ ਹਾਊਸ ਅਤੇ ਨੈੱਟਵਰਕਿੰਗ ਲੰਚ ਨਾਲ ਸਮਾਪਤ ਹੋਇਆ, ਜਿਸ ਕਾਰਨ ਨਿਵੇਸ਼ਕਾਂ ਅਤੇ ਪੰਜਾਬ ਸਰਕਾਰ ਦੇ ਵਫ਼ਦ ਵਿਚਕਾਰ ਸਿੱਧੀ ਗੱਲਬਾਤ ਸੰਭਵ ਹੋਈ।

# ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਓ.ਟੀ.ਐਸ-2025 ਦੀ ਸਫਲਤਾ ਦੀ ਸ਼ਲਾਘਾ; ਪੰਜਾਬ ਨੇ 110 ਕਰੋੜ ਰੁਪਏ ਵਸੂਲੇ ਅਤੇ ਅੰਤਿਮ ਮਿਤੀ ਵਿੱਚ ਕੀਤਾ ਵਾਧਾ

## 38,477 ਕਰੋੜ ਰੁਪਏ ਦੀ ਛੋਟ ਨਾਲ ਪੰਜਾਬ ਦੇ ਕਰ ਵਿਭਾਗ ਵੱਲੋਂ ਕਰਦਾਤਾਵਾਂ ਨੂੰ ਦਿੱਤੀ ਗਈ ਬੇਮਿਸਾਲ ਰਾਹਤ

ਐਸ. ਕੇ. ਸਕਸੈਨਾ

ਚੰਡੀਗੜ੍ਹ, ਪੰਜਾਬ ਦੇ ਵਿੱਤ, ਆਬਕਾਰੀ ਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ 'ਯਕਮੁਸ਼ਤ ਨਿਬੇੜਾ ਸਕੀਮ, 2025' (ਓ.ਟੀ.ਐਸ-2025) ਦੀ ਵੱਡੀ ਸਫਲਤਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਸ ਸਕੀਮ ਰਾਹੀਂ ਹੁਣ ਤੱਕ ਜਿੱਥੇ ਸੂਬਾ ਸਰਕਾਰ ਨੂੰ 110 ਕਰੋੜ ਰੁਪਏ ਪ੍ਰਾਪਤ ਹੋ ਚੁੱਕੇ ਹਨ ਉਥੇ ਸੂਬੇ ਦੇ ਵਪਾਰੀ ਵਰਗ ਨੂੰ ਵੱਡੀ ਵਿੱਤੀ ਰਾਹਤ ਮਿਲੀ ਹੈ। ਇਥੇ ਜਾਰੀ ਪ੍ਰੈਸ ਬਿਆਨ ਰਾਹੀਂ ਪੰਜਾਬ ਦੇ ਵਿੱਤ ਅਤੇ ਆਬਕਾਰੀ ਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ 1 ਅਕਤੂਬਰ 2025 ਨੂੰ ਓ.ਟੀ.ਐਸ.-2025 ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਕਰ ਵਿਭਾਗ ਨੂੰ 7,654 ਅਰਜ਼ੀਆਂ ਪ੍ਰਾਪਤ ਹੋਈਆਂ ਹਨ, ਜਿਸ ਦੇ ਨਤੀਜੇ ਵਜੋਂ 38,477 ਕਰੋੜ ਰੁਪਏ ਦੀ ਬੇਮਿਸਾਲ ਛੋਟ ਦਿੱਤੀ ਗਈ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਸਕੀਮ ਨੂੰ ਮਿਲਿਆ ਭਰਵਾਂ ਹੁੰਗਾਰਾ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਉਸ ਨੀਤੀ ਦੀ ਸਫਲਤਾ ਨੂੰ ਦਰਸਾਉਂਦਾ ਹੈ, ਜੋ ਲੰਬੀ ਮੁਕੱਦਮੇਬਾਜ਼ੀ ਨਾਲੋਂ ਸਵੈ-ਇੱਛੁਕ ਕਰਪਾਲਣਾ ਨੂੰ ਤਰਜੀਹ ਦਿੰਦੀ ਹੈ। ਸਬੰਧਤ ਉਦਯੋਗਿਕ ਜਥੇਬੰਦੀਆਂ ਦੇ ਸੁਝਾਵਾਂ ਪ੍ਰਤੀ ਸਰਕਾਰ ਦੇ ਹੁੰਗਾਰੇ ਦਾ ਜ਼ਿਕਰ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਇਸ ਸਕੀਮ ਦਾ ਲਾਭ ਲੈਣ ਦੀ ਆਖਰੀ ਮਿਤੀ 31 ਦਸੰਬਰ 2025 ਤੋਂ ਵਧਾ ਕੇ 31 ਮਾਰਚ 2026 ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸਮਾਂ ਸੀਮਾਂ ਵਿੱਚ ਇਹ ਵਾਧਾ ਸਕੀਮ ਦੀ



ਸਕਾਰਾਤਮਕ ਗਤੀ ਅਤੇ ਉਦਯੋਗਿਕ ਜਥੇਬੰਦੀਆਂ ਦੀਆਂ ਮੰਗਾਂ ਨੂੰ ਧਿਆਨ ਵਿੱਚ ਰੱਖਦਿਆਂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਵਾਧੂ ਸਮਾਂ ਯੋਗ ਕਰਦਾਤਾਵਾਂ ਨੂੰ ਆਪਣੀਆਂ ਦੇਣਦਾਰੀਆਂ ਦਾ ਮੁਲਾਂਕਣ ਕਰਨ ਅਤੇ ਪਾਰਦਰਸ਼ੀ ਤੇ ਸਰਲ ਤਰੀਕੇ ਨਾਲ ਨਿਬੇੜਾ ਕਰਨ ਦਾ ਪੂਰਾ ਮੌਕਾ ਪ੍ਰਦਾਨ ਕਰੇਗਾ। ਕਾਰੋਬਾਰ ਕਰਨ ਦੀ ਸੌਖ ਅਤੇ ਵਪਾਰ ਪੱਖੀ ਕਰ ਮਾਹੌਲ ਸਿਰਜਣ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਓ.ਟੀ.ਐਸ.-2025 ਸਾਰੀਆਂ ਸ਼੍ਰੇਣੀਆਂ ਵਿੱਚ ਵਿਆਜ ਅਤੇ ਜੁਰਮਾਨੇ ਦੀ 100 ਫੀਸਦੀ ਛੋਟ ਦਿੰਦਿਆਂ ਕਾਰੋਬਾਰਾਂ ਦੇ ਵਿੱਤੀ ਬੋਝ ਨੂੰ ਕਾਫ਼ੀ ਹੱਦ ਤੱਕ ਘਟਾਉਂਦੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਹ ਸਕੀਮ ਮੂਲ ਟੈਕਸ ਵਿੱਚ ਵੀ ਸਲੈਬ ਅਨੁਸਾਰ ਵੱਡੀ ਛੋਟ ਪ੍ਰਦਾਨ ਕਰਦੀ ਹੈ। ਉਨ੍ਹਾਂ ਕਿਹਾ ਕਿ 1 ਕਰੋੜ ਰੁਪਏ ਤੱਕ ਦੇ ਬਕਾਏ ਲਈ 50 ਫੀਸਦੀ ਛੋਟ, 1 ਕਰੋੜ ਤੋਂ 25 ਕਰੋੜ ਰੁਪਏ ਤੱਕ ਦੇ ਬਕਾਏ ਲਈ 25 ਫੀਸਦੀ ਛੋਟ, ਅਤੇ 25 ਕਰੋੜ ਰੁਪਏ ਤੋਂ ਵੱਧ ਦੇ ਬਕਾਏ ਲਈ 10 ਫੀਸਦੀ ਛੋਟ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਜਨਰਲ ਸੇਲਜ਼ ਟੈਕਸ ਐਕਟ 1948 ਦੀ ਧਾਰਾ 14-ਬੀ ਅਤੇ ਪੰਜਾਬ ਵੈਟ ਐਕਟ 2005 ਦੀ ਧਾਰਾ 51 ਤਹਿਤ ਵੀ ਇਸੇ ਤਰ੍ਹਾਂ ਦੀ ਰਾਹਤ ਮੁਹੱਈਆ ਕੀਤੀ ਗਈ ਹੈ। ਵਪਾਰੀਆਂ ਅਤੇ ਕਰਦਾਤਾਵਾਂ ਨੂੰ ਸਕੀਮ ਦਾ ਲਾਭ ਲੈਣ ਦੀ ਅਪੀਲ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਉਹ ਸਾਰੇ ਯੋਗ ਕਰਦਾਤਾਵਾਂ ਨੂੰ ਅਪੀਲ ਕਰਦੇ ਹਨ ਕਿ ਉਹ ਆਪਣੇ ਪੁਰਾਣੇ ਬਕਾਏ ਨਿਪਟਾਉਣ ਅਤੇ ਸੂਬੇ ਦੇ ਮਾਲੀਏ ਵਿੱਚ ਸਹਿਯੋਗੀ ਭਾਵਨਾ ਨਾਲ ਯੋਗਦਾਨ ਪਾਉਣ ਲਈ ਇਸ ਸੁਨਹਿਰੀ ਮੌਕੇ ਦਾ ਲਾਭ ਉਠਾਉਣ। ਇਸ ਦੇ ਨਾਲ ਹੀ ਉਨ੍ਹਾਂ ਸਪੱਸ਼ਟ ਕੀਤਾ ਕਿ ਜਿੱਥੇ ਸਰਕਾਰ ਸਹੂਲਤਾਂ ਦੇਣ ਲਈ ਵਚਨਬੱਧ ਹੈ, ਉੱਥੇ ਹੀ ਇਸ ਸਕੀਮ ਦਾ ਲਾਭ ਲੈ ਕੇ ਆਪਣੇ ਬਕਾਏ ਨਾ ਨਿਪਟਾਉਣ ਵਾਲਿਆਂ ਵਿਰੁੱਧ ਸਿਸਟਮ ਵਿੱਚ ਨਿਰਪੱਖਤਾ ਅਤੇ ਅਨੁਸ਼ਾਸਨ ਯਕੀਨੀ ਬਣਾਉਣ ਲਈ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾ ਸਕਦੀ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਗੇ ਦੱਸਿਆ ਕਿ ਸਰਕਾਰੀ ਅਨਾਜ ਏਜੰਸੀਆਂ ਨੂੰ ਛੱਡ ਕੇ ਬਾਕੀ ਸਾਰੇ ਕਰਦਾਤਾ ਸਟੇਟ ਟੈਕਸ ਦੇ ਸਹਾਇਕ ਕਮਿਸ਼ਨਰ (ਏ.ਸੀ.ਐਸ.ਟੀ) ਦੇ ਦਫ਼ਤਰ ਵਿੱਚ ਫਾਰਮ ਓ.ਟੀ.ਐਸ-01 ਜਮ ?ਹਾਂ ਕਰਵਾ ਕੇ ਇਸ ਸਕੀਮ ਤਹਿਤ ਅਪਲਾਈ ਕਰ ਸਕਦੇ ਹਨ।

**ਭਗਵੰਤ ਮਾਨ ਸਰਕਾਰ ਮੁਕੱਦਮੇਬਾਜ਼ੀ ਦੀ ਬਜਾਏ ਸਵੈ-ਇੱਛੁਕ ਕਰਪਾਲਣਾ ਨੂੰ ਦਿੰਦੀ ਹੈ ਤਰਜੀਹ: ਹਰਪਾਲ ਸਿੰਘ ਚੀਮਾ, *ਓ.ਟੀ.ਐਸ-2025 ਕਰਦਾਤਾਵਾਂ ਨੂੰ ਦੇ ਰਹੀ ਹੈ ਵੱਡੀ ਛੋਟ ਤੇ ਰਾਹਤ; ਅੰਤਿਮ ਮਿਤੀ 31 ਮਾਰਚ ਤੱਕ ਵਧਾਈ ਗਈ: ਹਰਪਾਲ ਸਿੰਘ ਚੀਮਾ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਯੋਗ ਕਰਦਾਤਾਵਾਂ ਨੂੰ ਓ.ਟੀ.ਐਸ-2025 ਦਾ ਲਾਭ ਉਠਾਉਣ ਦੀ ਅਪੀਲ**

ADVERTISE YOUR BUSINESS HERE
+91-9878-55-2070

ਹਰਿਆਣਾ ਖਬਰਨਾਮਾ

# ਸਭ ਤੋਂ ਫਾਸਟ ਆਹਮੋ-ਸਾਹਮਣੇ

SABSE FAST AAMNE SAAMNE

Rni No Punpun 2015/60599
1-7 February 2026
ਕੀਮਤ : 5 ਰੁਪਏ

ਸਾਲ 2026 / ਸੰਪਾਦਕ : ਐੱਸ . ਕੇ . ਸਕਸੈਨਾ / ਈ-ਮੇਲ : editoraamnesaamne@gmail.com/ ਮੋਬਾਈਲ : 9878552070, 9780802013

ADVERTISE YOUR BUSINESS HERE
+91-9878-55-2070

## 38ਵੇਂ ਕੌਮੀ ਖੇਡ ਦੇ ਮੈਡਲ ਜੇਤੂਆਂ ਨੂੰ ਮੁੱਖ ਮੰਤਰੀ ਨਾਇਬ ਸਿੰਘ ਸੈਣੀ 9 ਫਰਵਰੀ ਨੂੰ ਕਰਣਗੇ ਸਨਮਾਨਿਤ, ਸੀਐਮ ਕੱਪ ਦੀ ਵੀ ਕਰਣਗੇ ਸ਼ੁਰੂਆਤ - ਖੇਡ ਮੰਤਰੀ ਗੌਰਵ ਗੌਤਮ

ਕੈਪਟਨ ਸੁਭਾਸ਼ ਚੰਦਰ ਸ਼ਰਮਾ

ਚੰਡੀਗੜ੍ਹ, - ਹਰਿਆਣਾ ਦੇ ਖੇਡ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਹਰਿਆਣਾ ਦੀ ਖੇਡ ਨੀਤੀ ਦੇਸ਼ ਵਿੱਚ ਸੱਭ ਤੋਂ ਸ਼ ?ਰੇਸ਼ਠ ਹੈ ਅਤੇ ਸੂਬਾ ਖੇਡਾਂ ਵਿੱਚ ਸੱਭ ਤੋਂ ਪ੍ਰਗਤੀਸ਼ੀਲ ਹੈ। ਹਰਿਆਣਾ ਸਰਕਾਰ ਖੇਡ ਨੀਤੀ ਤਹਿਤ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਤੋਂ ਲੈ ਕੇ ਓਲੰਪਿਕ ਮੈਡਲ ਤੱਕ ਦੀ ਉਪਲਬਧੀਆਂ 'ਤੇ ਖਿਡਾਰੀਆਂ ਨੂੰ 51,000 ਤੋਂ ਲੈ ਕੇ 6 ਕਰੋੜ ਰੁਪਏ ਦੀ ਨਗਦ ਪ੍ਰੋਤਸਾਹਨ ਰਕਮ ਪ੍ਰਦਾਨ ਕੀਤੀ ਜਾਂਦੀ ਹੈ, ਜਿਸ ਨਾਲ ਖਿਡਾਰੀ ਆਰਥਕ ਰੂਪ ਨਾਲ ਮਜਬੂਤ ਵੀ ਹੋ ਰਹੇ ਹਨ। ਖਿਡਾਰੀਆਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਸਰਕਾਰ ਵੱਲੋਂ 9 ਫਰਵਰੀ ਨੂੰ ਗੁਰੂਗ੍ਰਾਮ ਦੇ ਤਾਊ ਦੇਵੀਲਾਲਾ ਸਟੇਡੀਅਮ ਵਿੱਚ ਮਸਾਰੋਹ ਆਯੋਜਿਤ ਕੀਤਾ ਜਾਵੇਗਾ, ਜਿਸ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਵੱਲੋਂ ਉਤਰਾਖੰਡ ਵੱਲੋਂ ਹੋਏ 38ਵੇਂ ਕੌਮੀ ਖੇਡ ਮੈਡਲ ਜੇਤੂਆਂ ਨੂੰ ਸਨਮਾਨਿਤ ਕੀਤਾ ਜਾਵੇਗਾ ਅਤੇ ਸੀਐਮ ਕੱਪ-2025 ਦੀ ਵੀ ਸ਼ੁਰੂਆਤ ਕੀਤੀ ਜਾਵੇਗੀ। ਖੇਡ ਮੰਤਰੀ ਅੱਜ ਇੱਥੇ ਹਰਿਆਣਾ ਨਿਵਾਸ 'ਤੇ ਪ੍ਰੈਸ ਕਾਨਫ ?ਰੈਂਸ ਕਰ ਰਹੇ ਸਨ। ਖੇਡ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਸਨਮਾਨ ਸਮਾਰੋਹ ਵਿੱਚ ਕੌਮੀ ਖੇਡਾਂ ਦੇ 48 ਗੋਲਡ, 47 ਸਿਲਵਰ ਅਤੇ 58 ਬ੍ਰਾਂਜ ਮੈਡਲ ਜੇਤੂਆਂ ਦੇ ਨਾਲ-ਨਾਲ ਖੇਡਾਂ ਵਿੱਚ ਭਾਗੀਦਾਰੀ ਕਰਨ ਵਾਲੇ ਕੁੱਲ 689 ਖਿਡਾਰੀਆਂ, ਕੋਚਾਂ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ 'ਤੇ ਭਾਰਤੀ ਹਾਕੀ ਵਿੱਚ ਵਧੀਆ ਯੋਗਦਾਨ ਦੇਣ ਤੇ ਹਾਲ ਹੀ ਵਿੱਚ ਪਦਮਸ਼ ?ਰੀ ਅਵਾਰਡ ਨਾਲ ਸਨਮਾਨਿਤ ਖਿਡਾਰੀ ਸਵਿਤਾ ਪੁਨਿਆ ਨੂੰ ਵੀ ਵਿਸ਼ੇਸ਼ ਰੂਪ ਨਾਲ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਸਾਲ 2014 ਤੋਂ ਹੁਣ ਤੱਕ ਲਗਭਗ 709 ਕਰੋੜ ਰੁਪਏ ਦੀ ਰਕਮ 16970 ਖਿਡਾਰੀਆਂ ਨੂੰ ਨਗਦ ਪੁਰਸਕਾਰ ਅਤੇ ਪ੍ਰੋਤਸਾਹਨ ਰਕਮ ਵਜੋਂ ਦਿੱਤੀ ਜਾ ਚੁੱਕੀ ਹੈ। ਸਾਲ 2025-2026 ਦੌਰਾਨ 662 ਖਿਡਾਰੀਆਂ ਨੂੰ 109 ਕਰੋੜ ਰੁਪਏ ਤੋਂ ਵੱਧ ਦੀ ਰਕਮ ਦਿੱਤੀ ਜਾ ਚੁੱਕੀ ਹੈ, ਤਾਂ ਜੋ ਖਿਡਾਰੀਆਂ ਦੀ ਭਲਾਈ ਹੋ ਸਕੇ। ਉਨ੍ਹਾਂ ਨੇ ਕਿਹਾ ਕਿ ਸੂਬਾ ਸਰਕਾਰ ਖਿਡਾਰੀਆਂ ਦੀ ਸੱਚੀ ਹਿਤੇਸ਼ੀ ਹੈ। ਸੂਬੇ ਵਿੱਚ 1500 ਖੇਡ ਨਰਸਰੀਆਂ ਖੋਲੀਆਂ ਗਈਆਂ ਹਨ, ਜਿਨ੍ਹਾਂ ਵਿੱਚ 37 ਹਜਾਰ ਤੋਂ ਵੱਧ ਖਿਡਾਰੀ ਅਭਿਆਸ ਕਰਦੇ ਹਨ। ਇਸ ਤੋਂ ਇਲਾਵਾ, 500 ਹੋਰ ਖੇਡ ਨਰਸਰੀਆਂ ਦੇ ਖੋਲਣ ਲਈ ਖੇਡ ਵਿਭਾਗ ਨੇ ਬਿਨੈ ਮੰਗੇ ਹਨ। ਨਰਸਰੀਆਂ ਵਿੱਚ ਖਿਡਾਰੀਆਂ ਦੀ ਪ੍ਰਤਿਭਾ ਨੂੰ ਤਰਾਸ਼ਿਆ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਹਰਿਆਣਾ ਖੇਡ ਵਿਭਾਗ ਦਾ ਮਿਸ਼ਨ ਓਲੰਪਿਕ 2036 ਹੈ। ਇਸ ਵਿੱਚ ਹਰਿਆਣਾ ਦਾ 36 ਮੈਡਲ ਜਿੱਤਣ ਦਾ ਟੀਚਾ ਹੈ। ਇਸੀ ਦਿਸ਼ਾ ਵਿੱਚ ਕੰਮ ਵੀ ਕੀਤਾ ਜਾ ਰਿਹਾ ਹੈ। ਅਗਾਮੀ ਬਜਟ ਵਿੱਚ ਇਸੀ ਮਿਸ਼ਨ ਨੂੰ ਧਿਆਨ ਵਿੱਚ ਰੱਖ ਕੇ ਰਕਮ ਤੈਅ ਕਰਨ ਦਾ ਕੰਮ ਕੀਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਦੇਖਰੇਖ ਵਿੱਚ ਕੇਂਦਰ ਦਾ ਇਤਿਹਾਸਕ ਬਜਟ ਰੱਖਿਆ ਗਿਆ ਹੈ, ਜਿਸ ਵਿੱਚ ਖੇਡਾਂ ਲਈ 33 ਫੀਸਦੀ ਦਾ ਵਾਧਾ ਕੀਤਾ ਗਿਆ ਹੈ। ਉਨ੍ਹਾਂ ਨੇ ਕਿਹਾ ਕਿ 114 ਕਰੋੜ ਦੀ ਰਕਮ ਨਾਲ ਸੂਬੇ ਦੇ ਖੇਡ ਸਟੇਡੀਅਮਾਂ ਦੇ ਕਾਇਆਕਲਪ ਕੀਤਾ ਜਾ ਰਿਹਾ ਹੈ।

**ਗੁਰੂਗ੍ਰਾਮ ਦੇ ਤਾਊ ਦੇਵੀਲਾਲ ਸਟੇਡੀਅਮ ਵਿੱਚ ਆਯੋਜਿਤ ਕੀਤਾ ਜਾਵੇਗਾ ਸਮਾਰੋਹ, ਹਰਿਆਣਾ ਦੀ ਖੇਡ ਨੀਤੀ ਹੈ ਦੇਸ਼ ਵਿੱਚ ਸ਼ੇਸ਼ਠ - ਸ੍ਰੀ ਗੌਰਵ ਗੌਤਮ**

# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਜੇਲ੍ਹ ਵਾਰਡਰਾਂ ਲਈ ਖੋਲਿਆ ਐਲਾਨਾਂ ਦਾ ਪਿਟਾਰਾ

## ਮੁੱਖ ਮੰਤਰੀ ਨੇ ਕੀਤੇ ਐਲਾਨ: ਹੁਣ ਜੇਲ੍ਹ ਵਾਰਡਰ ਨੂੰ 18 ਸਾਲ ਦੀ ਸੇਵਾ ਸਮੇਂ ਵਿੱਚ ਹੈਡ ਵਾਰਡਰ ਦੇ ਅਹੁਦੇ 'ਤੇ ਮਿਲੇਗੀ ਪਦੋਂਓਨਤੀ

ਐਸ. ਕੇ. ਸਕਸੈਨਾ

ਚੰਡੀਗੜ੍ਹ, ਸਮਾਜ ਦੇ ਕਮਜ਼ੋਰ ਵਰਗਾਂ ਨੂੰ ਸਸ਼ਕਤ ਬਣਾਉਣ ਦੇ ਉਦੇਸ਼ ਨਾਲ ਇੱਕ ਵੱਡਾ ਲੋਕ-ਪੱਖੀ ਫੈਸਲਾ ਲੈਂਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ (ਆਈ.ਟੀ.ਆਈ.) ਵਿੱਚ ਕੰਪਿਊਟਰ ਆਪਰੇਟਰ ਐਂਡ ਪ੍ਰੋਗਰਾਮਿੰਗ ਅਸਿਸਟੈਂਟ (ਕੋਪਾ-ਵੀ.ਆਈ.) ਟਰੇਡ ਵਿੱਚ ਦਾਖ਼ਲ ਅਨਾਥ ਅਤੇ ਨੇਤਰਹੀਣ ਵਿਦਿਆਰਥੀਆਂ ਦੀ ਸਿਖਲਾਈ ਫੀਸ ਮੁਆਫ ਕਰਨ ਦੇ ਪ੍ਰਸਤਾਵ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਇਸ ਸਬੰਧੀ ਫਾਈਲ ਨੂੰ ਪ੍ਰਵਾਨਗੀ ਦੇਣ ਤੋਂ ਬਾਅਦ ਇਸ ਫੈਸਲੇ ਦੀ ਪੁਸ਼ਟੀ ਕਰਦਿਆਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਕਦਮ ਭਗਵੰਤ ਮਾਨ ਸਰਕਾਰ ਦੀ ਉਸ ਦ੍ਰਿੜ੍ਹ ਵਚਨਬੱਧਤਾ ਨੂੰ ਦਰਸਾਉਂਦਾ ਹੈ ਕਿ ਆਰਥਿਕ ਤੰਗੀ ਕਦੇ ਵੀ ਲੋੜਵੰਦ ਵਿਦਿਆਰਥੀਆਂ ਦੀ ਪੇਸ਼ੇਵਰ ਤਰੱਕੀ ਵਿੱਚ ਰੁਕਾਵਟ ਨਹੀਂ ਬਣਨੀ ਚਾਹੀਦੀ। ਵਿੱਤ ਮੰਤਰੀ ਨੇ ਦੱਸਿਆ ਕਿ ਅਨਾਥ ਆਸ਼ਰਮਾਂ ਅਤੇ ਨੇਤਰਹੀਣ ਬੱਚਿਆਂ ਲਈ ਸਥਾਪਤ ਸਕੂਲਾਂ ਤੋਂ ਆਉਣ ਵਾਲੇ ਵਿਦਿਆਰਥੀ ਹੁਣ 'ਕੋਪਾ-ਵੀ.ਆਈ.' ਟਰੇਡ ਲਈ 100 ਫੀਸਦੀ ਫੀਸ ਮੁਆਫੀ ਦੇ ਯੋਗ ਹੋਣਗੇ। ਇਹ ਲਾਭ ਮੌਜੂਦਾ ਸਮੇਂ ਵਿੱਚ ਇਹ ਕੋਰਸ ਚਲਾ ਰਹੀਆਂ 9 ਸਰਕਾਰੀ ਸੰਸਥਾਵਾਂ ਵਿੱਚ ਲਾਗੂ ਕੀਤਾ ਜਾਵੇਗਾ। ਇਸ ਫੈਸਲੇ ਦੇ ਪਿੱਛੇ ਦੇ ਤਰਕ ਦੀ ਵਿਆਖਿਆ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਹਾਲਾਂਕਿ ਫੀਸ ਮੁਆਫੀ ਨਾਲ ਮਾਲੀਏ 'ਤੇ ਪ੍ਰਭਾਵ ਪਵੇਗਾ, ਪਰ ਸਰਕਾਰ ਇਸ ਨੂੰ ਵਿੱਤੀ ਬੋਝ ਦੀ ਬਜਾਏ ਮਨੁੱਖੀ ਪੂੰਜੀ ਵਿੱਚ ਇੱਕ ਅਹਿਮ ਨਿਵੇਸ਼ ਵਜੋਂ ਦੇਖਦੀ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰਸਤਾਵ 'ਤੇ 29 ਜਨਵਰੀ 2026 ਨੂੰ ਹੋਈਆਂ ਬਜਟ ਮੀਟਿੰਗਾਂ ਦੌਰਾਨ ਵਿਸਥਾਰ ਨਾਲ ਚਰਚਾ ਕੀਤੀ ਗਈ ਸੀ, ਜਿੱਥੇ ਸਬੰਧਤ ਪ੍ਰਸ਼ਾਸਨਿਕ ਵਿਭਾਗ ਦੀ ਸਿਫਾਰਸ਼ ਦੀ ਪੜਚੋਲ ਕਰਨ ਉਪਰੰਤ ਇਹ ਯਕੀਨੀ ਬਣਾਉਣ ਲਈ ਲੋੜੀਂਦੀ ਮਨਜ਼ੂਰੀ ਦਿੱਤੀ ਗਈ ਕਿ ਤਕਨੀਕੀ ਸਿੱਖਿਆ ਸਮਾਜ ਦੇ ਹਰ ਵਰਗ ਤੱਕ ਪਹੁੰਚਯੋਗ ਬਣੀ ਰਹੇ।



# ਲਾਡਵਾ ਖੇਤਰ ਵਿੱਚ ਬੁਨਿਆਦੀ ਢਾਂਚੇ, ਸਿੰਚਾਈ, ਸਿਹਤ, ਨਗਰੀ ਸਹੂਲਤਾਂ ਦੇ ਖੇਤਰ ਵਿੱਚ ਸਰਕਾਰ ਨੇ ਕੀਤੇ ਵਿਲੱਖਣ ਕੰਮ-ਨਾਇਬ ਸਿੰਘ ਸੈਣੀ

## ਸਰਕਾਰ ਦਾ ਉਦੇਸ਼ ਵਿਧਾਨਸਭਾ ਖੇਤਰ ਦਾ ਵਿਕਾਸ ਅਤੇ ਇੱਥੇ ਹਰ ਨਾਗਰਿਕ ਦਾ ਉਥਾਨ ਕਰਨਾ ਹੈ

ਐਸ. ਕੇ. ਸਕਸੈਨਾ

ਚੰਡੀਗੜ੍ਹ, - ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਰਕਾਰ ਨੇ ਲਾਡਵਾ ਖੇਤਰ ਵਿੱਚ ਬੁਨਿਆਦੀ ਢਾਂਚੇ, ਸਿੰਚਾਈ, ਸਿਹਤ, ਪਸ਼ੂਪਾਲਣ, ਖੇਡ, ਵਾਤਾਵਰਣ ਸਰੰਖਣ ਅਤੇ ਨਗਰੀ ਸਹੂਲਤਾਂ ਦੇ ਖੇਤਰ ਵਿੱਚ ਵਿਲੱਖਣ ਕੰਮ ਕੀਤੇ ਹਨ। ਇਹ ਮੰਚ ਸਾਡੇ ਖੇਤਰ ਦੇ ਲਗਾਤਾਰ ਵਿਕਾਸ, ਜਨਭਲਾਈ ਅਤੇ ਉਜਵੱਲ ਭਵਿੱਖ ਦੇ ਸੰਕਲਪ ਦਾ ਪ੍ਰਤੀਕ ਹੈ। ਲਾਡਵਾ ਵਿਧਾਨਸਭਾ ਖੇਤਰ ਵਿੱਚ ਬੀਤੇ ਸਮੇਂ ਦੌਰਾਨ ਜੋ ਵਿਕਾਸ ਕੰਮ ਹੋਏ ਹਨ, ਉਹ ਇਹ ਸਾਬਤ ਕਰਦੇ ਹਨ ਕਿ ਸਾਡੀ ਸਰਕਾਰ ਦੀ ਨੀਤੀ ਅਤੇ ਨੀਅਤ ਦੋਨੋਂ ਜਨਹਿਤ ਲਈ ਸਮਰਪਿਤ ਹਨ। ਲਾਡਵਾ ਹਲਕੇ ਨੂੰ ਵਿਕਾਸ ਦੇ ਮਾਮਲੇ ਵਿੱਚ ਮੋਹਰੀ ਬਨਾਉਣਾ ਹੈ। ਸਾਡਾ ਉਦੇਸ਼ ਸਿਰਫ ਇੱਕ ਹੈ, ਇਸ ਖੇਤਰ ਦਾ ਵਿਕਾਸ ਅਤੇ ਇੱਥੇ ਦੇ ਹਰ ਨਾਗਰਿਕ ਦਾ ਉਥਾਨ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਬੁੱਧਵਾਰ ਨੂੰ ਪਿੰਡ ਖੈਰੀ ਵਿੱਚ ਆਯੋਜਿਤ ਜਨਸਭਾ ਨੂੰ ਸੰਬੋਧਿਤ ਕਰ ਰਹੇ ਸਨ। ਉਨ੍ਹਾਂ ਨੇ ਪਿੰਡ ਖੈਰੀ ਵਿੱਚ ਵਿਕਾਸ



ਕੰਮਾਂ ਲਈ 21 ਲੱਖ ਰੁਪਏ, ਪੀਣ ਦੇ ਪਾਣੀ ਦੀ ਪਾਇਪਲਾਇਨ ਲਈ 70 ਲੱਖ ਰੁਪਏ ਅਤੇ ਪਿੰਡ ਦੀ ਫਿਰਨੀ ਨਿਰਮਾਣ ਦੇ ਕੰਮ ਨੂੰ ਕਰਵਾਉਣ ਲਈ ਐਲਾਨ ਕੀਤਾ। ਮੁੱਖ ਮੰਤਰੀ ਨੇ ਸਰਪੰਚ ਵੱਲੋਂ ਸੌਂਪੇ ਗਏ ਮੰਗ ਪੱਤਰ ਦੇ ਸਬੰਧ ਵਿੱਚ ਕਿਹਾ ਕਿ ਪਿੰਡ ਦੀ ਹੋਰ ਮੰਗਾਂ ਨੂੰ ਸਬੰਧਿਤ ਵਿਭਾਗ ਦੇ ਕੋਲ ਭੇਜ ਕੇ ਪੂਰਾ ਕਰਵਾਇਆ ਜਾਵੇਗਾ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਗਰੀਬ ਮਹਿਲਾਵਾਂ ਨੂੰ ਆਪਣੀ ਰਸੋਈ ਚਲਾਉਣ ਲਈ ਹਰ ਮਹੀਨੇ 500 ਰੁਪਏ ਵਿੱਚ ਗੈਸ ਸਿਲੇਂਡਰ ਦਿੱਤਾ ਜਾ ਰਿਹਾ ਹੈ। ਇਹ ਲਾਭ ਸੂਬੇ ਦੇ ਲਗਭਗ 14 ਲੱਖ 70 ਹਜਾਰ ਪਰਿਵਾਰਾਂ ਨੂੰ ਮਿਲ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਸਰਕਾਰ ਨੇ ਕਿਡਨੀ ਦੇ ਰੋਗ ਨਾਲ ਪੀੜਤ ਰੋਗੀਆਂ ਲਈ ਸਾਰੀ ਸਰਕਾਰੀ ਹਸਪਤਾਲਾਂ ਅਤੇ ਮੈਡੀਕਲ ਕਾਲਜਾਂ ਵਿੱਚ ਮੁਫਤ ਡਾਇਲਸਿਸ ਦੀ ਸੇਵਾਵਾਂ ਸ਼ੁਰੂ ਕੀਤੀਆਂ ਹਨ। ਪਿਛਲੇ ਇੱਕ ਸਾਲ ਵਿੱਚ 36 ਹਜਾਰ ਨੌਜੁਆਨਾਂ ਨੂੰ ਬਿਨ੍ਹਾ ਪਰਚੀ-ਖਰਚੀ ਦੇ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਇੰਨ੍ਹਾਂ ਨੂੰ ਮਿਲਾ ਕੇ ਪਿਛਲੇ 11 ਸਾਲਾਂ ਵਿੱਚ 1 ਲੱਖ 80 ਹਜਾਰ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਨੇ ਕਿਹਾ ਕਿ ਲਾਡਵਾ ਵਿਧਾਨਸਭਾ ਖੇਤਰ ਵਿੱਚ ਵਿਕਾਸ ਕੰਮਾਂ 'ਤੇ ਪਿਛਲੇ 11 ਸਾਲਾਂ ਵਿੱਚ 807 ਕਰੋੜ ਰੁਪਏ ਖਰਚ ਕੀਤੇ ਹਨ, ਜਦੋਂ ਕਿ ਕਾਂਗਰਸ ਦੇ 10 ਸਾਲ ਦੇ ਸ਼ਾਸਨਸਮੇਂ ਵਿੱਚ ਸਿਰਫ 310 ਕਰੋੜ ਰੁਪਏ ਖਰਚ ਕੀਤੇ ਗਏ ਹਨ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰ ਘਰ ਗ੍ਰਹਿਣੀ ਯੋਜਨਾ ਵਿੱਚ ਵਿਧਾਨਸਭਾ ਦੇ 9 ਹਜਾਰ 240 ਪਰਿਵਾਰਾਂ ਨੂੰ 500 ਰੁਪਏ ਵਿੱਚ ਗੈਸ ਸਿਲੇਂਡਰ ਦਿੱਤਾ ਜਾ ਰਿਹਾ ਹੈ। ਪ੍ਰਧਾਨ ਮੰਤਰੀ ਆਵਾਸ ਯੋਜਨਾ ਵਿੱਚ 364 ਮਕਾਨਾਂ ਦਾ ਨਿਰਮਾਣ ਕੀਤਾ ਗਿਆ ਹੈ ਅਤੇ 249 ਮਕਾਨ ਨਿਰਮਾਣਧੀਨ ਹਨ। ਆਯੂਸ਼ਮਾਨ ਚਿਰਾਯੂ ਯੋਜਨਾ ਵਿੱਚ 1 ਲੱਖ 59 ਹਜਾਰ ਲੋਕ ਯੋਗ ਪਾਏ ਗਏ ਹਨ, ਇੰਨ੍ਹਾਂ ਵਿੱਚੋਂ 1 ਲੱਖ 20 ਹਜਾਰ ਲੋਕਾਂ ਦੇ ਚਿਰਾਯੂ ਕਾਰਡ ਬਣ ਚੁੱਕੇ ਹਨ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਉਮੀਰ ਵਿੱਚ ਉੱਤਰ ਭਾਰਤ ਦੇ ਪਹਿਲੇ ਰਾਸ਼ਟਰੀ ਡਿਜਾਇਨ ਸੰਸਥਾਨ ਦੀ ਸਥਾਪਨਾ 108 ਕਰੋੜ ਰੁਪਏ ਦੀ ਲਾਗਤ ਨਾਲ ਕੀਤੀ ਗਈ। ਲਾਡਵਾ ਵਿੱਓ 26 ਕਰੋੜ ਰੁਪਏ ਦੀ ਲਾਗਤ ਨਾਲ ਮਲ ਸ਼ੋਧਨ ਪਲਾਂਟ ਸਥਾਪਿਤ ਕੀਤਾ ਅਤੇ ਸੀਵਰੇਜ ਲਾਇਨ ਵਿਛਾਈ ਗਈ। ਇਸੀ ਤਰ੍ਹਾ ਪਿੰਡ ਉਮਰੀ ਵਿੱਚ ਸੰਤ ਸ਼ਿਰੋਮਣੀ ਗੁਰੂ ਰਵੀਦਾਸ ਸਮਾਰਕ ਦੇ ਨਿਰਮਾਣ ਦਾ ਕੰਮ ਲਗਭਗ 124 ਕਰੋੜ ਰੁਪਏ ਦੀ ਅੰਦਾਜਾ ਲਾਗਤ ਨਾਲ ਕੀਤਾ ਜਾ ਰਿਹਾ ਹੈ। ਇਹ ਸਮਾਰਕ ਸਮਾਜਿਕ ਭਾਈਚਾਰੇ, ਸਮਾਨਤਾ ਅਤੇ ਸੰਤ ਰਿਵਾਇਤ ਦੇ ਮੁੱਲਾਂ ਨੂੰ ਮਜਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਇਤਿਹਾਸਕ ਕਦਮ ਹੈ, ਜੋ ਆਉਣ ਵਾਲੀ ਪੀੜੀਆਂ ਨੂੰ ਪੇ ?ਰਰਣਾ ਦਵੇਗਾ। ਉਨ੍ਹਾਂ ਨੇ ਕਿਹਾ ਕਿ ਪਿੰਡ ਉਮੀਰ ਵਿੱਚ ਹੀ ਸਰਕਾਰੀ ਪੋਲੀਟੈਕਨਿਕ ਭਵਨ ਦਾ ਨਿਰਮਾਣ 14 ਕਰੋੜ 51 ਲੱਖ ਰੁਭਏ ਦੀ ਲਾਗਤ ਨਾਲ ਕੀਤਾ ਗਿਆ। ਲਾਡਵਾ ਵਿਧਾਨਸਭਾ ਖੇਤਰ ਦੇ 65 ਪਿੰਡਾਂ ਵਿੱਚ ਪੀਣ ਦੇ ਪਾਣੀ ਦੀ ਪਾਇਪਲਾਇਨ ਵਿਛਾਉਣ ਦਾ ਕੰਮ 11 ਕਰੋੜ 51 ਲੱਖ ਰੁਪਏ ਦੀ ਲਾਗਤ ਨਾਲ ਕੀਤਾ ਗਿਆ। ਇਸ ਮੌਕੇ 'ਤੇ ਸਾਬਕਾ ਰਾਜ ਮੰਤਰੀ ਸੁਭਾਸ਼ ਸੁਧਾ, ਡਿਪਟੀ ਕਮਿਸ਼ਨਰ ਵਿਸ਼ਰਾਮ ਕੁਮਾਰ ਮੀਣਾ, ਐਸਡੀਐਮ ਅਨੁਭਵ ਮੇਹਤਾ ਸਮੇਤ ਹੋਰ ਮਾਣਯੋਗ ਵਿਅਕਤੀ ਮੌਜੂਦ ਰਹੇ।

# ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੇ ਆਦੇਸ਼ਾਂ 'ਤੇ ਟੀਜੀਟੀ ਹਿੰਦੀ ਅਧਿਆਪਕ ਨੂੰ ਕੀਤਾ ਸਸਪੈਂਡ

ਮਨਦੀਪ ਕੌਰ

ਚੰਡੀਗੜ੍ਹ, 4 ਫਰਵਰੀ - ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਆਦੇਸ਼ 'ਤੇ ਕਨੀਪਲਾ ਸਰਕਾਰੀ ਸੀਨੀਅਰ ਸੈਕੇਂਡਰੀ ਸਕੂਲ ਦੇ ਟੀਜੀਟੀ ਹਿੰਦੀ ਅਧਿਆਪਕ ਨੂੰ ਸਸਪੈਂਡ ਕਰ ਦਿੱਤਾ ਹੈ, ਇਸ ਅਧਿਆਪਕ 'ਤੇ ਸਕੂਲ ਦੀ ਵਿਦਿਆਰਥਣ ਦੇ ਲਾਲ ਗਲਤ ਵਿਹਾਰ ਕਰਨ ਦੇ ਮਾਮਲੇ ਵਿੱਚ ਪੋਕਸੋ ਐਕਟ ਤਹਿਤ ਮੁਕਦਮਾ ਦਰਜ ਕਰ ਗਿਰਫਤਾਰ ਕੀਤਾ ਗਿਆ ਸੀ। ਹੁਣ ਲਾਡਵਾ ਵਿੱਚ ਜਨਸੰਵਾਦ ਦੌਰਾਨ ਪਰਿਵਾਰਕ ਮੈਂਬਰਾਂ ਵੱਲੋਂ ਕੀਤੀ ਗਈ ਸ਼ਿਕਾਇਤ ਦੇ ਬਾਅਦ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਅਧਿਆਪਕ ਨੂੰ ਸਸਪੈਂਡ ਕਰਲ ਲਈ ਆਦੇਸ਼ ਦਿੱਤੇ। ਇੰਨ੍ਹਾਂ ਆਦੇਸ਼ਾਂ ਦੇ ਤੁਰੰਤ ਬਾਅਦ ਹਰਿਆਣਾ ਮੁੱਢਲੀ ਸਿਖਿਆ ਵਿਭਾਗ ਦੇ ਡਾਇਰੈਕਟਰ ਜਨਰਲ ਵੱਲੋਂ ਅਧਿਆਪਕ ਸਮੀਰ ਕੌਸ਼ਿਕ ਨੂੰ ਸਸਪੈਂਡ ਕਰ ਦਿੱਤਾ ਗਿਆ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਸਾਹਮਣੇ ਬੁੱਧਵਾਰ ਨੂੰ ਲਾਡਵਾ ਜਨਸੰਵਾਦ ਵਿੱਚ ਪੀੜਤ ਵਿਦਿਆਰਥਣ ਦੇ ਪਰਿਵਾਰਕ ਮੈਂਬਰਾਂ ਨੇ ਸ਼ਿਕਾਇਤ ਰੱਖੀ ਕਿ ਕਨੀਪਲਾ ਜੀਐਮਐਸਐਸ ਸਕੂਲ ਵਿੱਚ ਉਨ੍ਹਾਂ ਦੀ ਬੇਟੀ 7ਵੀਂ ਕਲਾਸ ਵਿੱਚ ਪੜ੍ਹਦੀ ਹੈ। ਇਸ ਸਕੂਲ ਦੇ ਅਧਿਆਪਕ ਸਮੀਰ ਕੌਸ਼ਿਕ ਨੇ ਉਨ੍ਹਾਂ ਦੀ ਬੇਟੀ ਨਾਲ ਦੁਰਵਿਵਹਾਰ ਕੀਤਾ। ਇਸ ਮਾਮਲੇ ਵਿੱਚ ਪੁਲਿਸ ਨੂੰ ਸ਼ਿਕਾਇਤ ਦਿੱਤੀ ਗਈ ਅਤੇ ਇਸ ਮਾਮਲੇ ਵਿੱਚ ਪੁਲਿਸ ਨੇ 19 ਦਸੰਬਰ ਨੂੰ ਵੱਖ-ਵੱਖ ਧਾਰਾਵਾਂ ਤਹਿਤ ਮੁਕਦਮਾ ਦਰਜ ਕੀਤਾ। ਇਸ ਐਫਆਈਆਰ ਦੇ ਬਾਅਦ ਪੁਲਿਸ ਨੇ ਦੋਸ਼ੀ ਅਧਿਆਪਕ ਨੂੰ ਗਿਰਫਤਾਰ ਵੀ ਕੀਤਾ, ਪਰ ਹੁਣ ਤੱਕ ਦੋਸ਼ੀ ਅਧਿਆਪਕ ਨੂੰ ਸਸਪੈਂਡ ਨਹੀਂ ਕੀਤਾ ਗਿਆ ਸੀ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਇਸ ਸ਼ਿਕਾਹਿਤ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਜਨਸੰਵਾਦ ਵਿੱਚ ਹੀ ਟੇਲੀਫੋਨ 'ਤੇ ਮੁੱਖ ਦਫਤਰ ਪੰਚਕੂਲਾ ਦੇ ਆਲਾ ਅਧਿਕਾਰੀਆਂ ਨੂੰ ਦੋਸ਼ੀ ਅਧਿਆਪਕ ਨੂੰ ਤੁਰੰਤ ਸਸਪੈਂਡ ਕਰਨ ਦੇ ਆਦੇਸ਼ ਜਾਰੀ ਕਰਨ ਦੇ ਨਿਰਦੇਸ਼ ਦਿੱਤੇ।

# ਸਾਲ 2026 ਦੀ ਸ਼ੁਰੂਆਤ ਵਿੱਚ ਹੀ ਮਿਲੀ 26 ਆਯੂਸ਼ ਡਿਸਪੈਂਸਰੀਆਂ ਖੋਲਣ ਦੀ ਮੰਜੂਰੀ - ਆਰਤੀ ਸਿੰਘ ਰਾਓ

ਰਮਨ ਕੁਮਾਰ

ਚੰਡੀਗੜ੍ਹ, - ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਕਿਹਾ ਕਿ ਆਯੂਸ਼ ਡਿਸਪੈਂਸਰੀ ਭਾਰਤ ਦੀ ਰਿਵਾਇਤੀ ਸਿਹਤ ਪ੍ਰਣਾਲੀਆਂ ਨੂੰ ਸੁਰੱਖਿਅਤ, ਸਸਤਾ ਅਤੇ ਸਰਲ ਬਣਾ ਕੇ ਇੱਕ ਸਿਹਤਮੰਦ ਰਾਸ਼ਟਰ ਦੇ ਨਿਰਮਾਣ ਵਿੱਚ ਮਦਦ ਕਰਦੇ ਹਨ। ਇਸੀ ਨੂੰ ਧਿਆਨ ਵਿੱਚ ਰੱਖਦੇ ਹੋਏ ਸੂਬਾ ਸਰਕਾਰ ਨੇ ਪੂਰੇ ਸੂਬੇ ਵਿੱਚ ਸਰਕਾਰੀ ਆਯੂਸ਼ ਡਿਸਪੈਂਸਰੀਆਂ ਖੋਲਣ ਦਾ ਫੈਸਲਾ ਕੀਤਾ ਹੈ। ਫਿਲਹਾਲ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੰਜ ਜਿਲ੍ਹਿਆਂ ਵਿੱਚ 26 ਆਯੂਸ਼ ਡਿਸਪੈਂਸਰੀ ਹੋਰ ਖੋਲਣ ਦੀ ਮੰਜੂਰੀ ਦੇ ਦਿੱਤੀ ਹੈ, ਬਾਕੀ ਜਿਲ੍ਹਿਆਂ ਵਿੱਚ ਵੀ ਜਲਦੀ ਹੀ ਮੈਪਿੰਗ ਕਰਵਾ ਕੇ ਇਹ ਡਿਸਪੈਂਸਰੀਆਂ ਖੋਲੀਆਂ ਜਾਣਗੀਆਂ। ਸਿਹਤ ਮੰਤਰੀ ਨੇ ਦਸਿਆ ਕਿ ਸੂਬਾ ਸਰਕਾਰ ਰਾਜ ਦੇ ਲੋਕਾਂ ਨੂੰ ਕਿਫਾਇਤੀ ਅਤੇ ਸਰਲ ਇਲਾਜ ਉਪਲਬਧ ਕਰਵਾਉਣ ਲਈ ਲਗਾਤਾਰ ਯਤਨਸ਼ੀਲ ਹੈ ਅਤੇ ਜਰੂਰਤ ਅਨੁਸਾਰ ਹਸਪਤਾਲ ਖੋਲੇ ਜਾ ਰਹੇ ਹਨ। ਅਤੇ ਸਸਤੀ ਦਵਾਈਆਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਨੇ ਦਸਿਆ ਕਿ ਰਿਵਾੜੀ ਜਿਲ੍ਹਾ ਦੇ 5 ਪਿੰਡਾਂ ਲਿਸਾਨ, ਕਰਵਾਰਾ ਮਾਨਕਪੁਰ, ਰੋਹੜਾਈ, ਜੈਸਿੰਘਪੁਰਾ, ਝਾਬੂਵਾ, ਮਹੇਂਦਰਗੜ੍ਹ ਜਿਲ੍ਹਾ ਦੇ 6 ਪਿੰਡਾਂ ਸੂਰਜਨਵਾਸ, ਗੂੜਾ, ਬੁਚਾਵਾਸ, ਬਾਵਨਿਆ, ਰਾਮਬਾਸ, ਰਸੂਲਪੁਰ, ਕਰਨਾਲ

**ਕਿਹਾ, 5 ਜਿਲ੍ਹਿਆਂ ਵਿੱਚ ਹੁਣ, ਬਾਕੀ ਜਿਲ੍ਹਿਆਂ ਵਿੱਚ ਵੀ ਜਲਦੀ ਖੋਲਣਗੇ ਨਿਯਮ ਅਨੁਸਾਰ ਡਿਸਪੈਂਸਰੀਆਂ**

ਜਿਲ੍ਹਾ ਦੇ 1 ਪਿੰਡ ਫਫੜਾਨਾ, ਕੁਰੂਕਸ਼ੇਤਰ ਜਿਲ੍ਹਾ ਦੇ 4 ਪਿੰਡ ਅਜਰਾਨਾ ਕਲਾਂ, ਕਾਲਿਸਾ, ਨਲਵੀ, ਮੋਹਰੀ ਅਤੇ ਯਮੁਨਾਨਗਰ ਜਿਲ੍ਹਾ ਦੇ 10 ਪਿੰਡ ਮਹਿਯੂਦੀਨਪੁਰ, ਰਤਨਗੜ੍ਹ, ਭਾਂਗੜਾ, ਤਲਕਪੁਰ, ਖੁਰਦਬਨ, ਤਾਜੇਵਾਲਾ, ਹਡੌਲੀ, ਲੇਡੀ, ਕੋਟ ਬਾਸਵਾ ਸਿੰਘ ਅਤੇ ਪਿੰਡ ਡਾਰਪੁਰ ਵਿੱਚ ਸਰਕਾਰੀ ਆਯੂਸ਼ ਡਿਸਪੈਂਸਰੀ ਖੋਲੀਆਂ ਜਾਣਗੀਆਂ। ਆਰਤੀ ਸਿੰਘ ਰਾਓ ਨੇ ਕਿਹਾ ਕਿ ਹਰਿਆਣਾ ਸੂਬੇ ਵਿੱਚ ਆਯੂਸ਼ ਪੱਦਤੀ ਨੂੰ ਪ੍ਰੋਤਸਾਹਨ ਦੇ ਰਹੀ ਹੈ। ਸੂਬੇ ਵਿੱਚ ਆਯੂਸ਼ ਸੇਵਾਵਾਂ ਨੂੰ ਮਜਬੂਤ ਕੀਤਾ ਜਾ ਰਿਹਾ ਹੈ। ਕੁਰੂਕਸ਼ੇਤਰ ਵਿੱਚ ਆਯੂਸ਼ ਯੂਨੀਵਰਸਿਟੀ ਸਥਾਪਿਤ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਕਿਹਾ ?ਕ ਸੂਬਾ ਸਰਕਾਰ ਸੂਬੇ ਦੀ ਜਨਤਾ ਦੀ ਸਿਹਤ ਦੇ ਸੁਧਾਰ ਲਈ ਪ੍ਰਤੀਬੱਧ ਹੈ।




# ਕਾਰ ਲੁੱਟਣ ਦੇ ਮਾਮਲੇ ਵਿੱਚ ਦੋ ਹੋਰ ਗ੍ਰਿ੍ਫਤਾਰ

ਪੰਕਜ

ਸ਼ਾਹਬਾਦ ਮਾਰਕੰਡਾ, ਜ਼ਿਲ੍ਹਾ ਪੁਲੀਸ ਨੇ ਡਕੈਤੀ ਦਾ ਮਾਮਲੇ ਸੁਲਝਾਉਂਦਿਆਂ ਬੰਦੂਕ ਦਿਖਾ ਕੇ ਵਪਾਰੀ ਦੀ ਕਾਰ ਲੁੱਟਣ ਵਾਲੇ ਦੋ ਹੋਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਜ਼ਿਲ੍ਹਾ ਪੁਲੀਸ ਕਪਤਾਨ ਨਿਤੀਸ਼ ਅਗਰਵਾਲ ਦੀ ਅਗਵਾਈ ਹੇਠ ਅਪਰਾਧ ਜਾਂਚ ਸ਼ਾਖਾ ਦੋ ਦੀ ਟੀਮ ਨੇ ਸੱਜਣ ਕੁਮਾਰ ਵਾਸੀ ਮਦੀਨਾ ਅਤੇ ਅਨਿਰੁੱਧ ਉਰਫ ਅਨੂ ਵਾਸੀ ਬਾਹੂ ਅਕਬਰਪੁਰ (ਜ਼ਿਲ੍ਹਾ ਰੋਹਤਕ) ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲੀਸ ਬੁਲਾਰੇ ਅਨੁਸਾਰ 24 ਦਸੰਬਰ ਨੂੰ ਕੁਰੂਕਸ਼ੇਤਰ ਦੇ ਵਸਨੀਕ ਅਤੇ ਪੇਸ਼ੇ ਤੋਂ ਜੌਹਰੀ ਸਾਗਰ ਸ਼ਾਹ ਨੇ ਇਸ ਸਬੰਧੀ ਸ਼ਿਕਾਇਤ ਦਰਜ ਕਰਵਾਈ ਸੀ। ਉਨ੍ਹਾਂ ਦੱਸਿਆ ਸੀ ਕਿ ਉਨ੍ਹਾਂ ਦਾ ਡਰਾਈਵਰ ਅਤੇ ਇੱਕ ਕਰਮਚਾਰੀ ਕੰਮ ਖ਼ਤਮ ਕਰ ਕੇ 152 ਡੀ ਰਾਹੀਂ ਸ਼ਾਹਬਾਦ ਤੋਂ ਵਾਪਸ ਆ ਰਹੇ ਸਨ। ਜਦੋਂ ਉਹ ਪਿੰਡ ਤਲਹੇੜੀ ਨੇੜੇ ਪੁੱਜੇ ਤਾਂ ਪਿੱਛੇ ਆ ਰਹੀ ਕਾਰ ਵਿੱਚ ਸਵਾਰ

**ਬੰਦੂਕ ਦਿਖਾ ਕੇ ਖੋਹੀ ਸੀ ਜੌਹਰੀ ਦੀ ਕਾਰ; ਮੁਲਜ਼ਮਾਂ ਕੋਲੋਂ 50 ਹਜ਼ਾਰ ਰੁਪਏ ਬਰਾਮਦ**

ਨੌਜਵਾਨਾਂ ਨੇ ਉਨ੍ਹਾਂ ਨੂੰ ਰੋਕ ਲਿਆ। ਜਿਵੇਂ ਹੀ ਡਰਾਈਵਰ ਬਾਹਰ ਨਿਕਲਿਆ, ਮੁਲਜ਼ਮਾਂ ਨੇ ਪਿਸਤੌਲ ਤਾਣ ਦਿੱਤੀ ਅਤੇ ਹਮਲਾ ਕਰ ਕੇ ਕੀਮਤੀ ਸਾਮਾਨ, ਮੋਬਾਈਲ ਅਤੇ ਕਾਰ ਦੀਆਂ ਚਾਬੀਆਂ ਖੋਹ ਕੇ ਫ਼ਰਾਰ ਹੋ ਗਏ। ਇਸ ਸਬੰਧੀ ਥਾਣਾ ਇਸਮਾਈਲਾਬਾਦ ਵਿੱਚ ਕੇਸ ਦਰਜ ਕੀਤਾ ਗਿਆ ਸੀ।

# ਨੌਜੁਆਨਾਂ ਦੀ ਭਾਗੀਦਾਰੀ ਨਾਲ ਰਾਜਨੀਤੀ ਦੇ ਮਾਅਨੇ ਬਦਲ ਰਹੇ ਹਨ ਪ੍ਰਧਾਨ ਮੰਤਰੀ ਮੋਦੀ - ਡਾ. ਅਰਵਿੰਦ ਸ਼ਰਮਾ

ਕੈਪਟਨ ਸੁਭਾਸ਼ ਚੰਦਰ ਸ਼ਰਮਾ

ਚੰਡੀਗੜ੍ਹ, - ਹਰਿਆਣਾ ਦੇ ਸਹਿਕਾਰਤਾ, ਜੇਲ੍ਹ, ਚੋਣ, ਵਿਰਾਸਤ ਅਤੇ ਸੈਰ-ਸਪਾਟਾ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਬੀਤੇ 11 ਸਾਲਾਂ ਵਿੱਚ ਰਾਜਨੀਤੀ ਦੇ ਮਾਅਨੇ ਬਦਲਦੇ ਹੋਏ ਇੱਕ ਕਰੋੜ ਨੌਜੁਆਨਾਂ ਨੂੰ ਰਾਜਨੀਤੀ ਵਿੱਚ ਲਿਆਉਣ ਦਾ ਵਿਚਾਰ ਦਿੱਤਾ ਹੈ, ਤਾਂ ਜੋ ਸਾਡੇ ਸਮਰੱਥਾਵਾਨ ਨੌਜੁਆਨ ਦੇਸ਼ ਨੂੰ ਮਜਬੂਤ ਬਨਾਉਣ ਅਤੇ ਸਾਲ 2047 ਤੱਕ ਵਿਕਸਿਤ ਭਾਂਰਤ ਦੇ ਸੰਕਲਪ ਨੂੰ ਪੂਰਾ ਕਰਨ ਵਿੱਚ ਆਪਣੀ ਮਹਤੱਵਪੂਰਣ ਭੂਮਿਕਾ ਨਿਭਾ ਸਕਣ। ਉਨ੍ਹਾਂ ਨੇ ਕਿਹਾ ਕਿ ਅਖਿਲ ਭਾਰਤੀ ਵਿਦਿਆਰਥੀ ਪਰਿਸ਼ਦ (ਏਬੀਵੀਪੀ) ਵੱਲੋਂ ਰਾਸ਼ਟਰਵਿਆਪੀ ਸਕ੍ਰੀਨ ਟਾਇਮ ਟੂ ਏਕਟੀਵਿਟੀ ਟਾਇਮ ਮੁਹਿੰਮ ਤਹਿਤ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਤੋਂ ਸ਼ੁਰੂ ਕੀਤੀ ਗਈ ਸਕ੍ਰੀਨ ਟਾਇਮ ਟੂ ਪਸੋਰਟਸ ਟਾਇਮ ਮੁਹਿੰਮ ਨਾ ਸਿਰਫ ਚੰਡੀਗੜ੍ਹ ਸਗੋ ਹਰਿਆਣਾ ਅਤੇ ਪੰਜਾਬ ਦੇ ਨੌਜੁਆਨਾਂ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਦਾ ਮਜਬੂਤ ਸਰੋਤ ਬਣੇਗੀ। ਬੁੱਧਵਾਰ ਨੂੰ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿੱਚ ਏਬੀਵੀਪੀ ਵੱਲੋਂ ਆਯੋਜਿਤ ਪੀਯੂ ਓਲੰਪਿਕਸ ਖੇਡਾਂ ਦਾ ਉਦਘਾਟਨ ਕਰਦੇ ਹੋਏ ਸਹਿਕਾਰਤਾ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਨੌਜੁਆਨਾਂ ਨਾਲ ਸੰਵਾਦ ਕਰਦੇ ਹੋਏ ਕਿਹਾ ਕਿ ਭਾਰਤ ਵਿੱਚ ਖੇਡਾਂ ਨੂੰ ਜੋ ਨਵੀਂ ਦਿਸ਼ਾ ਅਤੇ ਪਹਿਚਾਣ ਮਿਲੀ ਹੈ, ਉਸ ਦੇ ਪਿੱਛੇ ਪ੍ਰਧਾਨ ਮੰਤਰੀ ਨਰੇਂਦ ਮੋਦੀ ਦੀ ਦੂਰਦਰਸ਼ੀ ਅਗਵਾਈ ਹੈ। ਉਨ੍ਹਾਂ ਨੇ ਖੇਡਾਂ ਨੂੰ ਸਿਰਫ ਮਨੋਰੰਜਨ ਦਾ ਸਾਧਨ ਨਹੀਂ, ਸਗੋ ਰਾਸ਼ਟਰ ਨਿਰਮਾਣ ਦਾ ਮਹਤੱਵਪੂਰਣ ਸਰੋਤ ਮੰਨਿਆ ਹੈ। ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ ਫਿੱਟ ਇੰਡੀਆ ਮੂਵਮੈਂਟ, ਖੇਲੋ ਇੰਡੀਆ, ਓਲੰਪਿਕ ਅਤੇ ਪੈਰਾਲੰਪਿਕ ਖਿਡਾਰੀਆਂ ਨੂੰ ਮਿਲਣ ਵਾਲਾ ਪ੍ਰੋਤਸਾਹਨ ਇਸ ਗੱਲ ਦਾ ਪ੍ਰਮਾਣ ਹੈ ਕਿ ਕੇਂਦਰ ਸਰਕਾਰ ਖੇਡਾਂ ਨੂੰ ਵਿਕਸਿਤ ਭਾਰਤ ਦੀ ਨੀਤੀ ਦੇ ਕੇਂਦਰ ਵਿੱਚ ਰੱਖ ਰਹੀ ਹੈ। ਪ੍ਰਧਾਨ ਮੰਤਰੀ ਖੁਦ ਖਿਡਾਰੀਆਂ ਨਾਲ ਸੰਵਾਦ ਕਰਦੇ ਹਨ ਅਤੇ ਉਨ੍ਹਾਂ ਦਾ ਹੌਂਸਲਾ ਵਧਾਉਂਦੇ ਹਨ। ਕੈਬਨਿਟ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਏਬੀਵੀਪੀ ਦੀ ਸਕ੍ਰੀਨ ਟਾਇਮ ਟੂ ਸਪੋਰਟਸ ਟਾਇਮ ਮੁਹਿੰਮ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਸਸ਼ਕਤ ਯੁਵਾ, ਸਸ਼ਕਤ ਰਾਸ਼ਟਰ ਦੀ ਭਾਵਨਾ ਦੇ ਨਾਲ ਏਬੀਵੀਪੀ ਦੇ ਦਿਹਾਕਿਆਂ ਤੋਂ ਚੱਲੇ ਆ ਰਹੇ ਯਤਨ, ਮਿਹਨਤ ਅਤੇ ਕਰੋੜਾਂ ਨੌਜੁਆਨਾਂ ਦੇ ਸਪਨਿਆਂ ਦੇ ਪ੍ਰਹਰੀ ਵਜੋ ਨਿਭਾਈ ਜਾ ਰਹੀ ਜਿਮੇਵਾਰੀ ਕਿਸੇ ਤੋਂ ਲੁਕੀ ਨਹੀਂ ਹੈ। ਏਬੀਵੀਪੀ ਮਹਿਜ ਇੱਕ ਸੰਗਠਨ ਨਹੀਂ, ਸਗੋ ਇੱਕ ਨੌਜੁਆਨ ਅੰਦੋਲਨ ਹੈ। ਉਨ੍ਹਾਂ ਨੇ ਕਿਹਾ ਕਿ ਇੱਕ ਹਫਤੇ ਤੱਕ ਚੱਲਣ ਵਾਲੇ ਪੀਯੂ ਓਲੰਪਿਕਸ ਸਿਰਫ ਖੇਤਾਂ ਦਾ ਉਤਸਵ ਨਹੀਂ ਹੈ, ਸਗੋ ਇਹ ਯੁਵਾ ਭਾਰਤ ਦੇ ਚਰਿੱਤਰ, ਅਨੁਸਾਸ਼ਨ ਅਤੇ ਅਗਵਾਈ ਸਮਰੱਥਾ ਦਾ ਉਤਸਵ ਹੈ। ਅੱਜ ਮੋਬਾਇਲ ਸਾਡੀ ਜੇਬਲ ਵਿੱਚ ਹੈ, ਪਰ ਖੇਡ ਦਾ ਮੈਦਾਨ ਸਾਡੇ ਜੀਵਨ ਤੋਂ ਬਾਹਰ ਹੁੰਦਾ ਜਾ ਰਿਹਾ ਹੈ। ਜਦੋਂ ਮੋਬਾਇਲ ਸਾਡਾ ਮਾਲਿਕ ਬਣ ਜਾਵੇ, ਤਾਂ ਸਮਝ ਲੈਣਾ ਕਿ ਖਤਰਾ ਸ਼ੁਰੂ ਹੋ ਗਿਆ ਹੈ। ਗੈਜ਼ਟਸ ਸਾਡੀ ਜੀਵਨਸ਼ੈਲੀ ਨੂੰ ਸਹੂਲਤਜਨਕ ਬਨਾਉਣ ਦੇ ਨਾਲ-ਨਾਲ ਇੱਕ ਗੰਭੀਰ ਚਨੌਤੀ ਵੀ ਖੜੀ ਕਰ ਰਹੇ ਹਨ। ਪੀਯੂ ਓਲੰਪਿਕਸ ਦਾ ਉਦੇਸ਼ ਸਕ੍ਰੀਨ ਟਾਇਮ ਤੋਂ ਸਪੋਰਟਸ ਟਾਇਮ ਦੇ ਵੱਲ ਨੌਜੁਆਨਾਂ ਨੂੰ ਪੇ ?ਗਰਿਤ ਕਰਨਾ ਹੈ, ਜੋ ਮੌਜੂਦਾ ਸਮੇਂ ਦਾ ਸੱਭ ਤੋਂ ਸਾਰਥਕ ਅਤੇ ਦੂਰਦਰਸ਼ੀ ਸੰਦੇਸ਼ ਹੈ। ਸੈਰ-ਸਪਾਟਾ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਖੇਡ ਮੈਦਾਨ ਉਹ ਥਾਂ ਹੈ, ਜਿੱਥੇ ਸ਼ਰੀਰ ਮਜਬੂਤ ਹੁੰਦਾ ਹੈ, ਮਨ ਸੰਤੁਲਿਤ ਰਹਿੰਦਾ ਹੈ ਅਤੇ ਸਖਸ਼ੀਅਤ ਨਿਖਰਦੀ ਹੈ। ਸਕ੍ਰੀਨ ਸਾਨੂੰ ਦੁਨੀਆ ਦਿਖਾਉਂਦੀ ਹੈ, ਪਰ ਖੇਡ ਦਾ ਮੈਦਾਨ ਸਾਨੂੰ ਖੁਦ ਨੂੰ ਪਹਿਚਾਨਣ ਦਾ ਮੌਕਾ ਦਿੰਦਾ ਹੈ। ਅੱਜ ਸਮੇਂ ਦੀ ਮੰਗ ਹੈ ਕਿ ਸਾਡੇ ਨੌਜੁਆਨ ਮੋਬਾਇਲ ਦੀ ਸਕ੍ਰੀਨ ਤੋਂ ਹਟਾ ਕੇ ਖੇਡ ਦੇ ਮੈਦਾਨ ਦੀ ਮਿੱਟੀ ਨੂੰ ਮਹਿਸੂਸ ਕਰਨ, ਪਸੀਨੇ ਦੀ ਬੂੰਦਾਂ ਨੂੰ ਸਨਮਾਨ ਦੇਣ ਅਤੇ ਹਰ ਜਿੱਤ ਦੋਨਾਂ ਨੂੰ ਜੀਵਨ ਦਾ ਹਿੱਸਾ ਮੰਨਾ ਸਿੱਖਣ। ਉਨ੍ਹਾਂ ਨੇ ਹਰਿਆਣਾ ਦਾ ਉਦਾਹਰਣ ਦਿੰਦੇ ਹੋਏ ਕਿਹਾ ਕਿ ਅੱਜ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹਰਿਆਣਾ ਖਿਡਾਰੀਆਂ ਦਾ ਸੂਬੇ ਬਣ ਰਿਹਾ ਹੈ। ਹਰਿਆਣਾ ਨੂੰ ਅੱਜ ਨਾ ਸਿਰਫ ਦੇਸ਼, ਸਗੋ ਦੁਨੀਆ ਇੱਕ ਸਪੋਰਟਸ ਪਾਵਰ ਹਾਊਸ ਵਜੋ ਜਾਣਦੀ ਹੈ। ਸਾਲ 2014 ਤੋਂ ਹੁਣ ਤੱਕ ਭਾਜਪਾ ਸਰਕਾਰ ਵੱਲੋਂ 16,418 ਖਿਡਾਰੀਆਂ ਨੂੰ 683 ਕਰੋੜ ਰੁਪਏ ਨਗਦ ਪੁਰਸਕਾਰ ਵਜੋ ਦਿੱਤੇ ਜਾ ਚੁੱਕੇ ਹਨ, ਜਦੋਂ ਕਿ 231 ਖਿਡਾਰੀਆਂ ਨੂੰ ਉਨ੍ਹਾਂ ਦੀ ਸਿਖਿਆ ਅਨੁਰੂਪ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹਰਿਆਣਾ ਸਰਕਾਰ ਦੀ ਨੀਤੀ ਖਿਡਾਰੀਆਂ ਨੂੰ ਸਨਮਾਨ, ਸੁਰੱਖਿਆ ਅਤੇ ਸੁਨਹਿਰਾ ਭਵਿੱਖ ਦੇਣ ਦੀ ਹੈ। ਇਸ ਮੌਕੇ 'ਤੇ ਏਬੀਵੀਪੀ ਦੇ ਰਾਸ਼ਟਰੀ ਸਹਿ ਸੰਗਠਨ ਮੰਤਰੀ ਦੇਵਰਾਜ ਜੋਸ਼ੀ, ਵਿਦਿਆਰਥੀ ਕਲਿਆਣ ਡੀਨ ਡਾ. ਅਮਿਤ ਚੌਹਾਨ, ਏਬੀਵੀਪੀ ਦੇ ਰਾਸ਼ਟਰੀ ਮੰਤਰੀ ਅਦਿਤਅ ਤਕਿਯਾਰ, ਏਬੀਵੀਪੀ ਪੰਜਾਬ ਸੂਬਾ ਪ੍ਰਧਾਨ ਡਾ. ਪ੍ਰਸ਼ਾਂਤ ਗੌਤਮ, ਖੇਤਰੀ ਸੰਗਠਨ ਮੰਤਰੀ ਗੌਰਵ ਅੱਤਰੀ, ਸੂਬਾ ਮੰਤਰੀ ਜਸਕਰਣ ਭੁੱਲਰ, ਸੂਬਾ ਸੰਗਠਨ ਮੰਤਰੀ ਸ਼ਮਸ਼ੇਰ ਸਿੰਘ ਚੌਹਾਨ, ਪੰਜਾਬ ਯੂਨੀਵਰਸਿਟੀ ਵਿਦਿਆਰਥੀ ਸੰਘ ਪ੍ਰਧਾਨ ਗੌਰਵਵੀਰ ਸੋਹਲ, ਖੇਡੋਂ ਭਾਰਤ ਸੰਯੋਜਕ ਅਰਪਿਤਾ ਮਲਿਕ ਸਮੇਤ ਹੋਰ ਮਾਣਯੋਗ ਵਿਅਕਤੀ ਮੌਜੂਦ ਰਹੇ।

**ਵਿਕਸਿਤ ਭਾਰਤ ਦੇ ਸੰਕਲਪ ਨੂੰ ਪੂਰਾ ਕਰਨ ਦਾ ਸੱਭ ਤੋਂ ਵੱਡਾ ਸਰੋਤ ਯੁਵਾ, ਇੱਕ ਕਰੋੜ ਨੌਜੁਆਨਾ ਨੂੰ ਰਾਜਨੀਤੀ ਵਿੱਚ ਲਿਆਉਣਗੇ**

# ਮੋਦੀ ਸਰਕਾਰ 3.0 ਵੱਲੋਂ ਪੇਸ਼ ਕੀਤਾ ਗਿਆ ਬਜਟ ਸਿਰਫ ਇੱਕ ਵਿੱਤੀ ਦਸਤਾਵੇਜ ਨਹੀਂ, ਸਗੋ ਵਿਕਸਿਤ ਭਾਰਤ ਦੀ ਤਸਵੀਰ ਪੇਸ਼ ਕਰਦਾ ਹੈ-ਮੁੱਖ ਮੰਤਰੀ ਨਾਇਬ ਸਿੰਘ ਸੈਣੀ

## 16ਵੇਂ ਵਿੱਤ ਕਮਿਸ਼ਨ ਦੇ ਸਮੇਂ ਵਿੱਚ ਹਰਿਆਣਾ ਨੂੰ ਕਰੀਬ ਇੱਕ ਲੱਖ ਕਰੋੜ ਰੁਪਏ ਕੇਂਦਰੀ ਟੈਕਸਾਂ ਤੋਂ ਪ੍ਰਾਪਤ ਹੋਣਗੇ

ਮਨਦੀਪ ਕੌਰ

ਚੰਡੀਗੜ੍ਹ, - ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਚੱਲ ਰਹੀ 3.0 ਕੇਂਦਰ ਸਰਕਾਰ ਵੱਲੋਂ ਹਾਲ ਹੀ ਵਿੱਚ ਪੇਸ਼ ਕੀਤਾ ਗਿਆ ਦੂਜਾ ਬਜਟ ਸਿਰਫ ਇੱਕ ਵਿੱਤੀ ਦਸਤਾਵੇਜ ਨਹੀਂ ਹੈ, ਸਗੋ ਇਹ ਉਸ ਭਾਰਤ ਦੀ ਤਸਵੀਰ ਪੇਸ਼ ਕਰਦਾ ਹੈ ਜੋ ਆਤਮਨਿਰਭਰ ਹੈ, ਮੁਕਾਬਲੇਬਾਜੀ ਹੈ ਅਤੇ ਸਮਾਜਿਕ ਰੂਪ ਨਾਲ ਸੰਵੇਦਨਸ਼ੀਲ ਵੀ ਹੈ। ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਇਹ ਬਜਟ ਵਿਕਾਸ ਵੀ, ਵਿਸ਼ਵਾਸ ਵੀ ਦੇ ਸਿਦਾਂਤ 'ਤੇ ਅਧਾਰਿਤ ਹੈ ਅਤੇ ਹਰਿਆਣਾ ਵਰਗੇ ਮੋਹਰੀ ਸੂਬੇ ਲਈ ਇਸ ਵਿੱਚ ਅਪਾਰ ਮੌਕੇ ਨਿਹਿਤ ਹਨ। ਮੁੱਖ ਮੰਤਰੀ ਬੁੱਧਵਾਰ ਨੂੰ ਹਰਿਆਣਾ ਨਿਵਾਸ 'ਤੇ ਪ੍ਰੈਸ ਕਾਨਫ ?ਰੈਂਸ ਨੂੰ ਸੰਬੋਧਿਤ ਕਰ ਰਹੇ ਸਨ। ਉਨ੍ਹਾਂ ਨੇ ਇਸ ਦੌਰਾਨ ਕੇਂਦਰੀ ਬਜਟ 2026-27 ਦੀ ਭਾਵਨਾ, ਦਿਸ਼ਾ ਅਤੇ ਉਸ ਦੇ ਮਹਤੱਵਪੂਰਣ ਪਹਿਲੂਆਂ 'ਤੇ ਆਪਣੀ ਗੱਲ ਰੱਖਦੇ ਹੋਏ ਕੇਂਦਰ ਸਰਕਾਰ ਦੇ ਬਜਟ ਦਾ ਹਰਿਆਣਾ 'ਤੇ ਪੈਣ ਵਾਲੇ ਸਿੱਧੇ ਪ੍ਰਭਾਵਾਂ ਨੂੰ ਵੀ ਦਸਿਆ। ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਹ ਬਜਟ ਉਸ ਭਾਰਤ ਦੀ ਸੋਚ ਨੂੰ ਦਰਸ਼ਾਉਂਦਾ ਹੈ, ਜਿੱਥੇ ਵਿਕਾਸ ਦਾ ਮਤਲਬ ਸਿਰਫ ਵੱਡੇ ਸ਼ਹਿਰ ਨਹੀਂ, ਸਗੋ ਪਿੰਡ, ਕਿਸਾਨ, ਮਹਿਲਾ, ਨੌਜੁਆਨ ਅਤੇ ਮਜਦੂਰ ਵੀ ਹਨ। ਜਿੱਥੇ ਅਰਥਵਿਵਸਥਾ ਮਜਬੂਤ ਹੋਵੇ, ਪਰ ਸਮਾਜ ਦਾ ਆਖੀਰੀ ਵਿਅਕਤੀ ਵੀ ਸੁਰੱਖਿਅਤ ਅਤੇ ਸਨਮਾਨਿਤ ਮਹਿਸੂਸ ਕਰਨ। ਉਨ੍ਹਾਂ ਨੇ ਕਿਹਾ ਕਿ ਇਸ ਬਜਟ ਵਿੱਚ ਵਿਕਸਿਤ ਭਾਰਤ ਦੇ ਥੰਮ ?ਹ ਗਰੀਬ, ਯੁਵਾ, ਮਹਿਲਾ ਅਤੇ ਕਿਸਾਨ ਨੂੰ ਕੇਂਦਰ ਵਿੱਚ ਰੱਖਿਆ ਗਿਆ ਹੈ ਅਤੇ ਇਹੀ ਪ੍ਰਧਾਨ ਮੰਤਰੀ ਦੀ ਅਗਵਾਈ ਹੇਠ ਸਾਡੀ ਵਿਕਾਸ ਨੀਤੀ ਦਾ ਵੀ ਮੂਲਮੰਤਰ ਹੈ। ਇਸ ਬਜਟ ਦਾ ਮੂਲ ਉਦੇਸ਼ ਹੈ, ਸੰਦੇਹ ਦੇ ਸਥਾਨ 'ਤੇ ਐਕਸ਼ਨ, ਦਿਖਾਵੇ ਦੇ ਸਥਾਨ 'ਤੇ ਸੁਧਾਰ ਅਤੇ ਲੋਕ-ਲੁਭਾਵਣ ਐਲਾਨਾਂ ਦੇ ਸਥਾਨ 'ਤੇ ਜਨਹਿਤ ਨੂੰ ਪ੍ਰਾਥਮਿਕਤਾ। ਸਰਕਾਰ ਨੇ ਇਸ ਬਜਟ ਵਿੱਚ ਲਗਭਗ 7 ਫੀਸਦੀ ਦੀ ਉੱਚ ਆਰਥਕ ਵਿਕਾਸ ਦਰ ਨੂੰ ਟੀਚਾ ਬਣਾਉਂਦੇ ਹੋਏ ਰਾਜਕੋਸ਼ੀਅ ਅਨੁਸਾਸ਼ਨ ਅਤੇ ਸਮਾਜਿਕ ਨਿਆਂ, ਦੋਨੋਂ ਦੇ ਵਿੱਚ ਸੰਤੁਲਨ ਸਾਧਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੇਸ਼ ਕੀਤੇ ਗਏ ਬਜਟ ਵਿੱਚ ਦੇਸ਼ ਦੀ ਅਰਥਵਿਵਸਥਾ ਨੂੰ ਗਤੀ ਦੇਣ ਲਈ ਪਬਲਿਕ ਪੂੰਜੀਗਤ ਕੰਮ ਨੂੰ ਲਗਭਗ 12 ਲੱਖ 20 ਹਜਾਰ ਕਰੋੜ ਰੁਪਏ ਤੱਕ ਵਧਾਇਆ ਗਿਆ ਹੈ। ਇਹ ਨਿਵੇਸ਼ ਸੜਕਾਂ, ਰੇਲ, ਸ਼ਹਿਰੀ ਬੁਨਿਆਦੀ ਢਾਂਚੇ, ਉਦਯੋਗਿਕ ਕੋਰੀਡੋਰ ਅਤੇ ਲਾਜਿਸਟਿਕਸ ਨੂੰ ਮਜਬੂਤ ਕਰੇਗਾ। ਇਸ ਦਾ ਸਿੱਧਾ ਲਾਭ ਹਰਿਆਣਾ ਨੂੰ ਮਿਲੇਗਾ, ਕਿਉਂਕਿ ਸਾਡਾ ਰਾਜ ਦਿੱਲੀ-ਐਨਸੀਆਰ, ਉਦਯੋਗਿਕ ਗਲਿਆਰਿਆਂ ਅਤੇ ਕੌਮੀ ਰਾਜਮਾਰਗਾਂ ਦਾ ਕੇਂਦਰ ਹੈ। ਇਸ ਨਿਵੇਸ਼ ਨਾਲ ਨਾ ਸਿਰਫ ਵਿਕਾਸ ਕੰਮ ਤੇਜ ਹੋਣਗੇ, ਸਗੋ ਲੱਖਾਂ ਸਹੂਲਤਾਂ ਦੇ ਲਈ ਰੁਜਗਾਰ ਦੇ ਨਵੇਂ ਮੌਕੇ ਵੀ ਪੈਦਾ ਹੋਣਗੇ। ਉਨ੍ਹਾਂ ਨੇ ਕਿਹਾ ਕਿ ਬਜਟ ਵਿੱਚ ਨੌਜੁਆਨਾ ਦੇ ਲਈ ਕੀ ਹੈ? ਇਸ 'ਤੇ ਵੱਡੀ ਚਰਚਾ ਹੋ ਰਹੀ ਹੈ। ਕੇਂਦਰ ਸਰਕਾਰ ਸਾਡੇ ਨੌਜੁਆਨਾਂ ਨੂੰ ਦੇਸ਼ ਦੀ ਸੱਭ ਤੋਂ ਵੱਡੀ ਪੂੰਜੀ ਮੰਨਦੀ ਹੈ। ਨੌਜੁਆਨ ਸਕਿਲ ਵਿਕਾਸ ਤੇ ਸਿਖਿਆ ਖੇਤਰ ਲਈ 1 ਲੱਖ 39 ਹਜ਼ਾਰ ਕਰੋੜ ਰੁਪਏ ਦਾ ਪ੍ਰਾਵਧਾਨ ਕੀਤਾ ਅ ?ਗਾ ਹੈ। ਦੇਸ਼ ਦੇ 1 ਲੱਖ 50 ਹਜ਼ਾਰ ਤੋਂ ਵੱਧ ਨੌਜੁਆਨਾਂ ਨੂੰ ਨਵੀਂ ਉਮਰ ਦੀ ਸਕਿਲਸ ਦੀ ਸਿਖਲਾਈ ਵੀ ਪ੍ਰਦਾਨ ਕੀਤਾ ਜਾਵੇਗਾ। ਇਸ ਲਈ ਕੇਂਦਰੀ ਬਜਟ ਵਿੱਚ ਸਕਿਲ ਵਿਕਾਸ, ਰੁਜ਼ਗਾਰ ਅਤੇ ਭਵਿੱਖ ਦੀ ਤਕਨੀਕਾਂ ਲਈ 15 ਹਜ਼ਾਰ ਕਰੋੜ ਰੁਪਏ ਤੋਂ ਵੱਧ ਦਾ ਪ੍ਰਾਵਧਾਨ ਕੀਤਾ ਗਿਆ ਹੈ। ਆਰਟੀਫੀਸ਼ਿਅਲ ਇੰਟੇਲੀਜੈਂਸ , ਰੋਬੋਟਿਕਸ, ਬਾਇਓਟੇਕ ਅਤੇ ਸਾਈਬਰ ਸਿਕਓਰਿਟੀ ਵਰਗੀ ਤਕਨੀਕਾਂ ਲਈ 10 ਹਜ਼ਾਰ ਕਰੋੜ ਰੁਪਏ ਦਾ ਵਿਸ਼ੇਸ਼ ਫੰਡ ਰੱਖਿਆ ਗਿਆ ਹੈ।ਇਸ ਦਾ ਸਿੱਧਾ ਲਾਭ ਗੁਰੂਗ੍ਰਾਮ, ਫਰੀਦਾਬਾਦ, ਪੰਚਕੂਲਾ ਅਤੇ ਰੋਹਤਕ ਵਰਗੇ ਵਿਦਿਅਕ ਅਤੇ ਤਕਨੀਕੀ ਕੇਂਦਰਾਂ ਨੂੰ ਮਿਲੇਗਾ, ਜਿੱਥੇ ਸਾਡੇ ਯੁਵਾ ਵਿਸ਼ਵ ਪੱਧਰੀ ਅੱਤ-ਆਧੁਨਿਕ ਸਕਿਲ ਸਿੱਖ ਕੇ ਉੱਚ-ਆਮਦਨ ਰੁਜ਼ਗਾਰ ਪ੍ਰਾਪਤ ਕਰ ਸਕਣਗੇ। ਮੁੱਖ ਮੰਤਰੀ ਨੇ ਕਿਹਾ ਕਿ ਸਟਾਰਟਅੱਪ ਅਤੇ ਉਦਮਤਾ ਲਈ ਵੀ 7,500 ਕਰੋੜ ਰੁਪਏ ਦੇ ਪ੍ਰਾਵਧਾਨ ਨਾਲ ਹਰਿਆਣਾ ਦਾ ਸਟਾਰਟਅੱਪ ਇਕੋਸਿਸਟਮ ਹੋਰ ਮਜਬੂਤ ਹੋਵੇਗਾ। ਇਸ ਨਾਲ ਸੂਬੇ ਵਿੱਚ ਨਵਾਚਾਰ ਨੂੰ ਪ੍ਰੋਤਸਾਹਨ ਮਿਲੇਗਾ ਅਤੇ ਸਾਡਾ ਨੌਜੁਆਨ ਰੁਜ਼ਗਾਰ ਮੰਗਣ ਵਾਲਾ ਨਹੀਂ, ਸਗੋ ਰੁਜ਼ਗਾਰ ਦੇਣ ਵਾਲਾ ਬਣੇਗਾ। ਉਨ੍ਹਾਂ ਨੇ ਕਿਹਾ ਕਿ ਅੱਜ ਹਰਿਆਣਾ ਭਾਰਤ ਵਿੱਚ ਸਟਾਰਅੱਪ ਦੀ ਗਿਣਤੀ ਵਿੱਚ ਚੋਥੇ ਵੱਡੇ ਸੂਬੇ ਵਜੋ ਉਭਰਿਆ ਹੈ। ਮੌਜੂਦਾ ਵਿੱਚ, ਹਰਿਆਣਾ ਵਿੱਚ 9,100 ਤੋਂ ਵੱਧ ਮਾਨਤਾ ਪ੍ਰਾਪਤ ਸਟਾਰਟਅੱਪ ਹਨ। ਸੂਬੇ ਵਿੱਚ 19 ਯੂਨੀਕਾਰਨ ਕੰਪਨੀਆਂ ਹਨ। ਇਸ ਤੋਂ ਇਲਾਵਾ, 250 ਤੋਂ ਵੱਧ ਫਾਰਚੂਨ-500 ਕੰਪਨੀਆਂ ਵੀ ਇੱਥੇ ਹਨ। ਉਨ੍ਹਾਂ ਨੇ ਕਿਹਾ ਕਿ ਇਸ ਤੋਂ ਵੀ ਵੱਧ ਖੁਸ਼ੀ ਦੀ ਗੱਲ ਇਹ ਹੈ ਕਿ ਲਗਭਗ 50 ਫੀਸਦੀ ਸਟਾਰਟਅੱਪ ਮਹਿਲਾਵਾਂ ਚਲਾ ਰਹੀਆਂ ਹਨ। ਸੂਬਾ ਸਰਕਾਰ ਨੇ ਅਗਲੇ ਪੜਾਅ ਵਿੱਚ ਸਟਾਰਟਅੱਪ ਵਿੱਚ ਮਹਿਲਾਵਾਂ ਦੀ ਭਾਗੀਦਾਰੀ ਵਧਾ ਕੇ 60 ਫੀਸਦੀ ਤੱਕ ਕਰਨ ਦਾ ਟੀਚਾ ਰੱਖਿਆ ਹੈ। ਇਹੀ ਨਹੀਂ, ਸਰਕਾਰ ਨੀਤੀ ਆਯੋਗ ਦੇ ਨਾਲ ਮਿਲ ਕੇ ਵਿਮੇਨ ਆਂਤਰਪ੍ਰੇਨਿਯੋਰਸ਼ਿਪ ਪਲੇਟਫਾਰਮ ਦਾ ਇੱਕ ਸਟੇਟ ਚੈਪਟਰ ਸਥਾਪਿਤ ਕਰ ਰਹੇ ਹਨ। ਇਸ ਨਾਲ ਮਹਿਲਾ ਉਦਮੀਆਂ ਨੂੰ 700 ਤੋਂ ਵੱਧ ਮੈਂਟਰਸ ਵਿਸ਼ੇਸ਼ ਸਿਖਲਾਈ, ਵਿੱਤੀ ਸਹਾਇਤਾ, ਬਾਜਾਰ ਤੱਕ ਪਹੁੰਚ ਅਤੇ ਇਨਕਿਯੂਬੇਸ਼ਨ ਸਹਿਯੋਗ ਪ੍ਰਾਪਤ ਹੋਵੇਗਾ। ਸਰਕਾਰ ਨੇ ਹਰਿਆਣਾ ਵਿੱਚ ਹਰਅ ?ਾਣਾ ਰਾਜ ਸਟਾਰਟਅੱਪ ਨੀਤੀ-2022 ਲਾਗੂ ਕੀਤ ਹੈ। ਸੂਬਾ ਸਰਕਾਰ ਸਟਾਰਟਅੱਪ ਨੂੰ ਪ੍ਰੋਤਸਾਹਿਤ ਕਰਨ ਲਈ 2 ਹਜਾਰ ਕਰੋੜ ਰੁਪਏ ਦਾ ਫੰਡ ਆਫ ਫੰਡਸ ਸਥਾਪਿਤ ਕਰਵਾਉਣ ਜਾ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਿੱਖਿਆ ਤੋਂ ਰੁਜ਼ਗਾਰ ਅਤੇ ਉਦਮਤਾ ਨੂੰ ਜੋੜਨ ਲਈ ਉੱਚ ਪੱਧਰੀ ਸਥਾਈ ਕਮੇਟੀ ਦਾ ਗਠਨ ਕੀਤਾ ਗਿਆ ਹੈ। ਡਿਜੀਟਲ ਅਤੇ ਕ੍ਰਿਏਟਿਵ ਅਰਥਵਿਵਸਥਾ ਨੂੰ ਪ੍ਰੋਤਸਾਹਨ ਦੇਣ ਲਈ ਪੂਰੇ ਦੇਸ਼ ਦੇ 15 ਹਜਾਰ ਸੈਕੇਂਡਰੀ ਸਕੂਲਾਂ ਅਤੇ 500 ਕਾਲਜਾਂ ਵਿੱਚ ਏਵੀਜੀਸੀ ਕੰਟੇਂਟ ਕ੍ਰਿਏਟਰ ਲੈਬ ਸਥਾਪਿਤ ਕੀਤੀਆਂ ਜਾਣਗੀਆਂ। ਆਈਟੀ ਸੇਵਾਵਾਂ ਦੇ ਖੇਤਰ ਵਿੱਚ ਸੁਰੱਖਿਅਤ ਮਰਜਨ ਸੀਮਾ ਨੂੰ 300 ਕਰੋੜ ਰੁਪਏ ਤੋਂ ਵਧਾ ਕੇ 2,000 ਕਰੋੜ ਰੁਪਏ ਕੀਤਾ ਗਿਆ ਹੈ। ਇਸ ਨਾਲ ਵੱਡੀ ਗਿਣਤੀ ਵਿੱਚ ਨੌਜੁਆਨਾਂ ਲਈ ਉੱਚ ਗੁਣਵੱਤਾ ਵਾਲੇ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ। ਉਨ੍ਹਾਂ ਨੇ ਕਿਹਾ ਕਿ ਖੇਡਾਂ ਦੇ ਖੇਤਰ ਵਿੱਚ ਖੇਡੋਂ ਹਿੰਡੀਆ ਮਿਸ਼ਨ ਨੂੰ ਏਕੀਕ੍ਰਿਤ ਪ੍ਰਤਿਭਾ ਵਿਕਾਸ ਮਾਰਗ ਵਜੋ ਵਿਕਸਿਤ ਕੀਤਾ ਜਾ ਰਿਹਾ ਹੈ। ਇਸ ਵਿੱਚ ਵਿਗਿਆਨਕ ਸਿਖਲਾਈ, ਆਧੁਨਿਕ ਖੇਡ ਬੁਨਿਆਦੀ ਢਾਂਚਾ ਅਤੇ ਤਕਨੀਕ ਦਾ ਸਮਾਵੇਸ਼ ਹੋਵੇਗਾ। ਹਰਿਆਣਾ ਦੀ ਲਗਭਗ 65 ਫੀਸਦੀ ਆਬਾਦੀ ਨੌਜੁਆਨ ਹੈ ਅਤੇ ਇਹ ਬਜਟ ਇਸ ਨੌਜੁਆਨ ਸ਼ਕਤੀ ਨੂੰ ਸਿਖਿਆ, ਸਕਿਲ, ਤਕਨੀਕ ਅਤੇ ਰੁਜ਼ਗਾਰ ਨਾਲ ਜੋੜਨ ਦਾ ਸਪਸ਼ਟ ਰੋਡਮੈਪ ਦਿੰਦਾ ਹੈ। ਮਹਿਲਾਵਾਂ ਅਤੇ ਗਰੀਬ ਵਰਗ ਦੇ ਲਈ ਇਹ ਬਜਟ ਸਮਾਜਿਕ ਨਿਆਂ ਅਤੇ ਆਰਥਕ ਸਸ਼ਕਤੀਕਰਣ ਦਾ ਬਜਟ ਹੈ। ਸਰਕਾਰ ਨੇ ਮਹਿਲਾਵਾਂ ਨੂੰ ਆਰਥਕ ਗਤੀਵਿਧੀਆਂ ਦੇ ਕੇਂਦਰ ਵਿੱਚ ਲਿਆਉਣ ਲਈ ਸਵੈ ਸਹਾਇਤਾ ਸਮੂਹਾਂ ਨੂੰ ਸਮੁਦਾਇਕ ਪੱਧਰ 'ਤੇ ਉਦਮਤਾ ਹਾਟ ਵਜੋ ਵਿਕਸਿਤ ਕਰਨ ਦੀ ਯੋਜਨਾ ਬਣਾਈ ਹੈ। ਮੁੱਖ ਮੰਤਰੀ ਨੇ ਕਿਹਾ ਕਿ ਮਹਿਲਾ ਰੁਜ਼ਗਾਰ, ਸਵੈਰੁਜ਼ਗਾਰ ਅਤੇ ਉਦਮਤਾ ਲਈ ਲਗਭਗ 8 ਹਜਾਰ ਕਰੋੜ ਰੁਪਏ ਦਾ ਪ੍ਰਾਵਧਾਨ ਕੀਤਾ ਗਿਆ ਹੈ। ਸਮਾਜਿਕ ਸੁਰੱਖਿਆ, ਪੈਨਸ਼ਨ, ਪੋਸ਼ਣ ਅਤੇ ਆਮਦਨ -ਸਹਾਇਤਾ ਯੋਜਨਾਵਾਂ ਲਈ 40 ਹਜਾਰ ਕਰੋੜ ਰੁਪਏ ਤੋਂ ਵੱਧ ਦਾ ਬਜਟ ਰੱਖਿਆ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਖੇਤੀਬਾੜੀ, ਡੇਅਰੀ, ਫੂਡ ਪ੍ਰੋਸੈਸਿੰਗ ਅਤੇ ਗ੍ਰਾਮੀਣ ਉਦਮਤਾ ਵਿੱਚ ਮਹਿਲਾਵਾਂ ਦੀ ਭਾਗੀਦਾਰੀ ਵਧਾਉਣ ਲਈ ਵਿੱਤੀ ਅਤੇ ਸੰਸਥਾਗਤ ਸਮਰਥਨ ਦਿੱਤਾ ਜਾ ਰਿਹਾ ਹੈ। ਹਰਿਆਣਾ ਵਿੱਚ ਸਵੈ ਸਹਾਇਤਾ ਸਮੂਹਾਂ ਅਤੇ ਮਹਿਲਾ ਉਦਮੀਆਂ ਨੂੰ ਸਿੱਧ ਲਾਭ ਮਿਲੇਗਾ। ਹਰੇਕ ਜਿਲ੍ਹਾ ਵਿੱਚ ਉੱਚ ਸਿਖਿਆ ਦੇ ਐਸਟੀਈਐਮ ਅਦਾਰਿਆਂ ਵਿੱਚ ਮਹਿਲਾ ਹੋਸਟਲਾਂ ਦੀ ਸਥਾਪਨਾ ਦਾ ਪ੍ਰਾਵਧਾਨ ਕੀਤਾ ਅ ?ਗਾ ਹੈ। ਇਹ ਯਤਨ ਦਰਸ਼ਾਉਂਦਾ ਹੈ ਕਿ ਸੂਬਾ ਸਰਕਾਰ ਬੇਟੀਆਂ ਦੀ ਸਿਖਿਆ ਤੇ ਸੁਰੱਖਿਆ ਨੂੰ ਵੀ ਸਰਵੋਚ ਪ੍ਰਾਥਮਿਕਤਾ ਦੇ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਿਹਤ ਖੇਤਰ ਵਿੱਚ ਇਹ ਬਜਟ ਹਰਿਆਣਾ ਲਈ ਇੱਕ ਵੱਡਾ ਮੌਕਾ ਲੈ ਕੇ ਆਇਆ ਹੈ। ਬਾਇਓਫਾਰਮਾ ਸ਼ਕਤੀ ਪਹਿਲ ਤਹਿਤ 10 ਹਜ਼ਾਰ ਕਰੋੜ ਰੁਪਏ ਦਾ ਪ੍ਰਾਵਧਾਨ, ਸਿਹਤ ਬੁਨਿਆਦੀ ਢਾਂਚੇ ਲਈ 20 ਹਜ਼ਾਰ ਕਰੋੜ ਰੁਪਏ ਤੇ ਮੈਡੀਕਲ ਟੂਰੀਜਮ ਲਈ 5 ਹਜ਼ਾਰ ਕਰੋੜ ਰੁਪਏ ਦਾ ਸਮਰਥਨ ਕੀਤਾ ਗਿਆ ਹੈ। ਅਜਿਹੇ ਵਿੱਚ ਗੁਰੂਗ੍ਰਾਮ, ਪੰਚਕੂਲਾ, ਰੋਹਤਕ ਅਤੇ ਕਰਨਾਲ ਵਰਗੇ ਖੇਤਰਾਂ ਵਿੱਚ ਫਾਰਮਾ ਕਲਸਟਰ, ਮੈਡੀਕਲ ਕਾਲਜ ਅਤੇ ਆਧੁਨਿਕ ਹਸਪਤਾਲਾਂ ਨੂੰ ਨਵੀਂ ਨੀਤੀ ਮਿਲੇਗੀ। ਇਸ ਨਾਲ ਨਾ ਸਿਰਫ ਸਿਹਤ ਸੇਵਾਵਾਂ ਬਿਹਤਰ ਹੋਣਗੀਆਂ, ਸਗੋ ਡਾਕਟਰਾਂ, ਨਰਸਾਂ, ਤਕਨੀਸ਼ਿਅਨਾਂ ਅਤੇ ਪੈਰਾਮੈਡੀਕਲ ਸਟਾਫ ਲਈ ਵੱਡੇ ਪੈਮਾਨੇ 'ਤੇ ਰੁਜ਼ਗਾਰ ਵੀ ਸ੍ਰਿਜਤ ਹੋਣਗੇ। ਇਸ ਦੇ ਨਾਲ ਹੀ, ਸਿਹਤ ਅਤੇ ਦੇਖਭਾਲ ਖੇਤਰ ਵਿੱਚ 1 ਲੱਖ 50 ਹਜਾਰ ਬਹੁ-ਕੁਸ਼ਲ ਕੇਅਰਗਿਵਰਸ ਨੂੰ ਟ ?ਰੇਨਡ ਕਰਨ ਦਾ ਟੀਚਾ ਰੱਖਿਆ ਗਿਆ ਹੈ। ਇੰਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਮਹਿਲਾਵਾਂ ਹੋਣਗੀਆਂ। ਇਸ ਨਾਲ ਗੁਰੂਗ੍ਰਾਮ, ਰੋਹਤਕ, ਕਰਨਾਲ ਅਤੇ ਹਿਸਾਰ ਵਰਗੇ ਸ਼ਹਿਰਾਂ ਵਿੱਚ ਸਿਹਤ ਤੇ ਕੇਅਰ ਸੈਕਟਰ ਵਿੱਚ ਵੱਡੇ ਪੈਮਾਨੇ 'ਤੇ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ। ਮੁੱਖ ਮੰਤਰੀ ਨੇ ਕਿਹਾ ਕਿ ਕਿਸਾਨਾਂ ਲਈ ਇਹ ਬਜਟ ਵਿਸ਼ੇਸ਼ ਰੂਪ ਨਾਲ ਲਾਭਕਾਰੀ ਹੈ। ਖੇਤੀਬਾੜੀ ਅਤੇ ਸਬੰਧਿਤ ਖੇਤਰਾਂ ਲਈ ਲਗਭਗ 1 ਲੱਖ 62 ਹਜਾਰ ਕਰੋੜ ਰੁਪਏ ਦਾ ਪ੍ਰਾਵਧਾਨ ਕੀਤਾ ਗਿਆ ਹੈ। ਪਸ਼ੂਪਾਲਣ ਅਤੇ ਡੇਅਰੀ ਲਈ 6 ਹਜਾਰ 153 ਕਰੋੜ ਰੁਪਏ ਤੋਂ ਵੱਧ ਦਾ ਅਲਾਟਮੈਂਟ, ਮੱਛੀ ਪਾਲਣ ਲਈ 2 ਹਜਾਰ 500 ਕਰੋੜ ਰੁਪਏ ਅਤੇ ਪੀਐਮ-ਕਿਸਾਨ ਯੋਜਨਾ ਤਹਿਤ 65 ਹਜਾਰ 500 ਕਰੋੜ ਰੁਪਏ ਦੀ ਲਗਾਤਾਰ ਸਹਾਇਤਾ ਕਿਸਾਨਾਂ ਲਈ ਵੱਡੀ ਰਾਹਤ ਹੈ। ਭਾਰਤ ਵਿਸਤਾਰ ਯੋਜਨਾ ਦਾ ਜਿਕਰ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਇਸ ਨਾਲ ਕਿਸਾਨ ਡਿਜੀਟਲ ਅਤੇ ਈਆਈ ਅਧਾਰਿਤ ਖੇਤੀਬਾੜੀ ਪਲੇਟਫਾਰਮ ਨਾਲ ਸਿੱਧੇ ਜੁੜ ਸਕਣਗੇ। ਉਨ੍ਹਾਂ ਨੇ ਮੌਸਮ, ਮਿੱਟੀ ਅਤੇ ਬਾਜਾਰ ਦੀ ਸਟੀਕ ਜਾਣਕਾਰੀ ਮਿਲੇਗੀ। ਇਸ ਤੋਂ ਉਹ ਬਿਹਤਰ ਫੈਸਲਾ ਕਰ ਸਕਣਗੇ।

**ਕੇਂਦਰੀ ਬਜਟ ਨਾਲ ਹਰਿਆਣਾ ਨੂੰ ਮਿਲਣ ਵਾਲੇ ਲਾਭ ਦੇ ਪਹਿਲੂਆਂ ਨੂੰ ਮੁੱਖ ਮੰਤਰੀ ਨੇ ਰੱਖਿਆ ਸਾਹਮਣੇ, ਬਜਟ ਵਿੱਚ ਵਿਕਸਿਤ-ਭਾਰਤ ਦੇ ਥੰਮ੍ਹ ਗਰੀਬ, ਯੁਵਾ, ਮਹਿਲਾ ਅਤੇ ਕਿਸਾਨ ਨੂੰ ਕੇਂਦਰ ਵਿੱਚ ਰੱਖਿਆ ਗਿਆ - ਮੁੱਖ ਮੰਤਰੀ**





# ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣਗੇ ਲੜੀਵਾਰ ਸਮਾਗਮ, ਮੁੱਖ ਮੰਤਰੀ ਨੇ ਕੀਤੀ ਸ਼ੁਰੂਆਤ

## ਅਗਲੇ ਸਾਲ 20 ਫਰਵਰੀ, 2027 ਤੱਕ ਸੰਤ ਸੰਮੇਲਨ, ਕਾਨਫਰੰਸਾਂ, ਕਥਾ-ਕੀਰਤਨ ਅਤੇ ਯੂਨੀਵਰਸਿਟੀਆਂ ਵਿੱਚ ਸੈਮੀਨਾਰ ਹੋਣਗੇ-ਭਗਵੰਤ ਸਿੰਘ ਮਾਨ






ਐਸ. ਕੇ. ਸਕਸੈਨਾ

ਖੁਰਾਲਗੜ੍ਹ, ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਾਨ ਵਿਰਾਸਤ ਪ੍ਰਤੀ ਸ਼ਰਧਾ ਤੇ ਸਤਿਕਾਰ ਦਾ ਪ੍ਰਗਟਾਵਾ ਕਰਦਿਆਂ ਪੰਜਾਬ ਸਰਕਾਰ ਨੇ ਗੁਰੂ ਸਾਹਿਬ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਲੜੀਵਾਰ ਸਮਾਗਮਾਂ ਦੀ ਰਸਮੀ ਤੌਰ ਉਤੇ ਸ਼ੁਰੂਆਤ ਕੀਤੀ। ਇਨ੍ਹਾਂ ਲੜੀਵਾਰ ਸਮਾਗਮਾਂ ਤਹਿਤ 20 ਫਰਵਰੀ, 2027 ਤੱਕ ਸੂਬਾ ਭਰ ਵਿੱਚ ਧਾਰਮਿਕ, ਸੱਭਿਆਰਚਾਰਕ ਅਤੇ ਅਕਾਦਮਿਕ ਪੱਧਰ ਉਤੇ ਵੱਖ-ਵੱਖ ਉਪਰਾਲੇ ਕੀਤੇ ਜਾਣਗੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਨ੍ਹਾਂ ਯਾਦਗਾਰੀ ਸਮਾਗਮਾਂ ਦੀ ਸ਼ੁਰੂਆਤ ਕਰਦਿਆਂ ਕਿਹਾ ਕਿ ਸਾਲ ਭਰ ਸੰਤ ਸੰਮੇਲਨ, ਕਾਨਫਰੰਸਾਂ, ਕਥਾ-ਕੀਰਤਨ ਅਤੇ ਯੂਨੀਵਰਸਿਟੀਆਂ ਵਿੱਚ ਸੈਮੀਨਾਰ ਕਰਵਾਏ ਜਾਣਗੇ। ਇਸ ਦੇ ਨਾਲ ਹੀ ਖੁਰਾਲਗੜ੍ਹ ਵਿਖੇ ਸ੍ਰੀ ਗੁਰੂ ਰਵਿਦਾਸ ਯਾਦਗਾਰ ਦੇ ਵਿਸਥਾਰ ਦਾ ਕਾਰਜ ਅਤੇ ਫਰੀਦਪੁਰ ਵਿਖੇ ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਕੇਂਦਰ ਦੀ ਸਥਾਪਨਾ ਸਮੇਤ ਬੁਨਿਆਦੀ ਢਾਂਚੇ ਦੇ ਵੱਡੇ ਪ੍ਰਾਜੈਕਟ ਦਾ ਐਲਾਨ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਗੁਰੂ ਸਾਹਿਬ ਜੀ ਨੂੰ ਸਮਰਿਪਤ ਮਹਾਨ ਸਮਾਗਮਾਂ ਅਤੇ ਪ੍ਰਾਜੈਕਟਾਂ ਲਈ ਫੰਡਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਮੁੱਖ ਮੰਤਰੀ ਨੇ ਭਰੋਸਾ ਦਿੱਤਾ ਕਿ ਸੰਤ ਸਮਾਜ ਦੇ ਸਾਰੇ ਆਦੇਸ਼ ਪੂਰੀ ਤਰ੍ਹਾਂ ਲਾਗੂ ਕੀਤੇ ਜਾਣਗੇ। ਸਾਲ ਭਰ ਚੱਲਣ ਵਾਲੇ ਪ੍ਰੋਗਰਾਮ 'ਆਪ' ਸਰਕਾਰ ਦੇ ਸ਼ਾਸਨ ਦੇ ਅਨੁਕੂਲ ਹੋਣਗੇ ਜੋ ਸਿੱਖਿਆ ਸੁਧਾਰਾਂ ਨੂੰ ਤਰਜੀਹ ਦਿੰਦਾ ਹੈ, 10 ਲੱਖ ਰੁਪਏ ਤੱਕ ਦੇ ਨਕਦ ਰਹਿਤ ਇਲਾਜ ਨਾਲ ਜਨਤਕ ਸਿਹਤ ਸੰਭਾਲ ਦਾ ਵਿਸਤਾਰ ਕਰਦਾ ਹੈ ਅਤੇ ਲੋਕ ਭਲਾਈ ਤੇ ਅਧਾਰਿਤ ਫੈਸਲੇ ਲੈਂਦਾ ਹੈ। ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਕਰਵਾਏ ਰਾਜ ਪੱਧਰੀ ਸਮਾਗਮ ਨੂੰ ਸੰਬੋਧਨ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੰਗਤ ਨੂੰ ਵਧਾਈ ਦਿੱਤੀ ਅਤੇ ਕਿਹਾ, ÷ਗੁਰੂ ਜੀ ਦੇ ਸੰਦੇਸ਼ ਨੂੰ ਦੁਨੀਆ ਭਰ ਵਿੱਚ ਫੈਲਾਉਣਾ ਸਾਡਾ ਸਮੂਹਿਕ ਫਰਜ਼ ਹੈ। ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਹਰੇਕ ਤਰ੍ਹਾਂ ਦੇ ਭੇਦਭਾਵ ਤੋਂ ਮੁਕਤ ਬਰਾਬਰੀ ਵਾਲੇ ਸਮਾਜ ਦੀ ਕਲਪਨਾ ਕੀਤੀ ਸੀ।÷ ਸੰਗਤ ਵਿੱਚ ਹਾਜ਼ਰੀ ਲਵਾ ਕੇ ਆਪਣੇ ਆਪ ਨੂੰ ਭਾਗਾਂ ਵਾਲਾ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਰੋਸਾ ਦਿੱਤਾ ਕਿ ÷ਸੂਬਾ ਸਰਕਾਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਆਉਣ ਵਾਲੇ 650ਵੇਂ ਪ੍ਰਕਾਸ਼ ਪੁਰਬ ਨੂੰ ਵਿਆਪਕ ਪੱਧਰ ਉਤੇ ਮਨਾਉਣ ਵਿੱਚ ਕੋਈ ਕਸਰ ਨਹੀਂ ਛੱਡੇਗੀ।÷ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਹਾਲ ਹੀ ਵਿੱਚ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਦੇ ਪਵਿੱਤਰ ਮੌਕੇ ਨੂੰ ਲੜੀਵਾਰ ਸਮਾਗਮ ਕਰਕੇ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਵੀ ਵਿਆਪਕ ਢੰਗ ਨਾਲ ਮਨਾਉਣ ਲਈ ਸਾਲ ਭਰ ਚੱਲਣ ਵਾਲੇ ਸਮਾਗਮ ਉਲੀਕੇ ਗਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਖੁਰਾਲਗੜ੍ਹ ਦੀ ਪਾਵਨ ਧਰਤੀ ਨਾਲ ਜੁੜ ਕੇ ਸੁਭਾਗਾ ਮਹਿਸੂਸ ਕਰਦੇ ਹਨ ਕਿਉਂਕਿ ਗੁਰੂ ਜੀ ਨੇ ਇੱਥੇ ਚਾਰ ਸਾਲ ਤੋਂ ਵੱਧ ਸਮਾਂ ਰਹਿ ਕੇ ਭਗਤੀ ਕੀਤੀ ਅਤੇ ਬਰਾਬਰਤਾ ਦਾ ਸੰਦੇਸ਼ ਦਿੱਤਾ। ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਾਨ ਵਿਰਾਸਤ ਨੂੰ ਕਾਇਮ ਰੱਖਣ ਲਈ ਸੂਬਾ ਸਰਕਾਰ ਨੇ ਪੰਜਾਬ ਯੂਨੀਵਰਸਿਟੀ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਖੋਜ ਲਈ ਚੇਅਰਾਂ ਸਥਾਪਤ ਕੀਤੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਸੰਤ ਸਮਾਜ ਦੀ ਅਗਵਾਈ ਹੇਠ ਸੂਬਾ ਸਰਕਾਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਸਮਾਗਮ ਕਰਵਾਏਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਸੀਂ ਸਾਰੇ ਭਾਗਾਂ ਵਾਲੇ ਹਾਂ ਕਿ ਸਾਨੂੰ ਗੁਰੂ ਜੀ ਦੇ ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਆਪਣੇ ਜੀਵਨ ਵਿੱਚ ਸੁਭਾਗ ਹਾਸਲ ਹੋਇਆ ਹੈ।

ਸਮਾਜ ਦੇ ਕਮਜ਼ੋਰ ਅਤੇ ਪੱਛੜੇ ਵਰਗਾਂ ਦੀਆਂ ਸਮੱਸਿਆਵਾਂ ਦੂਰ ਕਰਨ ਲਈ ਅਣਥੱਕ ਮਿਹਨਤ ਕਰਨ ਦਾ ਪ੍ਰਣ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਦੇ ਅਨੁਸਾਰ ਉਹ ਇਹ ਭਾਵਨਾ ਰੱਖਦੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਗਰੀਬ ਤੋਂ ਗਰੀਬ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ ਜਿਸ ਲਈ ਲੋਕ ਭਲਾਈ ਦੀਆਂ ਕਈ ਵੱਡੀਆਂ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਆਸ਼ੀਰਵਾਦ ਨਾਲ ਉਨ੍ਹਾਂ ਦੀ ਸਰਕਾਰ ਭਾਰੀ ਬਹੁਮਤ ਨਾਲ ਸੱਤਾ ਵਿੱਚ ਆਈ ਹੈ।



ਮੁੱਖ ਮੰਤਰੀ ਨੇ ਕਿਹਾ ਕਿ ਸਮਾਨਤਾਵਾਦੀ ਸਮਾਜ ਦੀ ਸਿਰਜਣਾ ਲਈ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਸਮੁੱਚੀ ਮਨੁੱਖਤਾ ਦੀ ਭਲਾਈ ਅਤੇ ਸਮਾਜ ਦੇ ਸਾਰੇ ਵਰਗਾਂ ਦੀ ਬਰਾਬਰੀ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਅਜਿਹੇ ਆਦਰਸ਼ ਸਮਾਜ ਦਾ ਸੰਕਲਪ ਲਿਆ, ਜਿੱਥੇ ਕਿਸੇ ਨੂੰ ਵੀ ਕਿਸੇ ਕਿਸਮ ਦਾ ਦੁੱਖ ਨਾ ਹੋਵੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਅਤੇ ਦਰਸ਼ਨ 'ਤੇ ਅਧਾਰਤ ਸਮਾਜ ਦੀ ਸਿਰਜਣਾ ਲਈ ਵਚਨਬੱਧ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦਾ ਮਹਾਨ ਜੀਵਨ ਅਤੇ ਸਿੱਖਿਆਵਾਂ ਮਨੁੱਖਤਾ ਨੂੰ ਬਰਾਬਰੀ ਵਾਲਾ ਸਮਾਜ ਸਿਰਜਣ ਵੱਲ ਸੇਧਿਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਸਮਾਜ ਦੇ ਗਰੀਬ ਅਤੇ ਪਛੜੇ ਵਰਗਾਂ ਦੇ ਮਹਾਨ ਅਧਿਆਤਮਕ ਦੂਤ ਅਤੇ ਮਸੀਹਾ ਸਨ, ਜਿਨ੍ਹਾਂ ਨੇ ਸਾਨੂੰ ਜੀਵਨ ਜਿਊਣ ਦਾ ਸਹੀ ਰਸਤਾ ਦਿਖਾਇਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦਾ ਇਹ 'ਪ੍ਰਕਾਸ਼ ਪੁਰਬ' ਇੱਕ ਅਜਿਹੇ ਸਮਾਜ ਦੀ ਸਿਰਜਣਾ ਲਈ ਆਪਣੇ ਆਪ ਨੂੰ ਸਮਰਪਿਤ ਕਰਨ ਦਾ ਮੌਕਾ ਹੈ ਜਿੱਥੇ ਹਰ ਮਨੁੱਖ ਬਿਨਾਂ ਕਿਸੇ ਭੇਦਭਾਵ ਦੇ ਸਵੈ-ਮਾਣ ਨਾਲ ਜੀਵਨ ਜੀਵੇ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਭਾਰਤ ਰਤਨ ਬਾਬਾ ਸਾਹਿਬ ਬੀ.ਆਰ. ਅੰਬੇਡਕਰ ਦੀ ਵਿਚਾਰਧਾਰਾ ਅਨੁਸਾਰ ਸੂਬਾ ਸਰਕਾਰ ਸਮਾਜ ਦੇ ਕਮਜ਼ੋਰ ਵਰਗਾਂ ਨੂੰ ਮਿਆਰੀ ਸਿੱਖਿਆ ਦੇ ਕੇ ਉਨ੍ਹਾਂ ਨੂੰ ਸਸ਼ਕਤ ਬਣਾ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੁਆਰਾ ਸਥਾਪਿਤ 'ਸਕੂਲ ਆਫ਼ ਐਮੀਨੈਂਸ' ਹੋਣਹਾਰ ਗ਼ਰੀਬ ਵਿਦਿਆਰਥੀਆਂ ਨੂੰ ਖੁਸ਼ਹਾਲ ਭਵਿੱਖ ਲਈ ਤਿਆਰ ਕਰਕੇ ਬਾਬਾ ਸਾਹਿਬ ਦੇ ਸੁਪਨਿਆਂ ਨੂੰ ਸਾਕਾਰ ਕਰ ਰਹੇ ਹਨ। ਇਸ ਮੌਕੇ ਭਗਵੰਤ ਸਿੰਘ ਮਾਨ ਨੇ ਸ਼ਰਧਾਲੂਆਂ ਨੂੰ ਸੂਬੇ ਦੀ ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਲਈ ਅਰਦਾਸ-ਬੇਨਤੀ ਕਰਨ ਦੀ ਅਪੀਲ ਵੀ ਕੀਤੀ ਅਤੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਆਸ਼ੀਰਵਾਦ ਨਾਲ ਸੂਬਾ ਸਰਕਾਰ ਛੇਤੀ ਹੀ ਪੰਜਾਬ ਨੂੰ ਰੰਗਲਾ ਅਤੇ ਪ੍ਰਗਤੀਸ਼ੀਲ ਸੂਬਾ ਬਣਾਏਗੀ।

ਮੁੱਖ ਮੰਤਰੀ ਨੇ ਕਿਹਾ ਕਿ 'ਮੁੱਖ ਮੰਤਰੀ ਸਿਹਤ ਯੋਜਨਾ' ਸੂਬੇ ਭਰ ਵਿੱਚ ਲਾਗੂ ਕੀਤੀ ਜਾ ਰਹੀ ਹੈ, ਜੋ ਕਿ ਸੂਬੇ ਦਾ ਸਭ ਤੋਂ ਵੱਡਾ ਸਿਹਤ ਸੁਧਾਰ ਪ੍ਰੋਗਰਾਮ ਹੈ। ਉਨ੍ਹਾਂ ਕਿਹਾ ਕਿ ਹੁਣ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਮਿਲੇਗਾ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਇੱਕ ਪਰਿਵਾਰ 5 ਲੱਖ ਰੁਪਏ ਤੱਕ ਦਾ ਇਲਾਜ ਕਰਵਾ ਸਕਦਾ ਸੀ, ਜਿਸ ਨੂੰ ਹੁਣ ਵਧਾ ਕੇ 10 ਲੱਖ ਰੁਪਏ ਕਰ ਦਿੱਤਾ ਗਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਯੋਜਨਾ ਨਾਲ ਲਗਭਗ 65 ਲੱਖ ਪਰਿਵਾਰਾਂ ਨੂੰ ਲਾਭ ਹੋਵੇਗਾ ਜਿਸ ਦਾ ਉਦੇਸ਼ ਸਮਾਜ ਦੇ ਹਰ ਵਰਗ ਦੀ ਭਲਾਈ ਨੂੰ ਯਕੀਨੀ ਬਣਾਉਣਾ ਹੈ। ਮੁੱਖ ਮੰਤਰੀ ਨੇ ਲੋਕਾਂ ਨੂੰ ਸਮਾਜ ਵਿੱਚ ਪ੍ਰਚਲਿਤ ਵੱਖ-ਵੱਖ ਸਮਾਜਿਕ ਬੁਰਾਈਆਂ ਨੂੰ ਖਤਮ ਕਰਨ ਲਈ ਸ੍ਰੀ ਗੁਰੂ ਰਵਿਦਾਸ ਜੀ ਦੁਆਰਾ ਦਿਖਾਏ ਮਾਰਗ 'ਤੇ ਚੱਲਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਸਮੁੱਚੀ ਮਨੁੱਖਤਾ ਲਈ ਚਾਨਣ ਮੁਨਾਰਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਸਮੁੱਚੀ ਦੁਨੀਆ ਨੂੰ ਮਨੁੱਖਤਾ ਦਾ ਰਾਹ ਦਿਖਾਇਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ੍ਰੀ ਗੁਰੂ ਰਵੀਦਾਸ ਜੀ ਦੀ ਬਾਣੀ ਸਮਾਜ ਨੂੰ ਵੱਖ-ਵੱਖ ਸਮੱਸਿਆਵਾਂ ਤੋਂ ਮੁਕਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਖੁਰਾਲਗੜ੍ਹ ਵਿੱਚ ਲਗਭਗ 148 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਵਿਸ਼ਵ ਪੱਧਰੀ ਯਾਦਗਾਰ ਬਣਾਈ ਹੈ ਅਤੇ ਇਹ ਸੂਬਾ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੂੰ ਨਿਮਰ ਸ਼ਰਧਾਂਜਲੀ ਹੈ। ਉਨ੍ਹਾਂ ਕਿਹਾ ਕਿ ਇਹ ਯਾਦਗਾਰ ਸੈਲਾਨੀ ਸਹੂਲਤਾਂ ਵਾਲੀ ਇਮਾਰਤ, ਬਹੁ-ਪੱਧਰੀ ਪਾਰਕਿੰਗ, ਮੀਨਾਰ-ਏ-ਬੇਗਮਪੁਰਾ, ਸੰਗਤ ਹਾਲ, ਅਤਿ-ਆਧੁਨਿਕ ਆਡੀਟੋਰੀਅਮ ਅਤੇ ਹੋਰ ਸਹੂਲਤਾਂ ਨਾਲ ਲੈਸ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਸਮੁੱਚੀ ਮਨੁੱਖਤਾ ਦੀ ਭਲਾਈ ਅਤੇ ਸਮਾਜ ਦੇ ਸਾਰੇ ਵਰਗਾਂ ਦੀ ਬਰਾਬਰੀ ਦਾ ਸੰਦੇਸ਼ ਦਿੱਤਾ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਸ੍ਰੀ ਗੁਰੂ ਰਵਿਦਾਸ ਅਧਿਐਨ ਕੇਂਦਰ ਲਈ 10 ਕਰੋੜ ਰੁਪਏ ਦੀ ਲਾਗਤ ਨਾਲ ਜਲੰਧਰ ਦੇ ਪਿੰਡ ਫਰੀਦਪੁਰ ਅਤੇ ਨੌਗਜ਼ਾ ਵਿੱਚ 12 ਏਕੜ ਜ਼ਮੀਨ ਖਰੀਦੀ ਹੈ। ਉਨ੍ਹਾਂ ਨੇ ਕਲਪਨਾ ਕੀਤੀ ਕਿ ਇਹ ਅਤਿ-ਆਧੁਨਿਕ ਕੇਂਦਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਅਤੇ ਦਰਸ਼ਨ 'ਤੇ ਵਿਸ਼ਾਲ ਅਧਿਐਨ ਕੇਂਦਰ ਵਜੋਂ ਉਭਰੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਕੇਂਦਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਦੇ ਪ੍ਰਚਾਰ ਦੇ ਨਾਲ-ਨਾਲ ਸਿੱਖਿਆ ਅਤੇ ਸ਼ਰਧਾ ਦੇ ਚਾਨਣ ਮੁਨਾਰੇ ਵਜੋਂ ਕੰਮ ਕਰੇਗਾ। ਆਪਣੇ ਸੰਬੋਧਨ ਵਿੱਚ ਸੀਨੀਅਰ ਆਪ ਆਗੂ ਮਨੀਸ਼ ਸਿਸੋਦੀਆ ਨੇ ਕਿਹਾ ਕਿ ਉਹ ਖੁਰਾਲਗੜ੍ਹ ਦੀ ਇਸ ਪਵਿੱਤਰ ਧਰਤੀ 'ਤੇ ਆਉਣ ਦਾ ਮੌਕਾ ਮਿਲਣ 'ਤੇ ਖੁਦ ਨੂੰ ਸੁਭਾਗਾ ਮਹਿਸੂਸ ਕਰ ਰਹੇ ਹਨ, ਜਿੱਥੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਆਪਣੇ ਚਰਨ ਪਾਏ। ਉਨ੍ਹਾਂ ਕਿਹਾ ਕਿ ਗੁਰੂ ਜੀ ਨੇ ਇਸ ਧਰਤੀ ਤੋਂ ਮਨੁੱਖਤਾ ਲਈ ਬਰਾਬਰਤਾ ਦਾ ਸੰਦੇਸ਼ ਦਿੱਤਾ ਅਤੇ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਵੀ ਸਮਾਜ ਦੇ ਸਾਰੇ ਵਰਗਾਂ ਨੂੰ ਬਰਾਬਰ ਅਧਿਕਾਰ ਪ੍ਰਦਾਨ ਕਰਕੇ ਗੁਰੂ ਰਵਿਦਾਸ ਮਹਾਰਾਜ ਜੀ ਦੇ ਮਾਰਗ 'ਤੇ ਚੱਲ ਰਹੀਆਂ ਹਨ। ਮਨੀਸ਼ ਸਿਸੋਦੀਆ ਨੇ ਅੱਗੇ ਕਿਹਾ ਕਿ ਅੱਜ ਪੰਜਾਬ ਵਿੱਚ ਬਰਾਬਰੀ ਦੇ ਸਿਧਾਂਤ ਨੂੰ ਕਾਇਮ ਰੱਖਦਿਆਂ ਸੂਬਾ ਸਰਕਾਰ ਹਰੇਕ ਨਾਗਰਿਕ ਨੂੰ ਸਿੱਖਿਆ, ਸਿਹਤ ਅਤੇ ਹੋਰ ਸਹੂਲਤਾਂ ਪ੍ਰਦਾਨ ਕਰ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਸਿਰਫ਼ ਪੰਜਾਬ ਹੀ ਨਹੀਂ, ਸਗੋਂ ਸਮੁੱਚੇ ਦੇਸ਼ ਨੂੰ ਅਜਿਹੇ ਸੰਕਲਪ ਦੀ ਲੋੜ ਹੈ ਜਿੱਥੇ ਹਰ ਵਿਅਕਤੀ ਨਾਲ ਬਰਾਬਰ ਵਿਵਹਾਰ ਕੀਤਾ ਜਾਵੇ। ਇਸ ਮੌਕੇ ਕਈ ਕੈਬਨਿਟ ਮੰਤਰੀ, ਸੰਸਦ ਮੈਂਬਰ, ਵਿਧਾਇਕ, ਸੰਤ ਸਮਾਜ ਦੀਆਂ ਸਤਿਕਾਰਤ ਸ਼ਖਸੀਅਤਾਂ ਅਤੇ ਹੋਰ ਵੀ ਮੌਜੂਦ ਸਨ।




# ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ : ਮੋਹਿੰਦਰ ਭਗਤ

## ਕੈਬਿਨੇਟ ਮੰਤਰੀ ਵੱਲੋਂ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਕ ਮੈਂਬਰਾਂ ਅਤੇ ਫਰੀਡਮ ਫਾਈਟਰਜ਼ ਉੱਤਰਾਧਿਕਾਰੀ ਸੰਸਥਾ ਦੇ ਨੁਮਾਇੰਦਿਆਂ ਨਾਲ ਵਿਸ਼ੇਸ਼ ਮੀਟਿੰਗ

ਕੈਪਟਨ ਸੁਭਾਸ਼ ਚੰਦਰ ਸ਼ਰਮਾ

ਚੰਡੀਗੜ੍ਹ, ਪੰਜਾਬ ਦੇ ਆਜ਼ਾਦੀ ਘੁਲਾਟੀਏ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਅੱਜ ਪੰਜਾਬ ਸਿਵਲ ਸਕੱਤਰੇਤ, ਚੰਡੀਗੜ ਵਿਖੇ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਕ ਮੈਂਬਰਾਂ ਅਤੇ ਫਰੀਡਮ ਫਾਈਟਰਜ਼ ਉੱਤਰਾਧਿਕਾਰੀ ਸੰਸਥਾ ਪੰਜਾਬ ਦੇ ਨੁਮਾਇੰਦਿਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਇਸ ਮੌਕੇ ਆਜ਼ਾਦੀ ਘੁਲਾਟੀਆਂ ਵਿਭਾਗ ਦੇ ਵਿਸ਼ੇਸ਼ ਮੁੱਖ ਸਕੱਤਰ ਰਾਜੀ ਪੀ. ਸ੍ਰੀਵਾਸਤਵਾ ਅਤੇ ਜੁਆਇੰਟ ਸਕੱਤਰ ਰਾਜਪਾਲ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਮੀਟਿੰਗ ਦੌਰਾਨ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਕ ਮੈਂਬਰਾਂ ਅਤੇ ਸੰਸਥਾ ਦੇ ਨੁਮਾਇੰਦਿਆਂ ਦੀਆਂ ਮੰਗਾਂ ਨੂੰ ਬਹੁਤ ਧਿਆਨ ਨਾਲ ਸੁਣਿਆ ਅਤੇ ਭਰੋਸਾ ਦਿੱਤਾ ਕਿ ਉਨ੍ਹਾ ਦੀ ਹਰ ਇੱਕ ਜਾਇਜ਼ ਮੰਗ ਨੂੰ ਸਰਕਾਰ ਵੱਲੋਂ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਮੰਤਰੀ ਸ੍ਰੀ ਭਗਤ ਨੇ ਸੰਬੰਧਿਤ ਵਿਭਾਗ ਨੂੰ ਜ਼ਰੂਰੀ ਕਾਰਵਾਈ ਕਰਨ ਦੇ ਨਿਰਦੇਸ਼ ਵੀ ਦਿੱਤੇ। ਸ੍ਰੀ ਭਗਤ ਨੇ ਕਿਹਾ ਕਿ ਆਜ਼ਾਦੀ ਸੰਘਰਸ਼ ਵਿੱਚ ਵੱਡੀਆਂ ਕੁਰਬਾਨੀ ਦੇ ਕੇ ਦੇਸ਼ ਨੂੰ ਆਜ਼ਾਦ ਕਰਵਾਉਣ ਵਾਲੇ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦਾ ਸਨਮਾਨ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾ ਕਿਹਾ ਕਿ ਜਿਹੜੀਆਂ ਮੰਗਾਂ ਵਿਭਾਗੀ ਪੱਧਰ 'ਤੇ ਹੱਲ ਹੋ ਸਕਦੀਆਂ ਹਨ ਉਨ੍ਹਾਂ ਨੂੰ ਤਰਜੀਹ ਦੇ ਆਧਾਰ 'ਤੇ ਜਲਦੀ ਨਿਪਟਾਇਆ ਜਾਵੇਗਾ ਅਤੇ ਜਿਹੜੀਆਂ ਮੰਗਾਂ ਮੁੱਖ ਮੰਤਰੀ ਜਾਂ ਵਿੱਤ ਵਿਭਾਗ ਦੇ ਪੱਧਰ 'ਤੇ ਹੱਲ ਹੋਣਗੀਆਂ ਉਨ੍ਹਾਂ ਨੂੰ ਵੀ ਵਿਸ਼ੇਸ਼ ਤੌਰ ਤੇ ਵਿਚਾਰਿਆ ਜਾਵੇਗਾ।

# ਗੁਰਵਿੰਦਰ ਸਿੰਘ ਕਤਲ ਮਾਮਲੇ ਵਿੱਚ ਸ਼ਾਮਲ ਦੋ ਮੁਲਜ਼ਮ ਗ੍ਰਿਫ਼ਤਾਰ; ਅਪਰਾਧ ਵਿੱਚ ਵਰਤੇ ਗਏ ਵਾਹਨ ਬਰਾਮਦ

## ਤਕਨੀਕੀ ਜਾਣਕਾਰੀ ਦੇ ਆਧਾਰ 'ਤੇ ਦੋਸ਼ੀਆਂ ਨੂੰ ਕੀਤਾ ਗਿਆ ਗ੍ਰਿਫ਼ਤਾਰ

ਮਨਦੀਪ ਕੌਰ



ਚੰਡੀਗੜ੍ਹ/ਐਸਏਐਸ ਨਗਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚਲਾਈ ਜਾ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਤਹਿਤ ਐਸ.ਏ.ਐਸ. ਨਗਰ ਪੁਲਿਸ ਨੇ ਮੋਹਾਲੀ ਜ਼ਿਲ੍ਹਾ ਅਦਾਲਤ ਕੰਪਲੈਕਸ ਦੇ ਬਾਹਰ ਵਾਪਰੇ ਗੁਰਵਿੰਦਰ ਸਿੰਘ ਦੇ ਕਤਲ ਨਾਲ ਸਬੰਧਤ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਇਸ ਅਪਰਾਧ ਨੂੰ ਅੰਜਾਮ ਦੇਣ ਲਈ ਵਰਤੇ ਗਏ ਵਾਹਨ ਵੀ ਬਰਾਮਦ ਕੀਤੇ । ਇਹ ਜਾਣਕਾਰੀ ਸੀਨੀਅਰ ਪੁਲਿਸ ਸੁਪਰਡੈਂਟ (ਐਸ.ਐਸ.ਪੀ.) ਐਸ.ਏ.ਐਸ. ਨਗਰ ਹਰਮਨਦੀਪ ਹੰਸ ਨੇ ਅੱਜ ਇੱਥੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਬਲਤੇਜ ਸਿੰਘ ਉਰਫ਼ ਬੰਟੀ ਵਾਸੀ ਪਿੰਡ ਟਹਿਣਾ (ਫ਼ਰੀਦਕੋਟ) ਅਤੇ ਮੰਗਤ ਸਿੰਘ ਉਰਫ਼ ਮੈਕਸ ਵਾਸੀ ਜਲਾਲਾਬਾਦ (ਫਾਜ਼ਿਲਕਾ ) ,ਵਜੋਂ ਹੋਈ ਹੈ। ਬਰਾਮਦ ਕੀਤੀਆਂ ਗਏ ਵਾਹਨਾਂ ਵਿੱਚ ਕਾਲਾ ਬਜਾਜ ਪਲਸਰ ਮੋਟਰਸਾਈਕਲ (ਪੀ.ਬੀ.-22-ਡੀ-5444) ਅਤੇ ਚਿੱਟੀ ਹੌਂਡਾ ਅਮੇਜ਼ ਕਾਰ (ਯੂ.ਪੀ.-14-ਸੀਡੀ-6847) ਸ਼ਾਮਲ ਹਨ, ਦੋਵੇਂ ਹੀ ਅਪਰਾਧ ਵਿੱਚ ਵਰਤੀਆਂ ਗਈਆਂ ਸਨ। ਜਾਣਕਾਰੀ ਅਨੁਸਾਰ, ਪੀੜਤ ਗੁਰਵਿੰਦਰ ਸਿੰਘ ਨੂੰ 28 ਜਨਵਰੀ, 2026 ਨੂੰ ਜ਼ਿਲ੍ਹਾ ਅਦਾਲਤ ਕੰਪਲੈਕਸ, ਮੋਹਾਲੀ ਦੇ ਬਾਹਰ ਉਸਦੀ ਪਾਰਕ ਕੀਤੀ ਕਾਰ ਦੇ ਨੇੜੇ ਅਣਪਛਾਤੇ ਹਮਲਾਵਰਾਂ ਵੱਲੋਂ ਗੋਲੀ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ ਗਿਆ ਸੀ। ਉਸਦੀ ਪਤਨੀ, ਸ਼ਿਕਾਇਤਕਰਤਾ ਅਮਰਦੀਪ ਕੌਰ, ਨੇ ਵਿਦੇਸ਼ੀ ਗੈਂਗਸਟਰ ਸਤਿੰਦਰਜੀਤ ਸਿੰਘ ਉਰਫ਼ ਗੋਲਡੀ ਬਰਾੜ ਦੀ ਸ਼ਮੂਲੀਅਤ ਦਾ ਸ਼ੱਕ ਜਤਾਇਆ ਸੀ, ਜੋ ਕਥਿਤ ਤੌਰ 'ਤੇ ਉਸਦੇ ਪਤੀ ਨੂੰ ਧਮਕਾ ਰਿਹਾ ਸੀ। ਐਸ.ਐਸ.ਪੀ. ਹਰਮਨਦੀਪ ਹੰਸ ਨੇ ਕਿਹਾ ਕਿ ਜਾਂਚ ਦੌਰਾਨ ਸੀ.ਸੀ.ਟੀ.ਵੀ. ਵਿਸ਼ਲੇਸ਼ਣ ਤੋਂ ਪਤਾ ਲੱਗਾ ਹੈ ਕਿ ਦੋ ਮੁਲਜ਼ਮ ਇੱਕ ਕਾਲੇ ਪਲਸਰ ਮੋਟਰਸਾਈਕਲ 'ਤੇ ਆਏ, ਗੋਲੀਬਾਰੀ ਕੀਤੀ ਅਤੇ ਬਾਅਦ ਵਿੱਚ ਕੱਪੜੇ ਬਦਲ ਕੇ ਚਿੱਟੀ ਹੌਂਡਾ ਅਮੇਜ਼ ਕਾਰ ਵਿੱਚ ਫਰਾਰ ਹੋ ਗਏ। ਤਕਨੀਕੀ ਅਤੇ ਮਨੁੱਖੀ ਖੁਫ਼ੀਆ ਜਾਣਕਾਰੀ ਦੇ ਆਧਾਰ 'ਤੇ ਇਹ ਸਾਹਮਣੇ ਆਇਆ ਕਿ ਅਪਰਾਧ ਦੀ ਯੋਜਨਾ ਗੈਂਗਸਟਰ ਗੋਲਡੀ ਬਰਾੜ ਨੇ ਆਪਣੇ ਸਾਥੀਆਂ ਵਿੱਕੀ ਸਿੰਘ ਉਰਫ਼ ਵਿੱਕੀ ਸੱਤੇਵਾਲਾ ਅਤੇ ਰਵੀ ਕੁਮਾਰ ਉਰਫ਼ ਰਵੀ ਫ਼ਰੀਦਕੋਟੀਆ, ਜੋ ਇਸ ਸਮੇਂ ਵਿਦੇਸ਼ ਵਿੱਚ ਹਨ, ਦੀ ਮਦਦ ਨਾਲ ਬਣਾਈ ਸੀ। ਐਸਐਸਪੀ ਨੇ ਅੱਗੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੇ ਖੁਲਾਸੇ 'ਤੇ, ਪੁਲਿਸ ਨੇ ਅਪਰਾਧ ਵਿੱਚ ਵਰਤਿਆ ਕਾਲਾ ਬਜਾਜ ਪਲਸਰ ਮੋਟਰਸਾਈਕਲ ਅਤੇ ਚਿੱਟੀ ਹੌਂਡਾ ਅਮੇਜ਼ ਕਾਰ ਬਰਾਮਦ ਕੀਤੀ ਹੈ। ਉਨ੍ਹਾਂ ਕਿਹਾ ਕਿ ਸਾਜ਼ਿਸ਼ ਨੂੰ ਪੂਰੀ ਤਰ੍ਹਾਂ ਸੁਲਝਾਉਣ ਲਈ ਬਾਕੀ ਸਾਥੀਆਂ ਅਤੇ ਮਾਸਟਰਮਾਈਂਡਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਫੜਨ ਦੀਆਂ ਕੋਸ਼ਿਸ਼ਾਂ ਜਾਰੀ ਹਨ। ਇਸ ਸਬੰਧ ਵਿੱਚ ਬੀਐਨਐਸ ਦੀ ਧਾਰਾ 103(1), 109 ਅਤੇ 3(5) ਅਤੇ ਅਸਲਾ ਐਕਟ ਦੀ ਧਾਰਾ 25 ਦੇ ਤਹਿਤ ਐਫਆਈਆਰ ਨੰਬਰ 23 ਮਿਤੀ 28-01-2026 ਨੂੰ ਐਸਏਐਸ ਨਗਰ ਦੇ ਪੁਲਿਸ ਸਟੇਸ਼ਨ ਸੋਹਾਣਾ ਵਿਖੇ ਪਹਿਲਾਂ ਹੀ ਦਰਜ ਹੈ।

# ਪੰਜਾਬ ਸਰਕਾਰ ਵਪਾਰੀਆਂ ਦੇ ਮੁੱਦਿਆਂ ਦੇ ਹੱਲ ਲਈ ਤਿੰਨ-ਪੱਧਰੀ ਪੰਜਾਬ ਰਾਜ ਵਪਾਰੀ ਕਮਿਸ਼ਨ ਨੂੰ ਹੋਰ ਮਜ਼ਬੂਤ ਕਰੇਗੀ : ਹਰਪਾਲ ਸਿੰਘ ਚੀਮਾ

## 10 ਅਤੇ 11 ਫਰਵਰੀ ਨੂੰ ਵਪਾਰੀਆਂ ਦੀਆਂ ਸ਼ਿਕਾਇਤਾਂ ਦੇ ਹੱਲ ਲਈ ਕੈਂਪ ਲਗਾਏ ਜਾਣਗੇ

ਪੰਕਜ



ਚੰਡੀਗੜ੍ਹ, ਸੂਬੇ ਭਰ ਵਿੱਚ ਕਾਰੋਬਾਰ ਕਰਨ ਵਿੱਚ ਆਸਾਨੀ ਨੂੰ ਹੋਰ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਦੇ ਯਤਨਾਂ ਦੇ ਹਿੱਸੇ ਵਜੋਂ ਪੰਜਾਬ ਦੇ ਵਿੱਤ, ਯੋਜਨਾਬੰਦੀ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਪੰਜਾਬ ਰਾਜ ਵਪਾਰੀ ਕਮਿਸ਼ਨ (ਪੀਐਸਟੀਸੀ) ਦੀ ਇੱਕ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕੀਤੀ। ਪੰਜਾਬ ਭਵਨ ਵਿਖੇ ਹੋਈ ਇਹ ਮੀਟਿੰਗ ਵਪਾਰੀ ਭਾਈਚਾਰੇ ਨਾਲ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ, ਸ਼ਿਕਾਇਤ ਨਿਵਾਰਨ ਵਿਧੀਆਂ ਨੂੰ ਬਿਹਤਰ ਬਣਾਉਣ ਅਤੇ ਜ਼ਿਲ੍ਹਾ ਪੱਧਰ 'ਤੇ ਤਕਨੀਕੀ ਸਮਰੱਥਾ ਵਧਾਉਣ 'ਤੇ ਕੇਂਦ੍ਰਿਤ ਰਹੀ। ਪੀਐਸਟੀਸੀ ਦੇ ਚੇਅਰਮੈਨ ਵਜੋਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਹੋਏ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਾਡਾ ਉਦੇਸ਼ ਇੱਕ ਮਜ਼ਬੂਤ ਤਿੰਨ-ਪੱਧਰੀ ਪ੍ਰਣਾਲੀ ਸਥਾਪਤ ਕਰਨਾ ਹੈ ਜੋ ਵਪਾਰੀ ਭਾਈਚਾਰੇ ਨੂੰ ਸਿੱਧੇ ਤੌਰ 'ਤੇ ਪ੍ਰਸ਼ਾਸਨ ਨਾਲ ਜੋੜਦੀ ਹੈ, ਤਾਂ ਜੋ ਪੰਜਾਬ ਦੇ ਹਰ ਵਪਾਰੀ ਨੂੰ ਸਮੇਂ ਸਿਰ ਸਹਾਇਤਾ ਮਿਲ ਸਕੇ ਅਤੇ ਉਨ੍ਹਾਂ ਦੀਆਂ ਚਿੰਤਾਵਾਂ ਦਾ ਪਤਾ ਲਗਾ ਕੇ ਉਨ੍ਹਾਂ ਦਾ ਹੱਲ ਕੀਤਾ ਜਾ ਸਕੇ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਜ਼ਿਲ੍ਹਾ ਵਪਾਰ ਕਮੇਟੀ ਦੇ ਚੇਅਰਮੈਨਾਂ ਨੂੰ ਸਪੱਸ਼ਟ ਨਿਰਦੇਸ਼ ਦਿੱਤੇ ਕਿ ਉਹ ਆਪੋ-ਆਪਣੇ ਖੇਤਰਾਂ ਵਿੱਚ ਵਪਾਰੀਆਂ ਨਾਲ ਸਰਗਰਮੀ ਨਾਲ ਜੁੜਨ ਅਤੇ ਜ਼ਮੀਨੀ ਪੱਧਰ ਦੇ ਮੁੱਦਿਆਂ 'ਤੇ ਫੀਡਬੈਕ ਲੈਣ। ਉਨ੍ਹਾਂ ਨੇ ਸਥਾਨਕ ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ 10 ਅਤੇ 11 ਫਰਵਰੀ ਨੂੰ ਵਿਸ਼ੇਸ਼ ਜ਼ਿਲ੍ਹਾ ਪੱਧਰੀ ਕੈਂਪ ਲਗਾਉਣ ਦਾ ਐਲਾਨ ਵੀ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਜ਼ਿਲ੍ਹਾ ਵਪਾਰ ਕਮੇਟੀ ਦੇ ਚੇਅਰਮੈਨਾਂ ਨੂੰ ਵਪਾਰੀਆਂ ਤੱਕ ਸਰਗਰਮੀ ਨਾਲ ਪਹੁੰਚ ਕਰਨੀ ਚਾਹੀਦੀ ਹੈ ਅਤੇ ਉਨ੍ਹਾਂ ਦੇ ਮੁੱਦਿਆਂ ਨੂੰ ਸਮਝਣਾ ਚਾਹੀਦਾ ਹੈ। ਵਿੱਤ ਮੰਤਰੀ ਨੇ ਅੱਗੇ ਹਦਾਇਤ ਕੀਤੀ ਕਿ ਜ਼ਿਲ੍ਹਾ ਪੱਧਰ 'ਤੇ ਹੱਲ ਨਾਲ ਹੋਣ ਵਾਲੇ ਮੁੱਦਿਆਂ ਨੂੰ ਯੋਜਨਾਬੱਧ ਢੰਗ ਨਾਲ ਦਸਤਾਵੇਜ਼ੀ ਰੂਪ

### ਜ਼ਿਲ੍ਹਾ ਵਪਾਰ ਕਮੇਟੀਆਂ ਨੂੰ ਪੰਜਾਬ ਭਰ ਦੇ ਵਪਾਰੀਆਂ ਨਾਲ ਸਰਗਰਮੀ ਨਾਲ ਜੁੜਨ ਦੇ ਨਿਰਦੇਸ਼: ਹਰਪਾਲ ਸਿੰਘ ਚੀਮਾ, ਵਪਾਰ ਨਾਲ ਸਬੰਧਤ ਗੁੰਜਲਦਾਰ ਮੁੱਦੇ ਜਲਦ ਹੱਲ ਲਈ ਪੰਜਾਬ ਰਾਜ ਵਪਾਰੀ ਕਮਿਸ਼ਨ ਕੋਲ ਭੇਜੇ ਜਾਣ: ਹਰਪਾਲ ਸਿੰਘ ਚੀਮਾ

ਵਿੱਚ ਦਰਜ ਕੀਤਾ ਜਾਵੇ ਅਤੇ ਜਲਦ ਹੱਲ ਲਈ ਪੰਜਾਬ ਰਾਜ ਵਪਾਰੀ ਕਮਿਸ਼ਨ ਨੂੰ ਭੇਜਿਆ ਜਾਵੇ। ਉਨ੍ਹਾਂ ਅੱਗੇ ਕਿਹਾ ਕਿ ਰਾਜ ਪੱਧਰੀ ਕਾਰਵਾਈ ਦੀ ਲੋੜ ਵਾਲੇ ਗੁੰਝਲਦਾਰ ਮਾਮਲੇ ਜਾਂ ਫੀਡਬੈਕ ਨੂੰ ਸਹੀ ਢੰਗ ਨਾਲ ਸੂਚੀਬੱਧ ਕਰਕੇ ਕਮਿਸ਼ਨ ਨਾਲ ਸਾਂਝਾ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਪ੍ਰਭਾਵੀ ਅਤੇ ਸਮਾਂਬੱਧ ਹੱਲ ਯਕੀਨੀ ਬਣਾਏ ਜਾ ਸਕਣ। ਇਸ ਮੀਟਿੰਗ ਵਿੱਚ ਪੀਐਸਟੀਸੀ ਦੇ ਵਾਈਸ ਚੇਅਰਮੈਨ ਅਨਿਲ ਠਾਕੁਰ, ਵਿੱਤੀ ਕਮਿਸ਼ਨਰ ਕਰ ਅਜੀਤ ਬਾਲਾਜੀ ਜੋਸ਼ੀ ਅਤੇ ਕਰ ਕਮਿਸ਼ਨਰ ਜਤਿੰਦਰ ਜੋਰਵਾਲ ਸ਼ਾਮਲ ਹੋਏ। ਇਸ ਵਿਚਾਰ-ਵਟਾਂਦਰੇ ਦੌਰਾਨ ਵਪਾਰ ਕਮੇਟੀਆਂ ਦੇ ਤਕਨੀਕੀ ਸਸ਼ਕਤੀਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਵਿੱਤੀ ਕਮਿਸ਼ਨਰ ਕਰ ਅਜੀਤ ਬਾਲਾਜੀ ਜੋਸ਼ੀ ਅਤੇ ਕਰ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਜੀਐਸਟੀ ਫਾਈਲ ਕਰਨ ਨਾਲ ਸਬੰਧਤ ਮੁੱਖ ਤਕਨੀਕੀ ਪਹਿਲੂਆਂ ਬਾਰੇ ਵਿਸਥਾਰਤ ਜਾਣਕਾਰੀ ਦਿੱਤੀ, ਜਿਸਦਾ ਉਦੇਸ਼ ਜ਼ਿਲ੍ਹਾ ਕਮੇਟੀ ਮੈਂਬਰਾਂ ਨੂੰ ਰੈਗੂਲੇਟਰੀ ਜ਼ਰੂਰਤਾਂ ਦੀ ਪਾਲਣਾ ਕਰਨ ਵਿੱਚ ਵਪਾਰੀਆਂ ਦੀ ਸਹਾਇਤਾ ਲਈ ਜ਼ਰੂਰੀ ਜਾਣਕਾਰੀ ਨਾਲ ਲੈਸ ਕਰਨਾ ਹੈ। ਇਸ ਪਹਿਲਕਦਮੀ ਦੇ ਪਿੱਛੇ ਵਿਆਪਕ ਦ੍ਰਿਸ਼ਟੀਕੋਣ ਨੂੰ ਦੁਹਰਾਉਂਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਤਿੰਨ-ਪੱਧਰੀ ਪ੍ਰਣਾਲੀ ਪੰਜਾਬ ਵਿੱਚ ਵਪਾਰ ਲਈ ਇੱਕ ਸਹਿਜ ਅਤੇ ਜਵਾਬਦੇਹ ਵਾਤਾਵਰਣ ਸਿਰਜਣ ਲਈ ਤਿਆਰ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਪ੍ਰਣਾਲੀ ਦਾ ਮੁੱਖ ਉਦੇਸ਼ ਹਰੇਕ ਵਪਾਰੀ ਦੀ ਮੁਸ਼ਕਿਲ ਸੁਣਨਾ ਅਤੇ ਉਸ 'ਤੇ ਸਮੇਂ ਸਿਰ ਕਾਰਵਾਈ ਕਰਨਾ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜ਼ਿਲ੍ਹਾ ਪੱਧਰੀ ਪਹੁੰਚ ਅਤੇ ਰਾਜ ਪੱਧਰ 'ਤੇ ਮਜ਼ਬੂਤ ਨੀਤੀ ਰਾਹੀਂ ਇੱਕ ਪਾਰਦਰਸ਼ੀ ਅਤੇ ਕਾਰੋਬਾਰ-ਪੱਖੀ ਮਾਹੌਲ ਸਿਰਜਣ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ।

# ਸੰਤ ਸਮਾਜ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਪੁਰਬ ਮੌਕੇ ਸ਼ਾਨਦਾਰ ਪ੍ਰਬੰਧਾਂ ਲਈ ਭਗਵੰਤ ਸਿੰਘ ਮਾਨ ਸਰਕਾਰ ਦੀ ਸ਼ਲਾਘਾ

## ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਾਨ ਵਿਰਾਸਤ ਨੂੰ ਕਾਇਮ ਰੱਖਣ ਲਈ ਭਗਵੰਤ ਸਿੰਘ ਮਾਨ ਵਚਨਬੱਧ-ਹਰਪਾਲ ਸਿੰਘ ਚੀਮਾ

ਕੈਪਟਨ ਸੁਭਾਸ਼ ਚੰਦਰ ਸ਼ਰਮਾ



ਖੁਰਾਲਗੜ੍ਹ, ਸੰਤ ਸਮਾਜ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਪੁਰਬ ਨੂੰ ਵਿਆਪਕ ਪੱਧਰ 'ਤੇ ਸ਼ਰਧਾ ਤੇ ਸਤਿਕਾਰ ਨਾਲ ਮਨਾਉਣ ਲਈ ਕੀਤੇ ਗਏ ਪੁਖ਼ਤਾ ਪ੍ਰਬੰਧਾਂ ਤੋਂ ਪ੍ਰਭਾਵਿਤ ਹੁੰਦਿਆਂ ਇਸ ਨੇਕ ਕਾਰਜ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸ਼ਲਾਘਾ ਕੀਤੀ। ਸ੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਰਾਜ ਪੱਧਰੀ ਸਮਾਗਮ ਦੌਰਾਨ ਸੰਗਤਾਂ ਨੂੰ ਸੰਬੋਧਨ ਕਰਦਿਆਂ ਸੰਤ ਨਿਰਮਲ ਦਾਸ ਜੀ ਜੌੜੇ ਵਾਲੇ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਸਾਧੂ ਸੰਪਰਦਾ ਸੁਸਾਇਟੀ, ਪੰਜਾਬ ਸਰਕਾਰ ਖਾਸ ਕਰਕੇ ਮੁੱਖ ਮੰਤਰੀ ਨੂੰ ਵਿਆਪਕ ਪ੍ਰਬੰਧ ਕਰਨ ਲਈ ਵਧਾਈ ਦਿੰਦੀ ਹੈ। ਉਨ੍ਹਾਂ ਨੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਗਏ ਸਮਾਗਮਾਂ ਲਈ ਸਮੁੱਚੇ ਸੰਤ ਸਮਾਜ ਵੱਲੋਂ ਮੁੱਖ ਮੰਤਰੀ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਗੁਰੂ ਜੀ ਨੇ ਖੁਰਾਲਗੜ੍ਹ ਵਿਖੇ ਚਾਰ ਸਾਲ ਤੋਂ ਵੱਧ ਸਮਾਂ ਭਗਤੀ ਕਰਕੇ ਇਸ ਅਸਥਾਨ ਨੂੰ ਭਾਗ ਲਾਏ। ਉਨ੍ਹਾਂ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਪੰਜਾਬ ਸਰਕਾਰ ਅੱਜ ਇਸ ਧਰਤੀ 'ਤੇ 649ਵਾਂ ਪ੍ਰਕਾਸ਼ ਪੁਰਬ ਪੂਰੀ ਸ਼ਰਧਾ ਤੇ ਸਤਿਕਾਰ ਨਾਲ ਮਨਾ ਰਹੀ ਹੈ। ਡੇਰਾ ਬੱਲਾਂ ਤੋਂ ਸੰਤ ਪ੍ਰਦੀਪ ਦਾਸ ਜੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਇਤਿਹਾਸਕ ਦਿਨ ਹੈ ਕਿਉਂਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਦੇ ਮੌਕੇ ਮੁੱਖ ਮੰਤਰੀ ਸਮੁੱਚੀ ਕੈਬਨਿਟ ਅਤੇ ਸੰਸਦ ਮੈਂਬਰਾਂ ਨਾਲ ਸ਼ਰਧਾ ਅਤੇ ਸਤਿਕਾਰ ਭੇਟ ਕਰਨ ਲਈ ਖੁਰਾਲਗੜ੍ਹ ਪਹੁੰਚੇ ਹਨ। ਉਨ੍ਹਾਂ ਕਿਹਾ ਕਿ ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਪੰਜਾਬ ਸਰਕਾਰ ਨੇ ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਕੇਂਦਰ ਸਥਾਪਤ ਕਰਨ ਲਈ ਡੇਰਾ ਬੱਲਾਂ ਨੇੜੇ 10 ਏਕੜ ਜ਼ਮੀਨ ਪ੍ਰਦਾਨ ਕੀਤੀ ਹੈ, ਜਿਸ ਲਈ ਉਹ ਸਰਕਾਰ ਦੇ ਧੰਨਵਾਦੀ ਹਨ। ਉਨ੍ਹਾਂ ਨੇ ਇਨ੍ਹਾਂ ਉਪਰਾਲਿਆਂ ਲਈ ਪੰਜਾਬ ਸਰਕਾਰ ਦੀ ਸ਼ਲਾਘਾ ਕੀਤੀ ਜੋ ਸ੍ਰੀ ਗੁਰੂ ਰਵਿਦਾਸ ਜੀ ਦੀ ਸ਼ਾਨਦਾਰ ਵਿਰਾਸਤ ਨੂੰ ਕਾਇਮ ਰੱਖਣ ਵਿੱਚ ਬਹੁਤ ਸਹਾਈ ਹੋਣਗੇ। ਇਸ ਦੌਰਾਨ ਆਪਣੇ ਸੰਬੋਧਨ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਆਉਣ ਵਾਲੇ 650ਵੇਂ ਪ੍ਰਕਾਸ਼ ਪੁਰਬ ਨੂੰ ਧਾਰਮਿਕ ਉਤਸ਼ਾਹ ਨਾਲ ਮਨਾਉਣ ਲਈ ਸਾਲ ਭਰ ਚੱਲਣ ਵਾਲੇ ਲੜੀਵਾਰ ਸਮਾਗਮਾਂ ਦੀ ਰੂਪ-ਰੇਖਾ ਉਲੀਕੀ ਹੈ, ਜੋ ਅੱਜ ਸ਼ੁਰੂ ਹੋਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਗਮਾਂ ਦੇ ਹਿੱਸੇ ਵਜੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਮਹਾਨ ਸਿੱਖਿਆਵਾਂ ਨੂੰ ਦੇਸ਼-ਦੁਨੀਆ ਦੇ ਹਰ ਕੋਨੇ ਵਿੱਚ ਪਹੁੰਚਾਇਆ ਜਾਵੇਗਾ। ਹਰਪਾਲ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਨੇ ਇਨ੍ਹਾਂ ਸਮਾਗਮਾਂ ਲਈ ਕੈਬਨਿਟ ਸਬ-ਕਮੇਟੀ ਬਣਾਈ ਹੈ, ਜਿਸ ਦੀ ਅਗਵਾਈ ਉਨ੍ਹਾਂ ਨੂੰ ਸੌਂਪੀ ਗਈ ਅਤੇ ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਵੀ ਸੰਗਤ ਦਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੀ ਸ਼ਾਨਦਾਰ ਵਿਰਾਸਤ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਲਈ ਵਚਨਬੱਧ ਹੈ। ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕਿਸ਼ਨ ਰੋੜੀ ਨੇ ਸ੍ਰੀ ਖੁਰਾਲਗੜ੍ਹ ਸਾਹਿਬ ਦੀ ਪਵਿੱਤਰ ਧਰਤੀ ਤੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਪੁਰਬ ਦੇ ਮੌਕੇ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਸ਼ੁਰੂਆਤ ਕਰਨ ਲਈ ਮੁੱਖ ਮੰਤਰੀ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਪਵਿੱਤਰ ਅਸਥਾਨ ਉਨ੍ਹਾਂ ਦੇ ਵਿਧਾਨ ਸਭਾ ਹਲਕੇ ਗੜ੍ਹਸ਼ੰਕਰ ਵਿੱਚ ਸਥਿਤ ਹੈ। ਇਸ ਤੋਂ ਪਹਿਲਾਂ ਮੁੱਖ ਮੰਤਰੀ ਅਤੇ ਸਮੁੱਚੀ ਕੈਬਨਿਟ ਨੇ ਸੰਗਤੀ ਰੂਪ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਮੁੱਖ ਮੰਤਰੀ ਅਤੇ ਕੈਬਨਿਟ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਤਪ ਅਸਥਾਨ 'ਤੇ ਵੀ ਮੱਥਾ ਟੇਕਿਆ।

